ਮੰਗਲਵਾਰ, 17 ਨਵੰਬਰ, 2026
2 ਮੱਘਰ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 167

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • TUESDAY, 17 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਜਾਬਰ ਹਾਕਮ ਇਤਿਹਾਸ ਦੇ ਪੰਨਿਆਂ 'ਚ ਗੁਆਚ ਜਾਂਦੇ ਹਨ : ਭਗਵੰਤ ਮਾਨ



ਸਰਾਭਾ/ਰਾਏਕੋਟ (ਸੰਤੋਖ ਗਿੱਲ/ਰੈਕਟਰ ਕਥੂਰੀਆ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 111ਵੇਂ 'ਸ਼ਹੀਦੀ ਦਿਵਸ' ਮੌਕੇ ਉਨ੍ਹਾ ਦੇ ਜੱਦੀ ਪਿੰਡ ਵਿਖੇ ਪਹੁੰਚ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਉਨ੍ਹਾ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਫਾਂਸੀ ਦੇ ਰੱਸੇ ਨੂੰ ਚੁੰਮਣ ਵਾਲੇ ਇਸ 19 ਸਾਲਾ ਇਨਕਲਾਬੀ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਨਿਆਂ, ਬਰਾਬਰੀ, ਮਾਨਵਤਾ ਅਤੇ ਤਰੱਕੀ 'ਤੇ ਆਧਾਰਿਤ ਸਮਾਜ ਦੀ ਸਿਰਜਣਾ ਕਰੀਏ। ਸ਼ਹੀਦਾਂ ਦੇ ਸਤਿਕਾਰ ਅਤੇ ਨਵੀਂ ਪੀੜ੍ਹੀ ਨੂੰ ਪੰਜਾਬ ਦੀ ਸ਼ਾਨਦਾਰ ਵਿਰਾਸਤ ਨਾਲ ਜੋੜਨ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਦੀ ਸਰਕਾਰ ਇੱਕ ਅਜਿਹਾ ਅਗਾਂਹਵਧੂ ਪੰਜਾਬ ਸਿਰਜਣ ਲਈ ਕੰਮ ਕਰ ਰਹੀ ਹੈ, ਜਿਸ ਦਾ ਸੁਪਨਾ ਸ਼ਹੀਦਾਂ ਨੇ ਦੇਖਿਆ ਸੀ। ਮਾਨ ਨੇ ਪਿੰਡ ਨੂੰ ਇੱਕ ਨਵਾਂ 'ਆਮ ਆਦਮੀ ਕਲੀਨਿਕ' ਸਮਰਪਤ ਕੀਤਾ ਅਤੇ ਪਿੰਡ ਦੇ ਸਪੋਰਟਸ ਕਲੱਬ ਨੂੰ 51 ਲੱਖ ਰੁਪਏ ਦੀ ਗ੍ਰਾਂਟ ਸੌਂਪੀ।

ਉਨ੍ਹਾ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਰਲ-ਮਿਲ ਕੇ ਸ਼ਹੀਦਾਂ ਦੇ ਸੁਪਨਿਆਂ ਦਾ 'ਰੰਗਲਾ ਪੰਜਾਬ' ਸਿਰਜਣ। ਮਾਨ ਨੇ ਕਿਹਾ, 'ਤਾਕਤਵਰ ਹਾਕਮ ਅਤੇ ਸਾਮਰਾਜ ਅੰਤ ਵਿੱਚ ਇਤਿਹਾਸ ਦੇ ਪੰਨਿਆਂ ਵਿੱਚ ਗੁਆਚ ਜਾਂਦੇ ਹਨ, ਪਰ ਜੋ ਲੋਕ ਸੱਚਾਈ ਅਤੇ ਮਨੁੱਖਤਾ ਲਈ ਆਪਣਾ ਸਭ ਕੁਝ ਕੁਰਬਾਨ ਕਰ ਦਿੰਦੇ ਹਨ, ਉਹ ਲੋਕਾਂ ਦੇ ਦਿਲਾਂ ਵਿੱਚ ਹਮੇਸ਼ਾ ਜ਼ਿੰਦਾ ਰਹਿੰਦੇ ਹਨ। ਸਾਡੀ ਸਰਕਾਰ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ 'ਤੇ ਛੁੱਟੀ ਦਾ ਐਲਾਨ ਕੀਤਾ ਹੈ, ਤਾਂ ਜੋ ਬੱਚੇ, ਵਿਦਿਆਰਥੀ ਅਤੇ ਹਰ ਵਰਗ ਦੇ ਲੋਕ ਧਰਤੀ ਦੇ ਇਸ ਮਹਾਨ ਸਪੂਤ ਬਾਰੇ ਜਾਣ ਸਕਣ ਅਤੇ ਉਨ੍ਹਾ ਨੂੰ ਸ਼ਰਧਾਂਜਲੀ ਭੇਟ ਕਰ ਸਕਣ।'

ਸਿਲੇਬਸ 'ਚ ਸ਼ਹੀਦਾਂ ਬਾਰੇ ਭਰਪੂਰ ਜਾਣਕਾਰੀ ਦਿੱਤੀ ਜਾਏ : ਸੀ ਪੀ ਆਈ



ਲੁਧਿਆਣਾ (ਐੱਮ ਐੱਸ ਭਾਟੀਆ, ਰੈਕਟਰ ਕਥੂਰੀਆ)

ਸ਼ਹੀਦ ਕਰਤਾਰ ਸਿੰਘ ਸਰਾਭਾ, ਜਿਨ੍ਹਾ ਜਵਾਨੀ ਦੀ ਪਹਿਲੀ ਪੌੜੀ 'ਤੇ ਹਾਲੇ ਕਦਮ ਰੱਖਿਆ ਹੀ ਸੀ ਕਿ ਆਜ਼ਾਦੀ ਸੰਘਰਸ਼ ਵਿੱਚ ਯੋਗਦਾਨ ਪਾਉਂਦੇ ਹੋਏ ਆਪਣੇ ਜੀਵਨ ਦਾ ਬਲੀਦਾਨ ਦਿੱਤਾ, ਨੂੰ ਯਾਦ ਕਰਨ ਲਈ ਸੋਮਵਾਰ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਵੱਲੋਂ ਪਿੰਡ ਸਰਾਭਾ ਅਤੇ ਭਾਈ ਬਾਲਾ ਚੌਕ ਲੁਧਿਆਣਾ ਵਿਖੇ ਉਹਨਾ ਦੇ ਬੁੱਤਾਂ 'ਤੇ ਹਾਰ ਪਾ ਕੇ ਸ਼ਰਧਾਂਜਲੀ ਦਿੱਤੀ ਗਈ। ਪਹਿਲਾਂ ਪਾਰਟੀ ਦੇ ਆਗੂ ਭਾਈ ਬਾਲਾ ਚੌਕ ਲੁਧਿਆਣਾ ਵਿਖੇ ਇਕੱਤਰ ਹੋਏ, ਉਹਨਾ ਦੇ ਬੁੱਤ 'ਤੇ ਹਾਰ ਪਾਏ ਤੇ ਉਪਰੰਤ ਵੱਡੀ ਗਿਣਤੀ ਵਿੱਚ ਵੱਖ-ਵੱਖ ਥਾਵਾਂ ਤੋਂ ਆਏ ਸਾਥੀਆਂ ਨੇ ਉਹਨਾ ਦੇ ਪਿੰਡ ਸਰਾਭਾ ਵਿਖੇ ਉਹਨਾ ਦੇ ਬੁੱਤ ਤੇ ਹਾਰ ਪਾ ਕੇ ਉਹਨਾ ਨੂੰ ਸ਼ਰਧਾਂਜਲੀ ਦਿੱਤੀ।

ਇਸ ਮੌਕੇ ਬੋਲਦਿਆਂ ਜ਼ਿਲ੍ਹਾ ਸਕੱਤਰ ਡੀ ਪੀ ਮੌੜ ਨੇ ਕਿਹਾ ਕਿ ਕਰਤਾਰ ਸਿੰਘ ਨੇ ਭਰ ਜਵਾਨੀ ਵਿਚ ਆਪਣੇ ਜੀਵਨ ਦਾ ਬਲੀਦਾਨ ਦਿੱਤਾ ਅਤੇ ਦੇਸ਼ ਦੇ ਨੌਜਵਾਨਾਂ ਨੂੰ ਆਜ਼ਾਦੀ ਦੇ ਮਸਤਾਨੇ ਬਣ ਕੇ ਅੰਗਰੇਜ਼ੀ ਸਾਮਰਾਜ ਦੇ ਵਿਰੁੱਧ ਸੰਘਰਸ਼ ਕਰਨ ਦਾ ਰਾਹ ਦਿਖਾਇਆ। ਗਦਰ ਲਹਿਰ ਤੋਂ ਸੇਧ ਪ੍ਰਾਪਤ ਕਰਕੇ ਕੈਨੇਡਾ ਤੋਂ ਭਾਰਤ ਵਾਪਸ ਆ ਕੇ ਉਹਨਾ ਬਰਤਾਨਵੀ ਸਰਕਾਰ ਦੇ ਵਿਰੁੱਧ ਲੋਕਾਂ ਨੂੰ ਲਾਮਬੰਦ ਕਰਨ ਦਾ ਬੀੜਾ ਚੁੱਕਿਆ, ਪਰ ਬਰਤਾਨਵੀ ਸਰਕਾਰ ਨੇ ਉਹਨਾਂ ਨੂੰ ਗ੍ਰਿਫਤਾਰ ਕਰਕੇ ਬਿਨਾਂ ਕਿਸੇ ਉਮਰ ਬਾਰੇ ਸੋਚਦੇ ਹੋਏ 16 ਨਵੰਬਰ 1915 ਨੂੰ ਫਾਂਸੀ ਦੇ ਦਿੱਤੀ। ਉਹਨਾ ਦਾ ਮੁੱਖ ਮੰਤਵ ਅੰਗਰੇਜ਼ੀ ਸਾਮਰਾਜ ਨੂੰ ਕੱਢ ਕੇ ਇੱਕ • ਬਾਕੀ ਸਫਾ 2 'ਤੇ

ਸਰਾਭਾ ਦੀ ਸੋਚ ਨਾਲ ਜੁੜਨ ਦਾ ਜੁਆਨੀ ਨੂੰ ਦਿੱਤਾ ਸੱਦਾ



ਜਲੰਧਰ (ਕੇਸਰ)

ਬਹੁ-ਗੁਣਵੰਤੀ ਸ਼ਖਸੀਅਤ, ਗ਼ਦਰ ਲਹਿਰ ਦੇ ਬਾਲ-ਜਰਨੈਲ ਅਤੇ ਚੌਮੁਖੀਆ ਚਿਰਾਗ਼ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸਰਾਭਾ ਦੀ ਨਿੱਕੜੀ ਉਮਰ ਦੀ ਲਾਸਾਨੀ ਕੁਰਬਾਨੀ ਅਤੇ ਅਮਿੱਟ ਘਾਲਣਾ ਤੋਂ ਰੌਸ਼ਨੀ ਲੈ ਕੇ ਸਾਡੇ ਸਮਿਆਂ ਅੰਦਰ ਸਾਮਰਾਜੀ ਅਤੇ ਦੇਸੀ ਲੁੱਟ, ਦਾਬੇ, ਅਨਿਆਂ ਅਤੇ ਫ਼ਿਰਕੂ ਫਾਸ਼ੀ ਹੱਲੇ ਖ਼ਿਲਾਫ਼ ਜਨ-ਆਧਾਰ ਵਾਲੀ ਜ਼ਬਰਦਸਤ ਜਨਤਕ ਲਹਿਰ ਖੜ੍ਹੀ ਕਰਨ ਵਾਲੀ ਨੌਜਵਾਨ ਪੀੜ੍ਹੀ ਨੂੰ ਦੇਸ-ਬਦੇਸ਼ ਧੱਕੇ ਖਾਣ ਦੀ ਬਜਾਏ ਸ਼ਹੀਦ ਸਰਾਭਾ ਵਰਗਿਆਂ ਦੇ ਸੁਪਨੇ ਸਾਕਾਰ ਕਰਨ ਲਈ ਚਿੰਤਨ ਅਤੇ ਸੰਗਰਾਮ ਦੇ ਪਿੜ੍ਹ ਮੱਲਣ ਦਾ ਸੱਦਾ ਦਿੱਤਾ ਹੈ।ਸੋਮਵਾਰ ਦੀ ਵਿਚਾਰ-ਚਰਚਾ ਮਿਲਣੀ 'ਚ ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸਹਾਇਕ ਸਕੱਤਰ ਪ੍ਰੋ. ਗੋਪਾਲ ਸਿੰਘ ਬੁੱਟਰ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ, ਇਤਿਹਾਸ ਕਮੇਟੀ ਦੇ ਕਨਵੀਨਰ ਚਰੰਜੀ ਲਾਲ ਕੰਗਣੀਵਾਲ, ਲਾਇਬ੍ਰੇਰੀ ਕਮੇਟੀ ਦੇ ਕਨਵੀਨਰ ਹਰਵਿੰਦਰ ਭੰਡਾਲ, ਮਿਊਜ਼ੀਅਮ ਕਮੇਟੀ ਦੇ ਕਨਵੀਨਰ ਸੁਰਿੰਦਰ ਕੁਮਾਰੀ ਕੋਛੜ, ਕਮੇਟੀ ਮੈਂਬਰ ਮੰਗਤ ਰਾਮ ਪਾਸਲਾ, ਪ੍ਰਗਟ ਸਿੰਘ ਜਾਮਾਰਾਏ, ਪ੍ਰੋ. ਤੇਜਿੰਦਰ ਵਿਰਲੀ ਅਤੇ ਡਾ. ਸੈਲੇਸ਼ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਨਸ਼ਿਆਂ, ਖਪਤ ਸੱਭਿਆਚਾਰ, ਗੈਂਗਵਾਰ ਅਤੇ ਪਰਵਾਸ ਵਰਗੇ ਚੱਕਰਵਿਊ 'ਚ ਘਿਰੀ ਚੜ੍ਹਦੀ ਜੁਆਨੀ ਨੂੰ ਆਪਣੇ ਗੌਰਵਸ਼ਾਲੀ ਇਤਿਹਾਸ ਦੇ ਸਿਰਜਕ ਸ਼ਹੀਦ ਕਰਤਾਰ ਸਿੰਘ ਸਰਾਭਾ ਵਰਗਿਆਂ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ, ਜੋ 16 ਸਾਲ ਦੀ ਉਮਰ 'ਚ ਅਮਰੀਕਾ ਦੀ ਧਰਤੀ 'ਤੇ ਗ਼ਦਰ ਲਹਿਰ 'ਚ ਸ਼ਾਮਲ ਹੋਣ, 17 ਸਾਲ ਦੀ ਉਮਰੇ 'ਗ਼ਦਰ' ਅਖ਼ਬਾਰ ਦਾ ਸਹਾਇਕ ਸੰਪਾਦਕ ਬਣਨ ਅਤੇ ਆਜ਼ਾਦੀ ਦੀ ਲਹਿਰ 'ਚ ਕੁੱਦਣ ਲਈ ਆਪਣੇ ਦੇਸ਼ ਆ ਕੇ 19 ਵਰ੍ਹਿਆਂ ਦੀ ਉਮਰ ' ਚ 16 • ਬਾਕੀ ਸਫਾ 2 'ਤੇ

ਲਾਂਘਾ ਖੁੱਲ੍ਹਵਾਉਣ ਲਈ ਮਾਨ ਦੀ ਮੋਦੀ ਨੂੰ ਅਪੀਲ

ਚੰਡੀਗੜ੍ਹ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਮੁੱਖ ਰੱਖਦਿਆਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਿਆ ਜਾਵੇ, ਤਾਂ ਜੋ ਸ਼ਰਧਾਲੂ ਗੁਰਧਾਮ ਦੇ ਦਰਸ਼ਨ ਕਰ ਸਕਣ। ਮੁੱਖ ਮੰਤਰੀ ਨੇ ਕਿਹਾ ਕਿ ਸਮੁੱਚੀ ਨਾਨਕ ਨਾਮ ਲੇਵਾ ਸੰਗਤ ਹਰ ਰੋਜ਼ ਅਰਦਾਸ ਕਰਦੀ ਹੈ ਕਿ ਉਨ੍ਹਾਂ ਨੂੰ ਵਿਛੜੇ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ-ਦੀਦਾਰ ਬਖ਼ਸ਼ੇ ਜਾਣ। ਉਨ੍ਹਾ ਯਾਦ ਦਿਵਾਇਆ ਕਿ ਸੰਗਤਾਂ ਦੀ ਇਸੇ ਡੂੰਘੀ ਆਸ ਅਤੇ ਭਾਵਨਾ ਨੂੰ ਮੁੱਖ ਰੱਖਦਿਆਂ ਪੰਜਾਬ ਵਿਧਾਨ ਸਭਾ ਵਿੱਚ ਵੀ ਇਸ ਸੰਬੰਧੀ ਇੱਕ ਮਤਾ ਪਾਸ ਕੀਤਾ ਗਿਆ ਸੀ। ਮਾਨ ਨੇ ਆਸ ਪ੍ਰਗਟਾਈ ਕਿ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਕੇਂਦਰ ਸਰਕਾਰ ਵੱਲੋਂ ਜਲਦ ਹੀ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਣ ਦਾ ਫੈਸਲਾ ਲਿਆ ਜਾਵੇਗਾ।

ਕਰੋੜਾਂ ਖਰਚਣ ਦੇ ਬਾਵਜੂਦ ਯਮੁਨਾ ਹੋਰ ਮੈਲੀ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਕਿਹਾ ਹੈ ਕਿ ਸਫਾਈ 'ਤੇ ਕਰੋੜਾਂ ਰੁਪਏ ਖਰਚਣ ਦੇ ਬਾਵਜੂਦ ਯਮੁਨਾ ਨਦੀ ਦਾ ਪ੍ਰਦੂਸ਼ਣ ਘਟਣ ਦੀ ਬਜਾਏ ਸਿਰਫ ਵਧਿਆ ਹੀ ਹੈ। ਇਸ ਦੇ ਨਾਲ ਹੀ ਅਦਾਲਤ ਨੇ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਉਨ੍ਹਾਂ ਸਾਰੇ ਐਂਟਰੀ ਅਤੇ ਐਗਜ਼ਿਟ ਪੁਆਇੰਟਾਂ (ਦਾਖਲ ਹੋਣ ਤੇ ਬਾਹਰ ਨਿਕਲਣ ਵਾਲੀਆਂ ਥਾਵਾਂ) 'ਤੇ ਪਾਣੀ ਦੀ ਗੁਣਵੱਤਾ ਦੀ ਨਿਗਰਾਨੀ ਕਰੇ, ਜਿੱਥੋਂ ਯਮੁਨਾ ਅਤੇ ਇਸ ਦੇ ਮੁੱਖ ਨਾਲੇ ਵੱਖ-ਵੱਖ ਰਾਜਾਂ, ਕੇਂਦਰ ਸ਼ਾਸਤ ਪ੍ਰਦੇਸ਼ਾਂ ਅਤੇ ਜ਼ਿਲ੍ਹਿਆਂ ਵਿੱਚੋਂ ਲੰਘਦੇ ਹਨ। ਜਸਟਿਸ ਮਨੋਜ ਮਿਸ਼ਰਾ ਅਤੇ ਜਸਟਿਸ ਮਨਮੋਹਨ ਦੀ ਬੈਂਚ ਨੇ ਟਿੱਪਣੀ ਕੀਤੀ ਕਿ ਉਦਯੋਗਿਕ ਪ੍ਰਦੂਸ਼ਕਾਂ ਅਤੇ ਅਣਸੋਧੇ ਸੀਵਰੇਜ ਨੂੰ ਸਰੋਤ 'ਤੇ ਹੀ ਰੋਕਿਆ ਜਾਣਾ ਚਾਹੀਦਾ ਹੈ ਅਤੇ ਨਦੀ ਨੂੰ ਸਾਫ ਕਰਨ ਲਈ ਸਿਰਫ ਹੋਰ ਸੀਵਰੇਜ ਟ੍ਰੀਟਮੈਂਟ ਪਲਾਂਟ ਬਣਾਉਣਾ ਕਾਫੀ ਨਹੀਂ।

ਮੰਡੀਆਂ 'ਚ ਪਏ ਝੋਨੇ ਦੀ ਤੁਰੰਤ ਖਰੀਦ ਕੀਤੀ ਜਾਵੇ : ਧਾਲੀਵਾਲ



ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪਿਛਲੇ ਦਿਨਾਂ ਵਿਚ ਵਾਰ-ਵਾਰ ਦਿੱਤੇ ਜਾ ਰਹੇ ਬਿਆਨਾਂ ਕਿ ਭਾਵੇਂ ਪੰਜਾਬ ਸਰਕਾਰ ਨੇ ਮਿੱਥੇ ਟੀਚੇ ਜਿੰਨਾ ਝੋਨਾ ਖਰੀਦ ਕਰ ਲਿਆ ਹੈ, ਪਰ ਰਹਿੰਦੇ ਝੋਨੇ ਦਾ ਵੀ ਦਾਣਾ-ਦਾਣਾ ਚੁੱਕਿਆ ਜਾਵੇਗਾ, ਨੂੰ ਜ਼ਮੀਨੀ ਹਕੀਕਤ ਦੇ ਉਲਟ ਦੱਸਦਿਆਂ ਕਿਹਾ ਕਿ ਮੁੱਖ ਮੰਤਰੀ ਨੇ ਆਪਣੇ ਦਿੱਤੇ ਬਿਆਨਾਂ ਦੀ ਆਪ ਹੀ ਕੋਈ ਅਹਿਮੀਅਤ ਨਹੀਂ ਸਮਝੀ, ਕਿਉਂਕਿ ਪੰਜਾਬ ਸਰਕਾਰ ਨੇ ਮੰਡੀਆਂ ਵੀ ਬੰਦ ਕਰ ਦਿੱਤੀਆਂ ਹਨ ਅਤੇ ਖਰੀਦ ਵੀ ਬੰਦ ਕਰ ਦਿੱਤੀ ਹੈ। ਜਦ ਕਿ ਅਜੇ ਵੀ ਬਹੁਤ ਸਾਰੇ ਜ਼ਿਲ੍ਹਿਆਂ ਦੀਆਂ ਮੰਡੀਆਂ ਵਿਚ ਝੋਨੇ ਦੇ ਅੰਬਾਰ ਲੱਗੇ ਪਏ ਹਨ। ਫਿਰੋਜ਼ਪੁਰ, ਮਾਨਸਾ, ਸੰਗਰੂਰ, ਮੋਗਾ, ਫਾਜ਼ਿਲਕਾ, ਬਰਨਾਲਾ ਆਦਿ ਜ਼ਿਲ੍ਹਿਆਂ ਦੀਆਂ ਮੰਡੀਆਂ ਵਿਚ ਵੱਡੀ ਮਾਤਰਾ ਵਿਚ ਝੋਨਾ ਪਿਆ ਹੋਣ ਦੇ ਬਾਵਜੂਦ ਕੋਈ ਖਰੀਦ ਨਹੀਂ ਹੋ ਰਹੀ।

ਕਿਸਾਨ ਪਰੇਸ਼ਾਨੀਆਂ ਦਾ ਸਾਹਮਣਾ ਕਰ ਰਹੇ ਹਨ, ਪਰ ਕੋਈ ਅਧਿਕਾਰੀ ਗੱਲ ਸੁਣਨ ਨੂੰ ਤਿਆਰ ਨਹੀਂ। ਭਾਰਤੀ ਕਮਿਊਨਿਸਟ ਪਾਰਟੀ ਦੀ ਪੰਜਾਬ ਸਟੇਟ ਕਮੇਟੀ ਪੰਜਾਬ ਸਰਕਾਰ ਤੋਂ ਮੰਗ ਕਰਦੀ ਹੈ ਕਿ ਮੰਡੀਆਂ ਵਿਚ ਪਏ ਝੋਨੇ ਦੀ ਤੁਰੰਤ ਖਰੀਦ ਕਰਨ ਦੇ ਸਖਤ ਹੁਕਮ ਦਿੱਤੇ ਜਾਣ, ਤਾਂ ਕਿ ਕਿਸਾਨ ਅਤੇ ਉਹਨਾਂ ਦਾ ਝੋਨਾ ਮੰਡੀਆਂ ਵਿਚ ਨਾ ਰੁਲੇ ਅਤੇ ਕਿਸਾਨਾਂ ਦਾ ਵਿੱਤੀ ਨੁਕਸਾਨ ਨਾ ਹੋਵੇ।

ਇੰਡੀਆ ਬਲਾਕ ਨੇ ਮੁੱਖ ਚੋਣ ਕਮਿਸ਼ਨਰ ਨਾਲ ਜਿਰ੍ਹਾ ਦੀ ਆਗਿਆ ਮੰਗੀ

ਨਵੀਂ ਦਿੱਲੀ (ਨ ਜ ਸ)-ਕਾਂਗਰਸ ਨੇ ਸੋਮਵਾਰ ਦੋਸ਼ ਲਗਾਇਆ ਕਿ ਚੋਣ ਕਮਿਸ਼ਨ ਨੇ ਵੋਟ ਚੋਰੀ ਬਾਰੇ ਉਸ ਦੇ ਸਵਾਲਾਂ ਦੇ ਜਵਾਬ ਨਹੀਂ ਦਿੱਤੇ। ਪਾਰਟੀ ਨੇ ਕਿਹਾ ਕਿ ਇੰਡੀਆ ਬਲਾਕ ਨੇ ਮੁੱਖ ਚੋਣ ਕਮਿਸ਼ਨਰ ਤੇ ਹੋਰ ਚੋਣ ਕਮਿਸ਼ਨਰਾਂ ਅਤੇ ਅਧਿਕਾਰੀਆਂ ਨਾਲ ਜਿਰ੍ਹਾ ਕਰਨ ਲਈ ਸੁਪਰੀਮ ਕੋਰਟ ਤੋਂ ਇਜਾਜ਼ਤ ਮੰਗੀ ਹੈ ਅਤੇ ਇਸ ਸੰਬੰਧ ਵਿੱਚ 48 ਸਵਾਲਾਂ ਦੀ ਸੂਚੀ ਸੌਂਪੀ ਹੈ। ਸਵਾਲਾਂ ਦੀ ਸੂਚੀ ਵਿੱਚ ਕਾਂਗਰਸ ਨੇ ਪੁੱਛਿਆ ਹੈ ਕਿ ਕਿੰਨੇ ਫੈਸਲਿਆਂ ਵਿੱਚ ਬਾਕੀ ਦੋ ਚੋਣ ਕਮਿਸ਼ਨਰ ਮੁੱਖ ਚੋਣ ਕਮਿਸ਼ਨਰ ਦੀ ਰਾਏ ਨਾਲ ਅਸਹਿਮਤ ਸਨ ਅਤੇ ਦੇਸ਼ ਭਰ ਵਿੱਚ ਐੱਸ ਆਈ ਆਰ ਕਰਵਾਉਣ ਦਾ ਫੈਸਲਾ ਕਿਸ ਨੇ ਕੀਤਾ। ਫਾਰਮ 6 ਨੂੰ ਬਦਲਣ ਦਾ ਫੈਸਲਾ ਕਿਸ ਨੇ ਕੀਤਾ? ਵੋਟਰ ਸੂਚੀ ਨੂੰ ਕੇਂਦਰੀ ਨਿਯੰਤਰਣ ਹੇਠ ਰੱਖਣ ਦਾ ਫੈਸਲਾ ਕਿਸ ਨੇ ਕੀਤਾ?

ਬੱਚੀ ਯੂ ਕੇ ਰਹਿੰਦੀ ਮਾਂ ਹਵਾਲੇ ਕਰਨ ਦਾ ਹੁਕਮ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਯੂਨਾਈਟਿਡ ਕਿੰਗਡਮ (ਯੂ ਕੇ) ਵਿੱਚ ਜਨਮੀ ਚਾਰ ਸਾਲਾ ਬੱਚੀ ਦੀ ਕਸਟਡੀ ਉਸ ਦੀ ਮਾਂ ਨੂੰ ਸੌਂਪਣ ਦੇ ਨਿਰਦੇਸ਼ ਦਿੱਤੇ ਹਨ। ਜਸਟਿਸ ਵਿਕਰਮ ਅਗਰਵਾਲ ਦੀ ਬੈਂਚ ਨੇ ਸੋਮਵਾਰ ਯੂ ਕੇ ਰਹਿਣ ਵਾਲੀ ਮਾਂ ਵੱਲੋਂ ਦਾਇਰ 'ਹੈਬੀਅਸ ਕਾਰਪਸ' ਪਟੀਸ਼ਨ ਮਨਜ਼ੂਰ ਕਰਦਿਆਂ ਪਿਤਾ ਨੂੰ 18 ਨਵੰਬਰ ਸਵੇਰੇ 11 ਵਜੇ ਬੱਚੀ ਮਾਂ ਦੇ ਹਵਾਲੇ ਕਰਨ ਲਈ ਕਿਹਾ ਹੈ। ਹੁਕਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਨਵਾਂਸ਼ਹਿਰ ਦੇ ਐੱਸ ਐੱਸ ਪੀ ਅਤੇ ਸੰਬੰਧਤ ਐੱਸ ਐੱਚ ਓ ਦੀ ਡਿਊਟੀ ਲਗਾਈ ਗਈ ਹੈ, ਤਾਂ ਜੋ ਬਿਨਾਂ ਕਿਸੇ ਮਾਨਸਿਕ ਪਰੇਸ਼ਾਨੀ ਦੇ ਬੱਚੀ ਦੀ ਸੁਰੱਖਿਅਤ ਵਾਪਸੀ ਹੋ ਸਕੇ। ਅਪਰੈਲ 2022 ਵਿੱਚ ਯੂ ਕੇ ਵਿੱਚ ਜਨਮੀ ਇਸ ਬੱਚੀ ਨੂੰ ਉਸ ਦਾ ਪਿਤਾ ਜੂਨ 2025 ਵਿੱਚ ਭਾਰਤ ਲੈ ਆਇਆ ਸੀ। ਮਾਂ ਦੇ ਦੱਸਣ ਮੁਤਾਬਕ, ਬੱਚੀ ਨੂੰ ਗਰਮੀਆਂ ਦੀਆਂ ਛੁੱਟੀਆਂ ਦੇ ਬਹਾਨੇ ਲਿਆਂਦਾ ਗਿਆ ਸੀ, ਪਰ ਵਾਪਸ ਯੂ ਕੇ ਨਹੀਂ ਲਿਜਾਇਆ ਗਿਆ। ਪਿਤਾ ਬੱਚੀ ਨੂੰ ਦਾਦਾ-ਦਾਦੀ ਕੋਲ ਛੱਡ ਕੇ ਖੁਦ ਵਾਪਸ ਚਲਾ ਗਿਆ, ਜਿਸ ਮਗਰੋਂ ਕੌਮਾਂਤਰੀ ਕਸਟਡੀ ਵਿਵਾਦ ਸ਼ੁਰੂ ਹੋ ਗਿਆ। ਇੰਗਲੈਂਡ ਅਤ

ਬਾਬਾ ਅਤਰ ਸਿੰਘ ਦੀ ਸੌ ਸਾਲਾ ਬਰਸੀ ਨੂੰ ਸਮਰਪਤ ਧਾਰਮਿਕ ਦੀਵਾਨ 21 ਨੂੰ



ਭਵਾਨੀਗੜ੍ਹ (ਰਾਜ ਖੁਰਮੀ)-ਸਿੱਖ ਪੰਥ ਦੀ ਮਹਾਨ ਸ਼ਖ਼ਸੀਅਤ, ਮਹਾਨ ਤਪੱਸਵੀ ਤੇ ਵਿੱਦਿਆ ਦਾਨੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੀ 100 ਸਾਲਾ ਬਰਸੀ ਨੂੰ ਸਮਰਪਤ ਵਿਸ਼ਾਲ ਧਾਰਮਿਕ ਸਮਾਗਮ ਗੁਰਦੁਆਰਾ ਅੰਗੀਠਾ ਸਾਹਿਬ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਅੰਗੀਠਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਦਰਸ਼ਨ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਬਾਬਾ ਸੁਖਵਿੰਦਰ ਸਿੰਘ ਮੋਨੀ ਮੀਤ ਪ੍ਰਧਾਨ ਦੀ ਅਗਵਾਈ ਤੇ ਸਮੂਹ ਸੇਵਾਦਾਰਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 21 ਨਵੰਬਰ ਨੂੰ ਸ਼ਾਮ 4 ਵਜੇ ਤੋਂ ਰਾਤ 9 ਵਜੇ ਤੱਕ ਬਾਬਾ ਦਲੇਰ ਸਿੰਘ ਖੇੜੀ ਵਾਲਿਆਂ ਦੇ ਧਾਰਮਿਕ ਦੀਵਾਨ ਸਜਣਗੇ, ਜਿਸ ਦੌਰਾਨ ਗੁਰਬਾਣੀ, ਕਥਾ ਤੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਜਾਵੇਗਾ।ਬਾਬਾ ਦਰਸ਼ਨ ਸਿੰਘ ਜੀ ਨੇ ਕਿਹਾ ਕਿ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਨੇ ਆਪਣਾ ਸਮੁੱਚਾ ਜੀਵਨ ਸਿੱਖੀ ਦੇ ਪ੍ਰਚਾਰ-ਪ੍ਰਸਾਰ, ਧਰਮ ਦੀ ਚੜ੍ਹਦੀ ਕਲਾ ਤੇ ਵਿੱਦਿਆ ਦੇ ਪਸਾਰ ਲਈ ਸਮਰਪਤ ਕੀਤਾ।ਉਨ੍ਹਾਂ ਦੀਆਂ ਪੰਥ ਤੇ ਸਮਾਜ ਪ੍ਰਤੀ ਮਹਾਨ ਸੇਵਾਵਾਂ ਨੂੰ ਯਾਦ ਕਰਨਾ ਸਾਡਾ ਸਾਰਿਆਂ ਦਾ ਫਰਜ਼ ਹੈ।ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਪਰਵਾਰਾਂ ਸਮੇਤ ਇਸ ਧਾਰਮਿਕ ਸਮਾਗਮ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਹਲਕਾ ਸੰਗਠਨ ਇੰਚਾਰਜ ਮਨਪ੍ਰੀਤ ਧਾਲੀਵਾਲ ਦਾ ਸਨਮਾਨ



ਕੋਟਕਪੂਰਾ (ਰਛਪਾਲ ਭੁੱਲਰ)-ਆਮ ਆਦਮੀ ਪਾਰਟੀ (ਆਪ) ਵੱਲੋਂ ਪੰਜਾਬ ਭਰ ਵਿੱਚ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਕੀਤੀਆਂ ਜਾ ਰਹੀਆਂ ਅਹਿਮ ਨਿਯੁਕਤੀਆਂ ਦੀ ਲੜੀ ਤਹਿਤ ਵਿਧਾਨ ਸਭਾ ਹਲਕਾ ਕੋਟਕਪੂਰਾ ਨੂੰ ਨਵੀਂ ਊਰਜਾ ਮਿਲੀ ਹੈ। ਪਾਰਟੀ ਹਾਈਕਮਾਂਡ ਵੱਲੋਂ ਸੂਬਾ ਇੰਚਾਰਜ ਸ੍ਰੀ ਮਨੀਸ਼ ਸਿਸੋਦੀਆ ਤੇ ਪੰਜਾਬ ਪ੍ਰਧਾਨ ਸ੍ਰੀ ਅਮਨ ਅਰੋੜਾ ਦੀ ਅਗਵਾਈ ਹੇਠ ਜਾਰੀ ਕੀਤੀ ਗਈ ਨਵੀਂ ਸੂਚੀ ਅਨੁਸਾਰ ਪਾਰਟੀ ਦੇ ਮਿਹਨਤੀ ਤੇ ਜੁਝਾਰੂ ਆਗੂ ਸਰਦਾਰ ਮਨਪ੍ਰੀਤ ਸਿੰਘ ਮਣੀ ਧਾਲੀਵਾਲ ਨੂੰ ਵਿਧਾਨ ਸਭਾ ਹਲਕਾ ਕੋਟਕਪੂਰਾ ਦਾ ਹਲਕਾ ਸੰਗਠਨ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਇਸ ਅਹਿਮ ਨਿਯੁਕਤੀ ਦਾ ਹਲਕੇ ਦੇ ਵਲੰਟੀਅਰਾਂ ਤੇ ਆਗੂਆਂ ਵੱਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ।ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂਆਂ ਮਨਜੀਤ ਸ਼ਰਮਾ ਤੇ ਗੁਰਮੀਤ ਸਿੰਘ ਪੱਪੂ ਵੱਲੋਂ ਵਿਸ਼ੇਸ਼ ਤੌਰ 'ਤੇ ਮਨਪ੍ਰੀਤ ਸਿੰਘ ਮਣੀ ਧਾਲੀਵਾਲ ਦਾ ਮੂੰਹ ਮਿੱਠਾ ਕਰਵਾਇਆ ਗਿਆ ਤੇ ਉਨ੍ਹਾਂ ਨੂੰ ਇਸ ਨਵੀਂ ਤੇ ਵੱਡੀ ਜ਼ਿੰਮੇਵਾਰੀ ਮਿਲਣ 'ਤੇ ਨਿੱਘੀ ਵਧਾਈ ਦਿੰਦਿਆਂ ਸਨਮਾਨਤ ਕੀਤਾ ਗਿਆ।ਇਸ ਮੌਕੇ ਮਨਜੀਤ ਸ਼ਰਮਾ ਤੇ ਗੁਰਮੀਤ ਸਿੰਘ ਪੱਪੂ ਨੇ ਇਸ ਨਿਯੁਕਤੀ ਲਈ ਪਾਰਟੀ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕੀਤਾ।ਦੋਵਾਂ ਆਗੂਆਂ ਨੇ ਪੂਰਾ ਭਰੋਸਾ ਜਤਾਇਆ ਕਿ ਨਵ-ਨਿਯੁਕਤ ਹਲਕਾ ਸੰਗਠਨ ਇੰਚਾਰਜ ਮਨਪ੍ਰੀਤ ਸਿੰਘ ਮਣੀ ਧਾਲੀਵਾਲ ਪਾਰਟੀ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਲਗਨ ਤੇ ਇਮਾਨਦਾਰੀ ਨਾਲ ਨਿਭਾਉਣਗੇ।ਅੰਤ ਵਿੱਚ ਨਵ-ਨਿਯੁਕਤ ਹਲਕਾ ਸੰਗਠਨ ਇੰਚਾਰਜ ਮਨਪ੍ਰੀਤ ਸਿੰਘ ਮਣੀ ਧਾਲੀਵਾਲ ਨੇ ਸਮੁੱਚੀ ਲੀਡਰਸ਼ਿਪ ਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸਭ ਨੂੰ ਨਾਲ ਲੈ ਕੇ ਚੱਲਣਗੇ ਤੇ ਪਾਰਟੀ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਦਿਨ-ਰਾਤ ਇੱਕ ਕਰ ਦੇਣਗੇ।

ਤਰਕਸ਼ੀਲ ਸੁਸਾਇਟੀ ਨੇ ਲੋਕਾਂ 'ਚ ਵਧ ਰਹੇ ਅੰਧਵਿਸ਼ਵਾਸਾਂ ਬਾਰੇ ਚਿੰਤਾ ਪ੍ਰਗਟਾਈ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਦੀ ਇਕ ਅਹਿਮ ਮੀਟਿੰਗ ਬੰਗ ਮੀਡੀਆ ਕੰਪਲੈਕਸ ਵਿੱਚ ਹੋਈ, ਜਿਸ ਦੀ ਪ੍ਰਧਾਨਗੀ ਇਕਾਈ ਦੇ ਵਿੱਤ ਵਿਭਾਗ ਮੁਖੀ ਸ੍ਰੀ ਸਤੀਸ਼ ਕੁਮਾਰ ਆਲੋਵਾਲ ਨੇ ਕੀਤੀ ਅਤੇ ਇਕਾਈ ਦੇ ਮੀਡੀਆ ਮੁਖੀ ਜਾਗਨ ਸਿੰਘ ਨੇ ਮੀਟਿੰਗ ਵਿੱਚ ਵਿਚਾਰੇ ਗਏ ਅਹਿਮ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸਮਾਜ ਵਿਚ ਦਿਨ-ਬ-ਦਿਨ ਅੰਧਵਿਸ਼ਵਾਸ ਵਧ ਰਹੇ ਹਨ, ਜਿਸ ਦੀ ਸਹੀ ਨਿਸ਼ਾਨਦੇਹੀ ਕਰਕੇ ਉਸ ਦਾ ਸਹੀ ਹੱਲ ਸੁਸਾਇਟੀ ਨੂੰ ਪੇਸ਼ ਕਰਨਾ ਚਾਹੀਦਾ ਹੈ।ਮੀਟਿੰਗ ਵਿੱਚ ਤਰਕਸ਼ੀਲ ਆਗੂਆਂ ਨੇ ਕਿਹਾ ਕਿ ਜਦੋਂ ਵੀ ਧਾਰਮਿਕ ਕੱਟੜਵਾਦ ਵੱਧਦਾ ਹੈ ਤਾਂ ਲੋਕ ਬਹੁਤ ਸਾਰੇ ਕਰਮਕਾਂਡ ਕਰਨ ਲੱਗਦੇ ਹਨ, ਜਿਸ ਨਾਲ ਕਿਸੇ ਵੀ ਸਮਾਜ ਦਾ ਭਵਿੱਖ ਤਬਾਹ ਹੋ ਜਾਂਦਾ ਹੈ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ ਵਿਕਸਤ ਕਰਨ ਲਈ ਵੀ ਉਪਰਾਲੇ ਕਰਨ ਦੀ ਬੇਹੱਦ ਲੋੜ ਹੈ।ਇਸ ਮੌਕੇ ਪਟਿਆਲਾ ਜ਼ੋਨ ਦੀ ਜਥੇਬੰਦ ਆਗੂ ਬੀਬੀ ਕੁਲਵੰਤ ਕੌਰ ਨੇ ਤਰਕਸ਼ੀਲ ਮੈਗਜ਼ੀਨ ਤੇ ਹਿੰਦੀ ਦਾ ਤਰਕਸ਼ੀਲ ਪੱਤ ਦੇ ਨਵੰਬਰ-ਦਸੰਬਰ ਅੰਕ ਪਾਠਕਾਂ ਨੂੰ ਪੁੱਜਦਾ ਕਰਨ ਹਿੱਤ ਮੈਂਬਰਾਂ ਨੂੰ ਵੰਡੇ।ਇਸ ਮੀਟਿੰਗ ਵਿੱਚ ਤਰਕਸ਼ੀਲ ਮੈਂਬਰ ਸ੍ਰੀ ਰਾਮ ਸਿੰਘ ਬੰਗ, ਰਾਮ ਕੁਮਾਰ ਢੱਕੜਬਾ, ਪ੍ਰੋਫੈਸਰ ਪੂਰਨ ਸਿੰਘ, ਤਰਸੇਮ ਲਾਲ, ਥਾਨ ਸਿੰਘ ਜੇ ਈ, ਗੁਰਬਚਨ ਸਿੰਘ, ਪਵਨ ਸਿੰਘ ਨੇ ਵੀ ਸ਼ਮੂਲੀਅਤ ਕੀਤੀ।

ਡਾ. ਤਨੀਸ਼ ਦਾ ਵਿਸ਼ੇਸ਼ ਸਨਮਾਨ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਸਿਹਤ ਸੇਵਾਵਾਂ ਦੇ ਖੇਤਰ ਵਿੱਚ ਆਪਣੀਆਂ ਵਡਮੁੱਲੀਆਂ ਸੇਵਾਵਾਂ ਨਿਭਾਅ ਰਹੇ ਸ਼ਹਿਰ ਦੇ ਹੋਣਹਾਰ ਨੌਜਵਾਨ ਡਾ. ਤਨੀਸ਼ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਬੋਰਡ ਆਫ਼ ਆਯੁਰਵੈਦਿਕ ਐਂਡ ਯੂਨਾਨੀ ਸਿਸਟਮਜ਼ ਆਫ਼ ਮੈਡੀਸਨ ਪੰਜਾਬ ਵੱਲੋਂ ਵਿਸ਼ੇਸ਼ ਤੌਰ ਉੱਤੇ ਸਨਮਾਨਤ ਕੀਤਾ ਗਿਆ।ਕੈਂਸਰ ਦੀ ਨਾ-ਮੁਰਾਦ ਬਿਮਾਰੀ ਦੇ ਇਲਾਜ ਲਈ ਮੋਹਰੀ ਸੰਸਥਾ ਵਜੋਂ ਕੰਮ ਕਰ ਰਹੇ ਹੋਮੀ ਭਾਭਾ ਕੈਂਸਰ ਹਸਪਤਾਲ ਸੰਗਰੂਰ ਵਿਖੇ ਸੇਵਾ ਨਿਭਾਅ ਰਹੇ ਡਾ. ਤਨੀਸ਼ ਨੂੰ ਇਹ ਸਨਮਾਨ ਉਨ੍ਹਾਂ ਦੀ ਮਿਹਨਤ, ਸਮਰਪਣ ਤੇ ਸਿਹਤ ਸੇਵਾਵਾਂ ਪ੍ਰਤੀ ਲਗਨ ਦਾ ਨੂੰ ਦੇਖਦਿਆਂ ਪ੍ਰਦਾਨ ਕੀਤਾ ਗਿਆ ਹੈ।ਉਨ੍ਹਾਂ ਵੱਲੋਂ ਹਾਸਲ ਇਸ ਪ੍ਰਾਪਤੀ ਨੂੰ ਲੈ ਕੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

ਸਰਾਭਾ ਦਾ ਸ਼ਹੀਦੀ ਦਿਹਾੜਾ ਰਾਸ਼ਟਰੀ ਪ੍ਰੈੱਸ ਦਿਵਸ ਵਜੋਂ ਮਨਾਇਆ



ਮਮਦੋਟ (ਹਰਪਾਲ ਸਿੰਘ ਸੋਢੀ)-ਭਾਰਤ ਦੀ ਅਜ਼ਾਦੀ ਦੇ ਮਹਾਨ ਕ੍ਰਾਂਤੀਕਾਰੀ ਤੇ ਅਮਰ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ ਮਮਦੋਟ ਦੇ ਸਮੂਹ ਪੱਤਰਕਾਰਾਂ ਨੇ ਪ੍ਰੈੱਸ ਕਲੱਬ ਵਿਖੇ ਮਨਾਇਆ।ਇਸ ਮੌਕੇ ਸਮੂਹ ਪੱਤਰਕਾਰਾਂ ਨੇ ਪ੍ਰਣ ਕੀਤਾ ਕਿ ਉਹ ਕਰਤਾਰ ਸਿੰਘ ਸਰਾਭਾ ਦੇ ਦਿਖਾਏ ਰਸਤੇ 'ਤੇ ਚੱਲਦੇ ਹੋਏ ਆਮ ਲੋਕਾਂ ਦੀ ਅਵਾਜ਼ ਸਰਕਾਰ ਤੱਕ ਪਹੁੰਚਾਉਣ ਲਈ ਸਦਾ ਯਤਨਸ਼ੀਲ ਰਹਿਣਗੇ ਤੇ ਪੱਤਰਕਾਰਤਾਂ ਦੇ ਖੇਤਰ ਵਿੱਚ ਸੱਚ ਦੀ ਅਵਾਜ਼ ਹਮੇਸ਼ਾ ਬੁਲੰਦ ਕਰਦੇ ਰਹਿਣਗੇ।ਇਸ ਮੌਕੇ ਬਲਦੇਵ ਰਾਜ ਸ਼ਰਮਾ ਐਗਜ਼ੈਕਟਿਵ ਮੈਂਬਰ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਤੇ ਸਰਪ੍ਰਸਤ ਪ੍ਰੈੱਸ ਕਲੱਬ ਮਮਦੋਟ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ 24 ਮਈ 1896 ਨੂੰ ਹੋਇਆ, ਭਾਵੇਂ ਉਨ੍ਹਾਂ ਨੂੰ 19 ਸਾਲ ਦੀ ਛੋਟੀ ਉਮਰ ਵਿੱਚ ਹੀ 16 ਨਵੰਬਰ 1915 ਨੂੰ ਫਾਂਸੀ ਦੇ ਦਿੱਤੀ ਗਈ।ਉਨ੍ਹਾਂ ਛੋਟੀ ਉਮਰ ਵਿੱਚ ਹੀ ਭਾਰਤ ਵਿੱਚੋਂ ਸਮਾਰਾਜਵਾਦੀ ਤਾਕਤਾਂ ਨੂੰ ਬਾਹਰ ਕੱਢਣ ਲਈ ਅਜ਼ਾਦੀ ਸੰਗਰਾਮ ਵਿੱਚ ਬੜੇ ਜ਼ੋਰਾਂ ਸ਼ੋਰਾਂ ਨਾਲ ਹਿੱਸਾ ਲਿਆ।ਉਨ੍ਹਾਂ 1 ਨਵੰਬਰ 1913 ਨੂੰ ਗਦਰ ਪਾਰਟੀ ਦੇ ਗਠਨ ਦੀ ਅਗਾਊਂ ਭੂਮਿਕਾ ਅਦਾ ਕੀਤੀ ਤੇ ਗਦਰ ਦੀ ਗੂੰਜ ਅਖਬਾਰ ਦਾ ਪਹਿਲਾ ਐਡੀਸ਼ਨ ਪ੍ਰਕਾਸ਼ਤ ਕਰਵਾਇਆ।ਇਸ ਲਈ ਅੱਜ ਉਨ੍ਹਾਂ ਨੂੰ ਛੋਟੀ ਉਮਰ ਦੇ ਕ੍ਰਾਂਤੀਕਾਰੀਆਂ ਵਜੋਂ ਸਾਰੇ ਦੇਸ਼ ਵਿੱਚ ਯਾਦ ਕੀਤਾ ਜਾ ਰਿਹਾ ਹੈ।ਇਸ ਮੌਕੇ ਜਸਬੀਰ ਸਿੰਘ ਕੰਬੋਜ ਜ਼ਿਲ੍ਹਾ ਪ੍ਰੈੱਸ ਸਕੱਤਰ, ਜਸਵੰਤ ਸਿੰਘ ਬਿੰਦ ਜ਼ਿਲ੍ਹਾ ਪ੍ਰਧਾਨ ਪ੍ਰੈੱਸ ਕਲੱਬ, ਰਵਿੰਦਰ ਸਿੰਘ ਕਾਲਾ ਐਗਜ਼ੈਕਟਿਵ ਮੈਂਬਰ, ਗੁਰਪ੍ਰੀਤ ਸਿੰਘ ਸੰਧੂ, ਹਰਪਾਲ ਸਿੰਘ ਸੋਢੀ, ਬਗੀਚਾ ਸਿੰਘ ਕੰਬੋਜ, ਜੋਗਿੰਦਰ ਸਿੰਘ ਭੋਲਾ ਆਦਿ ਨੇ ਵੀ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਯਾਦ ਕਰਦੇ ਹੋਏ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਤੇਜਿੰਦਰ ਪਾਲ ਢੀਂਗੜਾ ਪ੍ਰਧਾਨ ਪ੍ਰੈੱਸ ਕਲੱਬ, ਬਲਜੀਤ ਸਿੰਘ ਰਾਏ, ਸੰਜੀਵ ਮਦਾਨ, ਸੰਦੀਪ ਸੋਨੀ, ਨਿਸ਼ਾਨ ਸਿੰਘ, ਹਰਪ੍ਰੀਤ ਸਿੰਘ ਹੈਪੀ, ਭੁਪਿੰਦਰ ਨਰੂਲਾ, ਸੁਖਵਿੰਦਰ ਸਿੰਘ ਘੋੜਾ ਚੱਕ ਆਦਿ ਹਾਜ਼ਰ ਸਨ।

ਖੇਤ ਮਜ਼ਦੂਰ ਜਥੇਬੰਦੀ ਵੱਲੋਂ ਐੱਸ ਸੀ/ਐੱਸ ਟੀ ਤਹਿਤ ਦਰਜ ਮੁਕੱਦਮੇ ਦੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ 22 ਦੇ ਧਰਨੇ 'ਚ ਸ਼ਮੂਲੀਅਤ ਦਾ ਐਲਾਨ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਮਜ਼ਦੂਰ ਆਗੂ ਤੇ ਕਹਾਣੀਕਾਰ ਹਰਮੇਸ਼ ਮਾਲੜੀ ਨੂੰ ਜਾਤੀ ਸੂਚਕ ਸ਼ਬਦ ਬੋਲਣ ਵਾਲੇ ਤਲਵੰਡੀ ਸਲੇਮ ਦੇ ਸਰਪੰਚ ਤੇ ਉਸਦੀ ਢਾਣੀ ਖਿਲਾਫ ਇੱਕ ਮਹੀਨਾ ਪਹਿਲਾਂ ਐੱਸ ਸੀ/ਐੱਸ ਟੀ ਐਕਟ ਤਹਿਤ ਦਰਜ ਮੁਕੱਦਮਾ ਦਰਜ ਹੋਣ ਦੇ ਬਾਵਜੂਦ ਪੁਲਸ ਵੱਲੋਂ ਅਜੇ ਤੱਕ ਦੋਸ਼ੀਆਂ ਨੂੰ ਗ੍ਰਿਫ਼ਤਾਰੀ ਨਾ ਕਰਨ ਵਿਰੁੱਧ ਵੱਖ ਵੱਖ ਜਨਤਕ ਜਮਹੂਰੀ ਤੇ ਸਾਹਿਤਕ ਜਥੇਬੰਦੀਆਂ ਵੱਲੋਂ 22 ਨਵੰਬਰ ਨੂੰ ਡੀਐੱਸਪੀ ਨਕੋਦਰ ਦੇ ਦਫ਼ਤਰ ਅੱਗੇ ਦਿੱਤੇ ਜਾ ਰਹੇ ਧਰਨੇ 'ਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਯੂਨੀਅਨ ਦੇ ਸੂਬਾ ਪ੍ਰਧਾਨ ਜੋਰਾ ਸਿੰਘ ਨਸਰਾਲੀ ਤੇ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਨੇ ਜਾਰੀ ਕੀਤੇ ਬਿਆਨ ਰਾਹੀਂ ਦੋਸ਼ ਲਾਇਆ ਕਿ ਤਲਵੰਡੀ ਸਲੇਮ ਦੇ ਸਰਪੰਚ ਪ੍ਰਦੀਪ ਸਿੰਘ ਤੇ ਹੋਰਨਾਂ ਵਿਰੁੱਧ ਮੁਕੱਦਮਾ ਦਰਜ ਹੋਣ ਦੇ ਬਾਵਜੂਦ ਆਪ ਪਾਰਟੀ ਦੀ ਵਿਧਾਇਕ ਇੰਦਰਜੀਤ ਕੌਰ ਮਾਨ ਦੇ ਸਿਆਸੀ ਦਬਾਅ ਕਾਰਨ ਨਕੋਦਰ ਪੁਲਸ ਵੱਲੋਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾ ਰਿਹਾ।ਉਨ੍ਹਾਂ ਦੱਸਿਆ ਕਿ ਇਸ ਧਰਨੇ 'ਚ ਜਲੰਧਰ ਤੋਂ ਇਲਾਵਾ ਮੋਗਾ, ਫਰੀਦਕੋਟ, ਬਰਨਾਲਾ, ਮਾਲੇਰਕੋਟਲਾ, ਸ੍ਰੀ ਮੁਕਤਸਰ ਸਾਹਿਬ ਤੇ ਬਠਿੰਡਾ ਆਦਿ ਜ਼ਿਲ੍ਹਿਆਂ 'ਚੋਂ ਜਥੇਬੰਦੀ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਆਖਿਆ ਕਿ ਸੱਤਾਧਾਰੀ ਵਿਧਾਇਕਾ ਤੇ ਆਪ ਪਾਰਟੀ ਦੀ ਸਰਪ੍ਰਸਤੀ ਹੋਣ ਕਾਰਨ ਹੀ ਸੰਗੀਨ ਧਰਾਵਾਂ ਤਹਿਤ ਮੁਕੱਦਮਾ ਦਰਜ ਹੋਣ ਦੇ ਬਾਵਜੂਦ ਦੋਸ਼ੀ ਸ਼ਰੇਆਮ ਘੁੰਮ ਰਹੇ ਹਨ।ਉਨ੍ਹਾਂ ਮੰਗ ਕੀਤੀ ਕਿ ਮਜ਼ਦੂਰ ਆਗੂ ਹਰਮੇਸ਼ ਮਾਲੜੀ ਦੇ ਬਿਆਨਾਂ ਤਹਿਤ ਦਰਜ ਮੁਕੱਦਮੇ ਦੇ ਦੋਸ਼ੀਆਂ ਨੂੰ ਫੌਰੀ ਗ੍ਰਿਫ਼ਤਾਰ ਕੀਤਾ ਜਾਵੇ ਤੇ ਇਨਕਲਾਬੀ ਕਵੀ ਅਵਤਾਰ ਪਾਸ਼ ਤੇ ਹੰਸ ਰਾਜ ਯਾਦਗਾਰੀ ਕੰਪਲੈਕਸ ਨੂੰ ਵਿਰਾਸਤੀ ਯਾਦਗਾਰ ਦਾ ਦਰਜਾ ਦਿੱਤਾ ਜਾਵੇ।

ਕਾਂਗਰਸ ਵੱਲੋਂ ਝੋਨੇ ਦੀ ਬੋਲੀ ਤੇ ਲਿਫਟਿੰਗ ਨੂੰ ਲੈ ਕੇ ਮੰਡੀ 'ਚ ਰੋਸ ਪ੍ਰਦਰਸ਼ਨ



ਮਲੋਟ (ਰਜਿੰਦਰ ਜੁਨੇਜਾ)-ਕਾਂਗਰਸ ਪਾਰਟੀ ਦੇ ਕਿਸਾਨ ਵਿੰਗ ਦੇ ਜਨਰਲ ਸਕੱਤਰ ਜੁਗਰਾਜ ਸਿੰਘ ਜੁੱਗੀ ਦੀ ਅਗਵਾਈ ਵਿੱਚ ਮਾਰਕੀਟ ਕਮੇਟੀ ਦਫ਼ਤਰ ਮਲੋਟ ਦੇ ਅੱਗੇ ਭਗਵੰਤ ਮਾਨ ਤੇ ਪ੍ਰਧਾਨ ਮੰਤਰੀ ਮੋਦੀ ਦਾ ਪੁਤਲਾ ਫੂਕ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਕਾਂਗਰਸੀ ਆਗੂਆਂ ਨੇ ਕਿਹਾ ਕਿ ਝੋਨੇ ਦੀ ਬੋਲੀ ਤੇ ਲਿਫਟਿੰਗ ਦੀ ਸਮੱਸਿਆ ਲਈ ਸੂਬਾ ਤੇ ਕੇਂਦਰ ਦੋਵੇਂ ਸਰਕਾਰਾਂ ਬਰਾਬਰ ਦੀਆਂ ਦੋਸ਼ੀ ਹਨ।ਉਨ੍ਹਾਂ ਦੋਸ਼ ਲਾਇਆ ਕਿ ਦੋਵੇਂ ਸਰਕਾਰਾਂ ਇਸ ਮਸਲੇ ਨੂੰ ਹੱਲ ਕਰਨ ਦੀ ਬਜਾਏ ਇੱਕ-ਦੂਜੇ ਦੇ ਪਾਲੇ ਵਿੱਚ ਗੇਂਦ ਸੁੱਟ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਗਲਤ ਨੀਤੀਆਂ ਕਾਰਨ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਨੂੰ ਲਗਾਤਾਰ ਮਾਰਿਆ ਜਾ ਰਿਹਾ ਹੈ।ਝੋਨੇ ਦੀ ਨਜਾਇਜ਼ ਕਾਟ ਲਾਈ ਜਾ ਰਹੀ ਹੈ ਤੇ ਕਿਸਾਨਾਂ ਨੂੰ ਖੱਜਲ-ਖੁਆਰ ਕਰਕੇ ਪ੍ਰਾਈਵੇਟ ਪਲੇਅਰਾਂ ਨੂੰ ਫਾਇਦਾ ਪਹੁੰਚਾਉਣ ਲਈ ਦੋਵੇਂ ਸਰਕਾਰਾਂ ਜ਼ਿਮੀਦਾਰਾਂ ਨੂੰ ਲੁੱਟਣ 'ਤੇ ਤੁਲੀਆਂ ਹੋਈਆਂ ਹਨ।ਇਸ ਰੋਸ ਪ੍ਰਦਰਸ਼ਨ ਵਿੱਚ ਕਾਂਗਰਸ ਪਾਰਟੀ ਦੇ ਬੁਲਾਰੇ ਬਲਕਾਰ ਔਲਖ, ਸਾਬਕਾ ਪ੍ਰਧਾਨ ਸ਼੍ਰੀ ਨੱਥੂ ਰਾਮ ਗਾਂਧੀ, ਸਾਬਕਾ ਦਿਹਾਤੀ ਪ੍ਰਧਾਨ ਜਗਤਪਾਲ ਸਿੰਘ ਸ਼ੇਰੇਵਾਲਾ, ਗਿੰਨੀ ਬਰਾੜ ਤਰਖਾਣ ਵਾਲਾ, ਯਾਦਵਿੰਦਰ ਪੂਨੀਆ, ਪ੍ਰੋਫੈਸ

ਸੇਵਾ ਕੇਂਦਰ ਯੂਨੀਅਨ ਗੁਰਦਾਸਪੁਰ ਨੇ ਸ਼ੈਰੀ ਕਲਸੀ ਨੂੰ ਮੰਗ ਪੱਤਰ ਸੌਂਪਿਆ



ਫ਼ਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ) ਲੰਮੇ ਸਮੇਂ ਤੋਂ ਪ੍ਰਾਈਵੇਟ ਕੰਪਨੀਆਂ ਅਧੀਨ ਕੰਮ ਕਰ ਰਹੇ ਸੇਵਾ ਕੇਂਦਰ ਮੁਲਾਜ਼ਮਾਂ ਨੇ ਹੁਣ ਆਪਣੀਆਂ ਹੱਕੀ ਮੰਗਾਂ ਲਈ ਆਰ-ਪਾਰ ਦੀ ਲੜਾਈ ਦਾ ਐਲਾਨ ਕਰ ਦਿੱਤਾ ਹੈ।ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਦੀ ਕੋਰ ਕਮੇਟੀ ਦੇ ਫੈਸਲੇ ਅਨੁਸਾਰ ਸੂਬੇ ਭਰ ਦੇ ਸਾਰੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਨੂੰ ਮੰਗ ਪੱਤਰ ਸੌਂਪੇ ਗਏ, ਜਿਸਦੇ ਤਹਿਤ ਸੇਵਾ ਕੇਂਦਰ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਨਵਨੀਤ ਭੋਗਰਾ ਨੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਮੰਗ ਪੱਤਰ ਸੌਂਪ ਕੇ ਮੰਗਾਂ ਤੋਂ ਜਾਣੂ ਕਰਵਾਇਆ। ਜ਼ਿਲ੍ਹਾ ਪ੍ਰਧਾਨ ਨਵਨੀਤ ਭੋਗਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਯੂਨੀਅਨ ਦਾ ਮੰਗਾਂ ਪ੍ਰਤੀ ਸੰਘਰਸ਼ ਜਾਰੀ ਹੈ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਗੱਲਬਾਤ ਦਾ ਰਾਹ ਨਾ ਖੋਲ੍ਹਿਆ ਤਾਂ 22 ਨਵੰਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ।ਭੋਗਰਾ ਨੇ ਕਿਹਾ ਕਿ ਯੂਨੀਅਨ ਦੀ ਮੁੱਖ ਮੰਗ ਹੈ ਕਿ ਸੇਵਾ ਕੇਂਦਰ ਪ੍ਰੋਜੈਕਟ ਨੂੰ ਪ੍ਰਾਈਵੇਟ ਕੰਪਨੀਆਂ ਤੋਂ ਮੁਕਤ ਕਰਵਾ ਕੇ ਸਿੱਧਾ ਪੰਜਾਬ ਸਰਕਾਰ ਦੇ ਅਧੀਨ ਚਲਾਇਆ ਜਾਵੇ। ਇਸ ਦੇ ਨਾਲ ਹੀ ਮੌਜੂਦਾ ਮੁਲਾਜ਼ਮਾਂ ਦੇ ਰੁਜ਼ਗਾਰ ਨੂੰ ਸੁਰੱਖਿਅਤ ਕਰਦਿਆਂ ਉਨ੍ਹਾਂ ਨੂੰ ਪੱਕਾ ਕਰਨ ਲਈ ਠੋਸ ਨੀਤੀ ਬਣਾਈ ਜਾਵੇ। ਬਕਾਇਆ ਤਨਖਾਹਾਂ ਸਮੇਤ ਹੋਰ ਸਹੂਲਤਾਂ ਦਿੱਤੀਆਂ ਜਾਣ ਅਤੇ ਆਮ ਜਨਤਾ ਨੂੰ ਸਰਕਾਰੀ ਸੇਵਾਵਾਂ ਘੱਟ ਫੀਸਾਂ 'ਤੇ ਮੁਹੱਈਆ ਕਰਵਾਈਆਂ ਜਾਣ।ਜ਼ਿਲ੍ਹਾ ਪ੍ਰਧਾਨ ਭੋਗਰਾ ਨੇ ਕਿਹਾ ਕਿ ਸੇਵਾ ਕੇਂਦਰ ਸੂਬੇ ਦੇ ਲੱਖਾਂ ਲੋਕਾਂ ਨੂੰ ਸਰਕਾਰੀ ਸੇਵਾਵਾਂ ਦੇਣ ਦੇ ਨਾਲ-ਨਾਲ ਸਰਕਾਰ ਲਈ ਵੱਡਾ ਰੈਵਨਿਊ ਵੀ ਪੈਦਾ ਕਰਦੇ ਹਨ।ਇਸ ਲਈ ਇਸ ਪ੍ਰੋਜੈਕਟ ਨੂੰ ਪ੍ਰਾਈਵੇਟ ਕੰਪਨੀਆਂ ਦੀ ਬਜਾਏ ਸਰਕਾਰੀ ਪ੍ਰਬੰਧ ਹੇਠ ਚਲਾਉਣਾ ਮੁਲਾਜ਼ਮਾਂ ਅਤੇ ਆਮ ਲੋਕਾਂ ਦੋਵਾਂ ਦੇ ਹਿੱਤ ਵਿੱਚ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਯੂਨੀਅਨ ਪਹਿਲਾਂ ਗੱਲਬਾਤ ਰਾਹੀਂ ਮਸਲੇ ਦਾ ਹੱਲ ਚਾਹੁੰਦੀ ਹੈ, ਪਰ ਵਿਧਾਇਕਾਂ ਨੂੰ ਮੰਗ ਪੱਤਰ ਦੇਣ ਤੋਂ ਬਾਅਦ ਵੀ ਸਰਕਾਰ ਵੱਲੋਂ ਕੋਈ ਹਾਂ-ਪੱਖੀ ਹੁੰਗਾਰਾ ਨਾ ਮਿਲਿਆ ਤਾਂ ਵੱਖ ਵੱਖ ਜਥਬੰਦੀਆਂ ਨੂੰ ਨਾਲ। ਲੈ।ਕੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

ਟਰੇਨਿੰਗ ਸੈਂਟਰ ਤੋਂ ਘਰ ਵਾਪਸ ਆ ਰਹੇ ਮੁਲਾਜ਼ਮ ਦਾ ਕਤਲ



ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ 'ਚ ਪੰਜਾਬ ਪੁਲਸ ਦੇ ਹੈੱਡ ਕਾਂਸਟੇਬਲ ਦੀ ਸ਼ੱਕੀ ਹਾਲਾਤਾਂ 'ਚ ਲਾਸ਼ ਮਿਲਣ ਦੀ ਖਬਰ ਸਾਹਮਣੇ ਆਈ ਹੈ। ਪਰਵਾਰ ਨੇ ਮੁਲਾਜ਼ਮ ਨੂੰ ਕਿਸੇ ਅਣਪਛਾਤੇ ਵੱਲੋਂ ਗੋਲੀ ਮਾਰਨ ਦਾ ਖਦਸ਼ਾ ਜਤਾਇਆ ਹੈ। ਜਾਣਕਾਰੀ ਅਨੁਸਾਰ ਵਿਨੋਦ ਕੁਮਾਰ (44) ਪੁੱਤਰ ਸਰਦਾਰੀ ਲਾਲ ਵਾਸੀ ਕ੍ਰਿਸ਼ਨਾਨਗਰ ਥਾਣਾ ਪੁਰਾਣਾ ਸ਼ਾਲਾ ਗੁਰਦਾਸਪੁਰ ਨਾਮਕ ਹੈਡ ਕਾਂਸਟੇਬਲ ਪੁਲਿਸ ਟਰੇਨਿੰਗ ਸੈਂਟਰ ਤੋਂ ਆਪਣੇ ਘਰ ਵਾਪਸ ਆ ਰਿਹਾ ਸੀ। ਰਾਤ 9:15 ਵਜੇ ਦੇ ਕਰੀਬ ਉਸ ਨੇ ਆਪਣੇ ਭਰਾ ਨੂੰ ਫੋਨ ਕੀਤਾ ਕਿ ਉਹ ਪੁਰਾਣਾ ਸ਼ਾਲਾ ਨਜ਼ਦੀਕ ਪਹੁੰਚ ਗਿਆ ਹੈ ਤੇ 15 ਮਿੰਟ ਬਾਅਦ ਉਸ ਨੂੰ ਬਾਈਪਾਸ 'ਤੇ ਆ ਕੇ ਲੈ ਜਾਵੇ ਪਰ ਇਸ ਤੋਂ ਪਹਿਲਾਂ ਹੀ ਉਸ ਦਾ ਕਤਲ ਕਰ ਦਿੱਤਾ ਗਿਆ। ਪਰਿਵਾਰਿਕ ਮੈਂਬਰਾਂ ਅਨੁਸਾਰ ਜਦੋਂ ਮੁਲਾਜ਼ਮ ਦੀ ਡੈਡ ਬਾਡੀ ਮਿਲੀ ਤਾਂ ਉਸ ਦਾ ਸਮਾਨ ਵੀ ਉਸ ਦੇ ਕੋਲ ਨਹੀਂ ਸੀ ਜਿਸ ਤੋਂ ਲੱਗਦਾ ਹੈ ਕਿ ਲੁੱਟਣ ਦੀ ਨੀਅਤ ਨਾਲ ਉਸ ਦਾ ਕਤਲ ਕਰ ਦਿੱਤਾ ਗਿਆ ਹੈ। ਉੱਥੇ ਹੀ ਪੁਲਿਸ ਨੇ ਆਪਣੀ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਵਿਨੋਦ ਕੁਮਾਰ ਸੁਜਾਨਪੁਰ ਵਿਖੇ ਤੈਨਾਤ ਸੀ ਅਤੇ ਪ੍ਰਮੋਸ਼ਨ ਹੋਣ ਤੋਂ ਬਾਅਦ ਪੁਲਿਸ ਸੈਂਟਰ ਜਹਾਨਖੇਲਾਂ ਵਿਖੇ ਟਰੇਨਿੰਗ ਕਰ ਰਿਹਾ ਸੀ ਜਿੱਥੋਂ ਉਸ ਨੂੰ ਸੰਗਰੂਰ ਭੇਜਿਆ ਗਿਆ ਸੀ ਅਤੇ ਦੇਰ ਰਾਤ ਉਹ ਸੰਗਰੂਰ ਤੋਂ ਵਾਪਸ ਆ ਰਿਹਾ ਸੀ। ਵਿਨੋਦ ਕੁਮਾਰ ਦੋ ਛੋਟੇ-ਛੋਟੇ ਬੱਚਿਆਂ ਵਿਚ ਇੱਕ ਦੀ ਉਮਰ ਅੱਠ ਸਾਲ ਅਤੇ ਇੱਕ ਦੀ ਉਮਰ ਪੰਜ ਸਾਲ ਦੱਸੀ ਜਾ ਰਹੀ ਹੈ। ਪੀੜਤ ਪਰਿਵਾਰ ਨੇ ਜ਼ਿਲ੍ਹਾ ਪੁਲਿਸ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਵਿਨੋਦ ਕੁਮਾਰ ਦੇ ਕਾਤਲਾਂ ਨੂੰ ਜਲਦ ਤੋਂ ਜਲਦ ਕਾਬੂ ਕਰਕੇ ਸਾਨੂੰ ਇਨਸਾਫ ਦਿਵਾਇਆ ਜਾਵੇ।

ਹਾਦਸੇ 'ਚ ਜਾਨਾਂ ਗੁਆਉਣ ਵਾਲੇ ਸ਼ਰਧਾਲੂਆਂ ਦੇ ਪਰਵਾਰਾਂ ਨਾਲ ਹਰਜੀਤ ਸਿੰਘ ਸੰਧੂ ਨੇ ਪ੍ਰਗਟਾਈ ਹਮਦਰਦੀ



ਤਰਨ ਤਾਰਨ (ਪ੍ਰਿਤਪਾਲ ਸਿੰਘ) : ਤਰਨ ਤਾਰਨ ਨੇੜੇ ਨੌਸ਼ਹਿਰਾ ਪੰਨੂਆਂ ਵਿਖੇ ਤੀਰਥ ਯਾਤਰਾ ਲਈ ਜਾ ਰਹੀ ਬੱਸ ਨਾਲ ਵਾਪਰਿਆ ਭਿਆਨਕ ਸੜਕ ਹਾਦਸਾ ਬੇਹੱਦ ਦੁਖਦਾਈ ਅਤੇ ਹਿਰਦੇਵੇਦਕ ਹੈ।ਇਸ ਦਰਦਨਾਕ ਹਾਦਸੇ ਨੇ ਕਈ ਪਰਵਾਰਾਂ ਨੂੰ ਗਹਿਰੇ ਸਦਮੇ ਵਿੱਚ ਪਾ ਦਿੱਤਾ ਹੈ। ਇਸ ਹਾਦਸੇ ਵਿੱਚ ਕੀਮਤੀ ਜਾਨਾਂ ਦਾ ਚਲੇ ਜਾਣਾ ਬਹੁਤ ਹੀ ਮੰਦਭਾਗੀ ਘਟਨਾ ਹੈ। ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਵਾਰਾਂ ਦੇ ਦਰਦ ਨੂੰ ਸ਼ਬਦਾਂ ਵਿੱਚ ਬਿਆਨ ਕਰਨਾ ਮੁਸ਼ਕਲ ਹੈ।ਹਾਦਸੇ ਦੀ ਸੂਚਨਾ ਮਿਲਦਿਆਂ ਹੀ ਹਲਕਾ ਇੰਚਾਰਜ ਵਿਧਾਨ ਸਭਾ ਤਰਨਤਾਰਨ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਭਾਰਤੀ ਜਨਤਾ ਪਾਰਟੀ ਤਰਨ ਤਾਰਨ ਹਰਜੀਤ ਸਿੰਘ ਸੰਧੂ ਆਪਣੇ ਸਾਥੀਆਂ ਸਮੇਤ ਤੁਰੰਤ ਹਸਪਤਾਲ ਪਹੁੰਚੇ। ਉਨ੍ਹਾਂ ਨੇ ਉੱਥੇ ਜ਼ੇਰੇ ਇਲਾਜ ਜ਼ਖ਼ਮੀ ਸ਼ਰਧਾਲੂਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਜਾਣਿਆ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਇਸ ਔਖੀ ਘੜੀ ਵਿੱਚ ਹੌਸਲਾ ਦਿੱਤਾ।ਉਨ੍ਹਾਂ ਨੇ ਪੀੜਤ ਪਰਵਾਰਾਂ ਨੂੰ ਹਰ ਸੰਭਵ ਸਹਿਯੋਗ ਦਾ ਭਰੋਸਾ ਵੀ ਦਿਵਾਇਆ। ਇਸ ਮੌਕੇ ਹਰਜੀਤ ਸਿੰਘ ਸੰਧੂ ਨੇ ਹਾਦਸੇ ਵਿੱਚ ਆਪਣੀਆਂ ਕੀਮਤੀ ਜਾਨਾਂ ਗੁਆਉਣ ਵਾਲੇ ਸ਼ਰਧਾਲੂਆਂ ਦੇ ਪਰਿਵਾਰਾਂ ਨਾਲ ਦਿਲੋਂ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਵਾਹਿਗੁਰੂ ਜੀ ਵਿਛੜੀਆਂ ਰੂਹਾਂ ਨੂੰ ਆਪਣੇ ਪਵਿੱਤਰ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਦੁਖੀ ਪਰਿਵਾਰਾਂ ਨੂੰ ਇਹ ਅਸਹਿ ਸਦਮਾ ਸਹਿਣ ਦਾ ਬਲ ਪ੍ਰਦਾਨ ਕਰਨ।ਉਨ੍ਹਾਂ ਨੇ ਅਰਦਾਸ ਕੀਤੀ ਕਿ ਹਸਪਤਾਲਾਂ ਵਿੱਚ ਇਲਾਜ ਅਧੀਨ ਸਾਰੇ ਜ਼ਖ਼ਮੀ ਸ਼ਰਧਾਲੂ ਜਲਦ ਤੋਂ ਜਲਦ ਪੂਰੀ ਤਰ੍ਹਾਂ ਸਿਹਤਯਾਬ ਹੋਣ। ਸ. ਸੰਧੂ ਨੇ ਕਿਹਾ ਕਿ ਇਸ ਹਾਦਸੇ ਨੂੰ ਸਿਰਫ਼ ਇੱਕ ਸੜਕ ਹਾਦਸਾ ਸਮਝ ਕੇ ਨਜ਼ਰਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ, ਸਗੋਂ ਇਸ ਦੇ ਕਾਰਨਾਂ ਦੀ ਡੂੰਘਾਈ ਨਾਲ ਜਾਂਚ ਹੋਣੀ ਬਹੁਤ ਜ਼ਰੂਰੀ ਹੈ।ਜੇਕਰ ਜਾਂਚ ਦੌਰਾਨ ਕਿਸੇ ਵੀ ਪੱਧਰ 'ਤੇ ਲਾਪਰਵਾਹੀ, ਨਿਯਮਾਂ ਦੀ ਉਲੰਘਣਾ ਜਾਂ ਸੁਰੱਖਿਆ ਪ੍ਰਬੰਧਾਂ ਵਿੱਚ ਕਮੀ ਸਾਹਮਣੇ ਆਉਂਦੀ ਹੈ ਤਾਂ ਉਸ ਲਈ ਜ਼ਿੰਮੇਵਾਰ ਵਿਅਕਤੀਆਂ ਅਤੇ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕਰਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।ਅੰਤ ਵਿੱਚ ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਉਹ ਅਤੇ ਉਨ੍ਹਾਂ ਦੇ ਸਾਥੀ ਪੀੜਤ ਪਰਿਵਾਰਾਂ ਦੇ ਨਾਲ ਖੜ੍ਹੇ ਹਨ ਅਤੇ ਜ਼ਖ਼ਮੀਆਂ ਦੀ ਜਲਦ ਸਿਹਤਯਾਬੀ ਲਈ ਅਰਦਾਸ ਕਰਦੇ ਹਨ।ਇਸ ਮੌਕੇ ਉਨ੍ਹਾਂ ਨਾਲ ਹਰਪ੍ਰੀਤ ਸਿੰਘ ਸਿੰਦਬਾਦ, ਦਿਨੇਸ਼ ਜੋਸ਼ੀ, ਰੋਹਿਤ ਸ਼ਰਮਾ, ਅਵਤਾਰ ਸਿੰਘ, ਅਮਨ ਅਰੋੜਾ, ਜਸਵਿੰਦਰ ਸਿੰਘ, ਰਾਮੇਸ਼ ਕਲਸੀ, ਅਮਨ ਸ਼ਰਮਾ, ਦੀਪਕ ਸ਼ਰਮਾ, ਸੋਨੂ ਸੇਤੀਆ ਵੀ ਮੌਕੇ ਪਹੁੰਚੇ।

ਗੁਰਦੁਆਰਾ ਬਾਬਾ ਆਸਾ ਸਿੰਘ ਲੋਕਲ ਗੁਰਦੁਆਰਾ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ



ਗੁਰਦਾਸਪੁਰ, (ਜਨਕ ਮਹਾਜਨ)- ਥਾਣਾ ਸਿਟੀ ਗੁਰਦਾਸਪੁਰ ਦੇ ਤਫ਼ੀਸੀ ਅਫ਼ਸਰ ਕਮਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਵਲੋਂ ਸਮੇਤ ਪੁਲਸ ਪਾਰਟੀ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਅੰਦਰ ਪੁੱਜੇ ਤਾਂ ਇਕ ਨੌਜਵਾਨ ਬੱਸ ਸਟੈਂਡ ਦੀ ਸ਼ੈਡ ਹੇਠ ਬੈਠ ਕੇ ਸਿਲਵਰ ਪੇਪਰ ਤੇ ਥੱਲੇ ਲਾਇਟਰ ਨਾਲ ਅੱਗ ਜਲਾ ਕੇ ਬੱਤੀ ਨਾਲ ਸੂਟਾ ਖਿੱਚ ਰਿਹਾ ਸੀ ਜਿਸ ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਲਵ ਪੁੱਤਰ ਕਮਲ ਵਾਸੀ ਕਲਬੂਤਰੀ ਗੇਟ ਮੇਨ ਬਜਾਰ ਗੁਰਦਾਸਪੁਰ ਦੱਸਿਆ। ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ ਉਕਤ ਨਸ਼ਾ ਤਸਕਰ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

ਨਸ਼ਾ ਕਰਦਾ ਨੌਜਵਾਨ ਪੁਲਸ ਅੜਿੱਕੇ

ਰੋਟਰੀ ਨਾਰਥ ਵੱਲੋਂ ਗੀਤਾਂ ਭਰੀ ਸ਼ਾਮ ਸਮਾਗਮ

ਅੰਮ੍ਰਿਤਸਰ (ਅਰੋੜਾ) ਰੋਟਰੀ ਕਲੱਬ ਨਾਰਥ ਵੱਲੋਂ ਪ੍ਰਧਾਨ ਪਰਮੀਤ ਸਿੰਘ, ਸਕੱਤਰ ਮਨਿੰਦਰ ਕੌਰ, ਕਲੱਬ ਦੇ ਪੈਟਰਨ ਡਾ. ਕੁਲਦੀਪ ਸਿੰਘ ਅਰੋੜਾ, ਐਮ.ਓ.ਸੀ. ਆਰ.ਐਸ. ਚੱਠਾ ਅਤੇ ਪ੍ਰਾਜੈਕਟ ਚੇਅਰਮੈਨ ਰਸਜੀਤ ਸਿੰਘ ਖੇੜਾ ਦੀ ਦੇਖ-ਰੇਖ ਹੇਠ ਦੀਵਾਲੀ ਦੇ ਤਿਉਹਾਰ ਨੂੰ ਸਮਰਪਿਤ ਪਰਿਵਾਰਕ ਮਨੋਰੰਜਨ ਅਤੇ ਗੀਤਾਂ ਭਰੀ ਸ਼ਾਮ ਦਾ ਸਮਾਗਮ ਰਾਮ ਬਾਗ ਸਥਿਤ ਸਰਵਿਸ ਕਲੱਬ ਵਿਖੇ ਕਰਵਾਇਆ ਗਿਆ। ਸਮਾਗਮ ਵਿੱਚ ਸਹਾਇਕ ਗਵਰਨਰ ਕੇ.ਐਸ. ਚੱਠਾ ਅਤੇ ਰੋਟਰੀ ਦੇ ਐਡਮਿਨ ਸਕੱਤਰ ਵਿਜੇ ਭਸੀਨ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸਮਾਗਮ ਦੀ ਸ਼ੁਰੂਆਤ ਰੋਟਰੀ ਦੀ ਰਵਾਇਤ ਅਨੁਸਾਰ ਰਾਸ਼ਟਰੀ ਗਾਇਨ ਅਤੇ 'ਓਰ ਵੇ ਟੈਸਟ' ਨਾਲ ਕੀਤੀ ਗਈ।ਇਸ ਉਪਰੰਤ ਸਾਰੇ ਕਲੱਬ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵਿਚਕਾਰ ਕਈ ਤਰ੍ਹਾਂ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਤੰਬੋਲਾ, ਅੰਤਾਕਸ਼ਰੀ ਅਤੇ ਗੀਤ-ਸੰਗੀਤ ਪੇਸ਼ ਕੀਤਾ ਗਿਆ।ਕਲੱਬ ਵੱਲੋਂ ਮੁਕਾਬਲਿਆਂ ਵਿੱਚ ਪਹਿਲਾ, ਦੂਜਾ, ਤੀਜਾ ਸਥਾਨ ਹਾਸਲ ਕਰਨ ਵਾਲਿਆਂ ਅਤੇ ਸ਼ਲਾਘਾਯੋਗ ਭੂਮਿਕਾ ਨਿਭਾਉਣ ਵਾਲਿਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਕਲੱਬ ਦੇ ਸਾਬਕਾ ਪ੍ਰਧਾਨ ਅਤੇ ਰੇਡੀਓ ਤੇ ਟੀ.ਵੀ. ਕਲਾਕਾਰ ਸੁਰਿੰਦਰ ਕੱਕੜ, ਡਾ. ਕੁਲਦੀਪ ਸਿੰਘ, ਵਿਜੇ ਭਸੀਨ ਅਤੇ ਕੇ.ਐਸ. ਚੱਠਾ ਨੇ ਆਪਣੇ ਗੀਤਾਂ ਰਾਹੀਂ ਸਾਰਿਆਂ ਦਾ ਖੂਬ ਮਨੋਰੰਜਨ ਕੀਤਾ। ਤੰਬੋਲਾ ਦੇ ਜੇਤੂ ਮੈਂਬਰਾਂ ਨੂੰ ਰੋਟੇਰੀਅਨ ਸੋਖੀ ਜੀ ਵੱਲੋਂ ਨਕਦ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ।ਇਸ ਮੌਕੇ ਸਾਬਕਾ ਪ੍ਰਧਾਨ ਯਸ਼ਪਾਲ ਅਰੋੜਾ, ਸਾਬਕਾ ਪ੍ਰੋਫੈਸਰ ਹਰਜਿੰਦਰ ਕੌਰ ਚੱਠਾ, ਬੀ.ਬੀ.ਕੇ. ਡੀ.ਏ.ਵੀ. ਦੀ ਪ੍ਰਿੰਸੀਪਲ ਇੰਦੂ ਗੁਲਾਟੀ, ਸ੍ਰੀਮਤੀ ਗੀਟਾ ਕੱਕੜ, ਸੁਨੀਤਾ ਭਸੀਨ, ਸੰਦੀਪ ਗੁਲਾਟੀ, ਗੁਰਮੀਤ ਸਿੰਘ, ਰਮੇਸ਼ ਕੱਕੜ, ਵਰੁਣ ਕੱਕੜ, ਨਿਰਮਲ ਸਿੰਘ, ਅਤੁਲ ਮਹਿਰਾ, ਰਮਨੀਕ ਭੰਡਾਰੀ, ਟੀ.ਪੀ.ਐਸ. ਚਾਵਲਾ, ਹਰਭੇਜ ਸਿੰਘ, ਸੁਧਾਂਸ਼ੂ, ਰਾਜੇਸ਼ ਭਦਵਾਰ ਸਮੇਤ ਰੋਟਰੀ ਕਲੱਬ ਨਾਰਥ ਦੇ ਸਮੂਹ ਮੈਂਬਰ ਪਰਿਵਾਰਾਂ ਸਮੇਤ ਮੌਜੂਦ ਸਨ।

ਸੁਭਾਸ਼ ਦੀਵਾਨ ਕਾਲੇ ਸ਼ਾਹ ਵੱਲੋਂ ਲੋੜਵੰਦ ਪਰਵਾਰਾਂ ਨੂੰ ਕੰਬਲ ਵੰਡੇ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਕਾਦੀਆਂ ਦੇ ਨਜ਼ਦੀਕ ਸਥਿਤ ਗੁਰਦੁਆਰਾ ਦੁਖ ਨਿਵਾਰਣ ਸਾਹਿਬ ਡੱਲਾ ਮੋੜ ਵਿਖੇ ਪ੍ਰਸਿੱਧ ਸਮਾਜ ਸੇਵੀ ਸੁਭਾਸ਼ ਦੀਵਾਨ (ਕਾਲੇ ਸ਼ਾਹ) ਅਤੇ ਉਹਨਾਂ ਦੇ ਪਰਿਵਾਰ ਵੱਲੋਂ 100 ਦੇ ਕਰੀਬ ਲੋੜਵੰਦ ਪਰਵਾਰਾਂ ਨੂੰ ਸਰਦੀ ਦੇ ਮੌਸਮ ਦੀ ਸ਼ੁਰੂਆਤ ਨੂੰ ਵੇਖਦੇ ਹੋਏ ਕੰਬਲਾਂ ਦੀ ਵੰਡ ਕੀਤੀ ਗਈ।ਉਹਨਾਂ ਕਿਹਾ ਕਿ ਉਹਨਾਂ ਦਾ ਪਰਿਵਾਰ ਹਰ ਸਾਲ ਸਰਬੱਤ ਦੇ ਭਲੇ ਦੀ ਅਰਦਾਸ ਕਰਦੇ ਹੋਏ ਸੇਵਾ ਦਾ ਕਾਰਜ ਕਰਦਾ ਆ ਰਿਹਾ ਹੈ।ਇਸ ਤੋਂ ਇਲਾਵਾ ਉਹ ਅਚਲੇਸ਼ਵਰ ਧਾਮ ਵਿਖੇ ਵੀ ਨੌਵੀਂ ਤੇ ਦਸਵੀਂ ਦੇ ਪਵਿੱਤਰ ਦਿਹਾੜੇ ਤੇ ਵੀ ਲੋੜਵੰਦਾਂ ਨੂੰ ਕੰਬਲ ਵੰਡਨ ਤੇ ਲੋੜਵੰਦਾਂ ਨੂੰ ਦਾਨ ਦੇ ਰੂਪ ਵਿੱਚ ਸਹਾਇਤਾ ਕਰਦਾ ਹੈ ।ਉਹਨਾਂ ਹੋਰ ਕਿਹਾ ਕਿ ਪਰਮਾਤਮਾ ਜਦ ਤੱਕ ਵੀ ਉਹਨਾਂ ਕੋਲ ਇਹ ਸੇਵਾ ਲਏਗਾ ਉਹ ਪਰਿਵਾਰ ਸਮੇਤ ਖ਼ੁਸ਼ੀ ਨਾਲ ਇਹ ਕਾਰਜ ਕਰਦੇ ਰਹਿਣਗੇ। ਇਸ ਮੌਕੇ ਲੋੜਵੰਦ ਪਰਿਵਾਰਾਂ ਅਤੇ ਗੁਰਦੁਆਰਾ ਦੁਖ ਨਿਵਾਰਣ ਸਾਹਿਬ ਡੱਲਾ ਮੋੜ ਦੀ ਪ੍ਰਬੰਧਕ ਕਮੇਟੀ ਵੱਲੋਂ ਪ੍ਰਸਿੱਧ ਸਮਾਜ ਸੇਵੀ ਸ੍ਰੀ ਸੁਭਾਗ ਦੀਵਾਨ ਅਤੇ ਉਹਨਾਂ ਦੇ ਪਰਿਵਾਰ ਦਾ ਧੰਨਵਾਦ ਕੀਤਾ ਅਤੇ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ।ਸ੍ਰੀ ਸੁਭਾਸ਼ ਦੀਵਾਨ (ਕਾਲੇ ਸ਼ਾਹ) ਤੇ ਉਨ੍ਹਾਂ ਦੇ ਪਰਿਵਾਰ ਨਾਲ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਲਵਜੀਤ ਸਿੰਘ, ਗ੍ਰੰਥੀ ਭਾਈ ਸ਼ਰਨਜੀਤ ਸਿੰਘ, ਮੈਂਬਰ ਤਰਲੋਕ ਸਿੰਘ, ਮਨਜੀਤ ਸਿੰਘ, ਰਣਧੀਰ ਸਿੰਘ , ਸੁਰਿੰਦਰ ਸਿੰਘ ਅਤੇ ਜੋਗਿੰਦਰ ਸਿੰਘ ਸਮੇਤ ਲੋੜਵੰਦ ਪਰਵਾਰ ਅਤੇ ਸੰਗਤ ਵੱਡੀ ਗਿਣਤੀ ਵਿੱਚ ਹਾਜ਼ਰ ਸੀ।

ਮਜੀਠਾ ਦੇ ਸਮੂਹ ਕਾਂਗਰਸੀ ਆਗੂਆਂ ਵੱਲੋਂ ਸੱਚਰ ਦਾ ਸਨਮਾਨ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਹਲਕਾ ਮਜੀਠਾ ਵਿੱਚ ਸੀਨੀਅਰ ਕਾਂਗਰਸੀ ਆ

ਨਵਾਂ ਜ਼ਮਾਨਾ
ਮੰਗਲਵਾਰ, 17 ਨਵੰਬਰ 2026

ਅੰਤੋਦਿਆ ਅੰਨ ਯੋਜਨਾ ਖਤਰੇ 'ਚ

ਰਾਸ਼ਟਰੀ ਖੁਰਾਕ ਸੁਰੱਖਿਆ ਐਕਟ 2013 ਦੇ ਤਹਿਤ ਹਰੇਕ ਅੰਤੋਦਿਆ ਪਰਵਾਰ ਪ੍ਰਤੀ ਮਹੀਨਾ 35 ਕਿੱਲੋ ਅਨਾਜ ਦਾ ਹੱਕਦਾਰ ਹੈ, ਭਾਵੇਂ ਉਸ ਦੇ ਜੀਅ ਜਿੰਨੇ ਮਰਜ਼ੀ ਹੋਣ। ਹੁਣ ਕੇਂਦਰ ਨੇ ਅੰਤੋਦਿਆ ਅੰਨ ਯੋਜਨਾ 'ਤਰਕਸੰਗਤ' ਬਣਾਉਣ ਦੀ ਤਜਵੀਜ਼ ਰੱਖੀ ਹੈ। ਇਹ ਤਜਵੀਜ਼ ਅਨਾਜ ਦੀ ਵੰਡ ਨੂੰ ਪ੍ਰਤੀ ਵਿਅਕਤੀ ਦੇ ਆਧਾਰ 'ਤੇ ਘਟਾਉਣ ਦੀ ਕੋਸ਼ਿਸ਼ ਕਰਦੀ ਹੈ, ਮਸਲਨ ਪ੍ਰਤੀ ਵਿਅਕਤੀ ਨੂੰ 7 ਕਿੱਲੋ ਅਨਾਜ ਮਿਲੇਗਾ, ਪਰ ਪ੍ਰਤੀ ਪਰਵਾਰ 35 ਕਿੱਲੋ ਤੱਕ ਹੀ ਮਿਲੇਗਾ, ਭਾਵੇਂ ਜੀਅ ਪੰਜ ਤੋਂ ਵੱਧ ਹੀ ਹੋਣ। ਇਹ ਯੋਜਨਾ ਵਰਤਮਾਨ ਵਿੱਚ 2.5 ਕਰੋੜ ਪਰਵਾਰਾਂ ਨੂੰ ਕਵਰ ਕਰਦੀ ਹੈ, ਜਿਸ ਵਿੱਚ 7.7 ਕਰੋੜ ਲਾਭਪਾਤਰੀ ਸ਼ਾਮਲ ਹਨ। ਇਹ ਯੋਜਨਾ ਭਾਰਤ ਦੀ ਜਨਤਕ ਵੰਡ ਪ੍ਰਣਾਲੀ ਦਾ ਇੱਕ ਅਹਿਮ ਹਿੱਸਾ ਹੈ ਅਤੇ ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਨਾਲ ਜੁੜੀ ਹੋਈ ਹੈ। ਸਰਕਾਰ ਵਰਤਮਾਨ ਵਿੱਚ ਸਮੁੱਚੇ ਮੁਫਤ ਅਨਾਜ ਪ੍ਰੋਗਰਾਮ ਦੇ ਤਹਿਤ ਲੱਗਭੱਗ 2.13 ਲੱਖ ਕਰੋੜ ਰੁਪਏ ਦਾ ਸਾਲਾਨਾ ਭੋਜਨ ਸਬਸਿਡੀ ਬਿੱਲ ਸਹਿਣ ਕਰਦੀ ਹੈ। ਇਹ ਮਹੱਤਵਪੂਰਨ ਵਿੱਤੀ ਵਚਨਬੱਧਤਾ ਸ਼ਾਇਦ ਇੱਕ ਅਜਿਹੀ ਅਰਥਵਿਵਸਥਾ ਵਿੱਚ ਨਾਬਰਾਬਰੀ ਦੀ ਡਿਗਰੀ ਬਾਰੇ ਕੁਝ ਕਹਿੰਦੀ ਹੈ, ਜੋ ਦੁਨੀਆ ਦੀ ਛੇਵੀਂ ਸਭ ਤੋਂ ਵੱਡੀ ਹੈ। ਮਾਹਰਾਂ ਨੂੰ ਡਰ ਹੈ ਕਿ ਪ੍ਰਸਤਾਵਤ ਸੋਧ ਯੋਜਨਾ ਦੇ ਲਾਭਪਾਤਰੀਆਂ ਦੀ ਖੁਰਾਕ ਸੁਰੱਖਿਆ ਨਾਲ ਸਮਝੌਤਾ ਕਰ ਸਕਦੀ ਹੈ। ਸਰਕਾਰ ਦੀ ਦਲੀਲ ਹੈ ਕਿ ਮੌਜੂਦਾ ਪ੍ਰਬੰਧ ਨਿੱਕੇ ਅਤੇ ਵੱਡੇ ਪਰਵਾਰਾਂ ਵਿਚਕਾਰ ਅਸਮਾਨਤਾਵਾਂ ਪੈਦਾ ਕਰਦਾ ਹੈ। ਇਹ ਕੁਝ ਠੀਕ ਵੀ ਲੱਗਦੀ ਹੈ। ਮੌਜੂਦਾ ਪ੍ਰਬੰਧ ਦੇ ਤਹਿਤ ਦੋ ਜੀਆਂ ਵਾਲੇ ਪਰਵਾਰ ਨੂੰ ਪ੍ਰਤੀ ਵਿਅਕਤੀ 17.5 ਕਿੱਲੋ ਅਨਾਜ ਮਿਲਦਾ ਹੈ, ਜਦੋਂ ਕਿ ਪੰਜ ਜੀਆਂ ਵਾਲੇ ਪਰਵਾਰ ਨੂੰ ਪ੍ਰਤੀ ਵਿਅਕਤੀ ਸਿਰਫ 7 ਕਿੱਲੋ ਮਿਲਦਾ ਹੈ। ਪ੍ਰਸਤਾਵਤ ਪ੍ਰਣਾਲੀ ਲਾਗੂ ਹੋਣ ਨਾਲ ਦੋ ਜੀਆਂ ਵਾਲੇ ਪਰਵਾਰ ਨੂੰ ਮਾਸਿਕ 35 ਕਿੱਲੋ ਤੋਂ ਘਟ ਕੇ 14 ਕਿੱਲੋ ਅਨਾਜ ਮਿਲੇਗਾ। ਇਹ ਯੋਜਨਾ ਉਨ੍ਹਾਂ ਪਰਵਾਰਾਂ ਲਈ ਸੁਰੱਖਿਆ ਜਾਲ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਸੀ, ਜੋ ਆਰਥਿਕ ਰੁਕਾਵਟਾਂ ਕਾਰਨ ਅਸਧਾਰਨ ਤੌਰ 'ਤੇ ਕਮਜ਼ੋਰ ਹਨ। ਮਿਸਾਲ ਵਜੋਂ, ਦੋ ਬਜ਼ੁਰਗ ਜੀਆਂ ਵਾਲੇ ਪਰਵਾਰ ਦੀ ਆਮਦਨ ਜਾਂ ਬਾਹਰੀ ਸਹਾਇਤਾ ਬਹੁਤ ਘੱਟ ਹੋ ਸਕਦੀ ਹੈ; ਇਸ ਕਰਕੇ ਅਨਾਜ ਦੀ ਵੰਡ ਨੂੰ ਘਟਾਉਣਾ ਨੁਕਸਾਨਦੇਹ ਹੋ ਸਕਦਾ ਹੈ। ਇਸ ਤੋਂ ਇਲਾਵਾ ਖੁਰਾਕ ਸੁਰੱਖਿਆ ਨੂੰ ਗੰਭੀਰ ਪੋਸ਼ਣ ਸੰਬੰਧੀ ਘਾਟਾਂ ਦੇ ਨਜ਼ਰੀਏ ਤੋਂ ਦੇਖਿਆ ਜਾਣਾ ਚਾਹੀਦਾ ਹੈ। ਰਾਸ਼ਟਰੀ ਪਰਵਾਰਕ ਸਿਹਤ ਸਰਵੇਖਣ-6 (2023-24) ਨੇ ਪਾਇਆ ਕਿ ਪੰਜ ਸਾਲ ਤੋਂ ਘੱਟ ਉਮਰ ਦੇ 29.3 ਫੀਸਦੀ ਬੱਚੇ ਸਟੰਟਡ ਹਨ, ਜਦੋਂ ਕਿ 31.8 ਫੀਸਦੀ ਉਸ ਸ਼੍ਰੇਣੀ ਵਿੱਚ ਘੱਟ ਭਾਰ ਵਾਲੇ ਹਨ। ਇਹ ਅੰਕੜੇ ਭੁੱਖਮਰੀ ਅਤੇ ਕੁਪੋਸ਼ਣ ਦੀ ਨਿਰੰਤਰਤਾ ਨੂੰ ਉਜਾਗਰ ਕਰਦੇ ਹਨ। ਅੰਤੋਦਿਆ ਅੰਨ ਯੋਜਨਾ ਨੂੰ ਕਿਫਾਇਤੀ ਕੀਮਤਾਂ 'ਤੇ ਢੁੱਕਵੇਂ ਭੋਜਨ ਦੀ ਪਹੁੰਚ ਦੀ ਗਰੰਟੀ ਦੇਣ ਲਈ ਪੇਸ਼ ਕੀਤਾ ਗਿਆ ਸੀ। ਇੱਕ ਤਰਕਸ਼ੀਲ ਪ੍ਰਕਿਰਿਆ, ਜੋ ਹੱਕਾਂ ਨੂੰ ਘਟਾਉਂਦੀ ਹੈ, ਇੱਕ ਕਾਨੂੰਨੀ ਗਰੰਟੀ ਨੂੰ ਕਮਜ਼ੋਰ ਕਰ ਸਕਦੀ ਹੈ। ਇਸ ਤਜਵੀਜ਼ ਨਾਲ ਸਰਕਾਰੀ ਖਜ਼ਾਨੇ ਨੂੰ ਸਾਲਾਨਾ 12,000 ਕਰੋੜ ਰੁਪਏ ਦੀ ਬੱਚਤ ਹੋਣ ਦਾ ਅਨੁਮਾਨ ਹੈ, ਪਰ ਸਮਾਜਿਕ ਲਾਗਤ ਕਾਫੀ ਜ਼ਿਆਦਾ ਹੋਵੇਗੀ। ਵੋਟਾਂ ਲੈਣ ਲਈ ਯੋਜਨਾਵਾਂ ਦੇ ਵਾਅਦੇ ਕਰਨ ਤੇ ਸੱਤਾ ਵਿੱਚ ਆਉਣ ਤੋਂ ਬਾਅਦ ਗਰੀਬਾਂ ਦੀਆਂ ਯੋਜਨਾਵਾਂ 'ਚ ਛਾਂਗਾ ਲਾਉਣ ਦੀ ਸੋਚ ਸਹੀ ਨਹੀਂ ਹੈ।

ਬਲੀ ਜਿਨ੍ਹਾਂ ਦੇ ਜੇਠ !

ਇਹ ਧਰਤੀ ਗਿਆਨ ਦੀ ਭੁੱਖੀ ਹੈ,
ਪਿਆ ਠੰਢਾ ਕੰਮ ਪੜ੍ਹਾਈਆਂ ਦਾ।
ਇੱਥੇ ਰਲ-ਮਿਲ ਦੌਲਤ ਖਾਨਾਂ ਨੇ,
ਪਾ ਦਿੱਤਾ ਭੋਗ ਲਿਖਾਈਆਂ ਦਾ।
ਬੱਚੇ ਤਾਂ ਜੰਮਦੇ ਰਹਿਣਗੇ ਹੀ,
ਨਹੀਂ ਪਤਾ ਲੱਗੇਗਾ ਦਾਈਆਂ ਦਾ!
ਨਾਂਅ ਬਲੀ ਜੇਠਾਂ ਨੇ ਦੱਬ ਲਿਆ,
ਉੱਜੜ ਗਈਆਂ ਭਰਜਾਈਆਂ ਦਾ।
ਖੰਭ ਉਡਣ ਤੋਂ ਪਹਿਲਾਂ ਕੱਟ ਦਿੰਦੇ,
ਜਿਵੇਂ ਹੋਵੇ ਪੁੱਤ ਕਸਾਈਆਂ ਦਾ।
ਕਬਜ਼ਾ ਕਰਕੇ ਜੰਮਦਿਆਂ 'ਤੇ,
ਬੰਨ੍ਹ ਦਿੰਦੇ ਮੁੱਢ ਲੜਾਈਆਂ ਦਾ।

-ਗੁਲਪੁਰ

ਭਾਰਤ 'ਚ ਗਰੀਬ ਲੋਕ ਘੱਟ ਗਰੀਬ ਹਨ ?

ਮੂਲ : ਅਰੁਣ ਕੁਮਾਰ
ਅਨੁਵਾਦ : ਐੱਮ ਐੱਸ ਭਾਟੀਆ

ਪੀ ਪੀ ਪੀ ਡਾਲਰ (ਪਰਚੇਜ਼ਿੰਗ ਪਾਵਰ ਪੈਰਿਟੀ ਡਾਲਰ) ਦੀ ਕੀਮਤ ਆਮ ਡਾਲਰ ਨਾਲੋਂ ਵੱਧ ਹੋਣ ਦਾ ਕਾਰਨ ਭਾਰਤ ਵਿੱਚ ਸੇਵਾਵਾਂ ਸਸਤੀਆਂ ਹਨ। ਇਨ੍ਹਾਂ ਸਸਤੀਆਂ ਸੇਵਾਵਾਂ ਪਿੱਛੇ ਮਜ਼ਦੂਰਾਂ ਦੀਆਂ ਘੱਟ ਉਜਰਤਾਂ ਅਤੇ ਉਨ੍ਹਾਂ ਦੀ ਗਰੀਬੀ ਹੈ। ਇਹ ਸਥਿਤੀ 2011 ਵਿੱਚ ਵੀ ਸੀ ਅਤੇ 2026 ਵਿੱਚ ਵੀ ਕਾਇਮ ਹੈ।

ਵਿਸ਼ਵ ਬੈਂਕ ਦੀ ਪੋਵਰਟੀ ਐਂਡ ਇਕੁਇਟੀ ਬ੍ਰੀਫ਼ 2026 ਨੇ ਭਾਰਤ ਸਰਕਾਰ ਨੂੰ ਇੱਕ ਵੱਡੀ ਰਾਹਤ ਦਿੱਤੀ ਹੈ। ਇਸ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪਿਛਲੇ ਇੱਕ ਦਹਾਕੇ ਦੌਰਾਨ ਭਾਰਤ ਨੇ ਗਰੀਬੀ ਘਟਾਉਣ ਦੇ ਖੇਤਰ ਵਿੱਚ ਸ਼ਾਨਦਾਰ ਤਰੱਕੀ ਕੀਤੀ ਹੈ। ਰਿਪੋਰਟ ਅਨੁਸਾਰ ਕੌਮਾਂਤਰੀ ਅਤਿ ਦੀ ਗਰੀਬੀ ਰੇਖਾ, ਜੋ ਪ੍ਰਤੀ ਵਿਅਕਤੀ ਰੋਜ਼ਾਨਾ 3 ਡਾਲਰ ਨਿਰਧਾਰਤ ਕੀਤੀ ਗਈ ਹੈ, ਤੋਂ ਹੇਠਾਂ ਰਹਿਣ ਵਾਲੇ ਭਾਰਤੀਆਂ ਦੀ ਆਬਾਦੀ 2011 ਵਿੱਚ 27.1 ਫ਼ੀਸਦੀ ਸੀ, ਜੋ 2023 ਵਿੱਚ ਘਟ ਕੇ 2.6 ਫ਼ੀਸਦੀ ਰਹਿ ਗਈ। ਰਿਪੋਰਟ ਵਿੱਚ ਦਿਖਾਇਆ ਗਿਆ ਹੈ ਕਿ ਗਰੀਬੀ ਦਾ ਪੱਧਰ ਭਾਵੇਂ ਕੋਈ ਵੀ ਮਾਪਦੰਡ ਅਪਣਾਇਆ ਜਾਵੇ, ਘਟਿਆ ਹੈ।

ਅਪ੍ਰੈਲ ਵਿੱਚ ਜਦੋਂ ਊਰਜਾ ਦੀ ਕਮੀ ਅਤੇ ਗੈਸ ਦੀ ਕਾਲਾਬਾਜ਼ਾਰੀ ਨੇ ਕਾਮਿਆਂ ਦੇ ਬਜਟ (ਆਰਥਿਕ ਹਾਲਤ) ਨੂੰ ਪ੍ਰਭਾਵਤ ਕੀਤਾ, ਤਾਂ ਉਨ੍ਹਾਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਪ੍ਰਦਰਸ਼ਨ ਕੀਤੇ ਸਨ। ਸਰਕਾਰ ਨੂੰ ਕਾਮਿਆਂ ਦੀਆਂ ਉਜਰਤਾਂ ਵਧਾਉਣੀਆਂ ਪਈਆਂ। ਇਸ ਤੋਂ ਇਲਾਵਾ ਨੀਤੀ ਆਯੋਗ ਨੇ ਰਿਪੋਰਟ ਦਿੱਤੀ ਹੈ ਕਿ ਲਗਭਗ 9 ਕਰੋੜ ਨੌਜਵਾਨ ਨਾ ਤਾਂ ਰੁਜ਼ਗਾਰ ਵਿੱਚ ਹਨ ਅਤੇ ਨਾ ਹੀ ਸਿੱਖਿਆ ਪ੍ਰਾਪਤ ਕਰ ਰਹੇ ਹਨ । ਬੇਰੁਜ਼ਗਾਰੀ ਕਾਰਨ ਗਰੀਬੀ ਪੈਦਾ ਹੁੰਦੀ ਹੈ।

2011 ਤੋਂ 2023 ਦਰਮਿਆਨ ਅਸੰਗਠਿਤ ਖੇਤਰ ਨੂੰ ਸਰਕਾਰ ਵੱਲੋਂ ਲਏ ਗਏ ਲਗਾਤਾਰ ਗਲਤ ਫ਼ੈਸਲਿਆਂ ਕਾਰਨ ਕਈ ਵੱਡੇ ਝਟਕੇ ਲੱਗੇ। ਇਨ੍ਹਾਂ ਵਿੱਚ ਨੋਟਬੰਦੀ, ਜੀ ਐੱਸ ਟੀ ਦੀਆਂ ਖਾਮੀਆਂ, ਐੱਨ ਬੀ ਐਫ ਸੀ (ਗੈਰ-ਬੈਂਕਿੰਗ ਵਿੱਤੀ ਕੰਪਨੀ) ਸੰਕਟ ਅਤੇ ਅਚਾਨਕ ਲਗਾਈ ਗਈ ਤਾਲਾਬੰਦੀ ਸ਼ਾਮਲ ਹਨ। ਇਸ ਤੋਂ ਇਲਾਵਾ ਯੂਕਰੇਨ ਅਤੇ ਪੱਛਮੀ ਏਸ਼ੀਆ ਦੀਆਂ ਜੰਗਾਂ ਕਾਰਨ ਵੀ ਇਸ ਖੇਤਰ ਨੂੰ ਨੁਕਸਾਨ ਹੋਇਆ। ਦੇਸ਼ ਦੇ ਕੁੱਲ ਮਜ਼ਦੂਰਾਂ ਵਿੱਚੋਂ 94 ਫ਼ੀਸਦੀ ਨੂੰ ਰੁਜ਼ਗਾਰ ਦੇਣ ਵਾਲਾ ਇਹ ਖੇਤਰ ਅਜੇ ਤੱਕ ਇਨ੍ਹਾਂ ਝਟਕਿਆਂ ਤੋਂ ਪੂਰੀ ਤਰ੍ਹਾਂ ਉੱਭਰ ਨਹੀਂ ਸਕਿਆ ਅਤੇ ਇਸ ਵਿੱਚ ਕੰਮ ਕਰਨ ਵਾਲੇ ਲੋਕਾਂ ਦੀ ਆਮਦਨ ਘਟ ਗਈ ਹੈ।

ਇਸੇ ਤਰ੍ਹਾਂ ਕੌਮਾਂਤਰੀ ਮਜ਼ਦੂਰ ਸੰਗਠਨ (ਆਈ ਐੱਲ ਓ) ਦੀ ਰਿਪੋਰਟ ਅਨੁਸਾਰ ਦੱਖਣੀ ਏਸ਼ੀਆ ਵਿੱਚ ਦਸ ਵਿੱਚੋਂ ਇੱਕ ਤੋਂ ਵੀ ਘੱਟ ਕੰਪਨੀਆਂ ਦੀ ਅਗਵਾਈ ਔਰਤਾਂ ਕਰਦੀਆਂ ਹਨ ਅਤੇ ਇਸ ਮਾਮਲੇ ਵਿੱਚ ਭਾਰਤ ਸਭ ਤੋਂ ਹੇਠਲੇ ਸਥਾਨਾਂ ਦੇ ਨੇੜੇ ਹੈ।ਇਸ ਲਈ ਵਿਸ਼ਵ ਬੈਂਕ ਦੀ ਇਹ ਘੋਸ਼ਣਾ ਜ਼ਮੀਨੀ ਹਕੀਕਤ ਨਾਲ ਮੇਲ ਨਹੀਂ ਖਾਂਦੀ। ਇਹ ਕੋਈ ਹੈਰਾਨੀ ਵਾਲੀ ਗੱਲ ਨਹੀਂ, ਕਿਉਂਕਿ ਵਿਸ਼ਵ ਬੈਂਕ ਖ਼ੁਦ ਅੰਕੜੇ ਇਕੱਠੇ ਕਰਨ ਵਾਲੀ ਸੰਸਥਾ ਨਹੀਂ ਹੈ। ਇਹ ਸਰਕਾਰ ਵੱਲੋਂ ਮੁਹੱਈਆ ਕਰਵਾਏ ਗਏ ਅੰਕੜਿਆਂ ਦੀ ਵਰਤੋਂ ਕਰਦਾ ਹੈ, ਜਿਨ੍ਹਾਂ ਵਿੱਚ ਪਹਿਲਾਂ ਹੀ ਕਈ ਖਾਮੀਆਂ ਹੋ ਸਕਦੀਆਂ ਹਨ।

ਕੌਮਾਂਤਰੀ ਤੁਲਨਾ

ਇਸ ਤੋਂ ਇਲਾਵਾ ਵਿਸ਼ਵ ਬੈਂਕ ਆਪਣੀ ਗਰੀਬੀ ਦੀ ਗਣਨਾ ਵਿੱਚ ਵੀ ਇਨ੍ਹਾਂ ਖਾਮੀਆਂ ਨੂੰ ਹੋਰ ਵਧਾ ਦਿੰਦਾ ਹੈ। ਇਸ ਦਾ ਇੱਕ ਵੱਡਾ ਕਾਰਨ ਗਰੀਬੀ ਦਾ ਅੰਦਾਜ਼ਾ ਡਾਲਰ ਦੇ ਹਿਸਾਬ ਨਾਲ ਲਗਾਉਣਾ ਹੈ। ਰੁਪਏ ਨੂੰ ਡਾਲਰ ਵਿੱਚ ਤਬਦੀਲ ਕਰਨ ਸਮੇਂ ਕਈ ਤਰ੍ਹਾਂ ਦੀਆਂ ਵਿਧੀਗਤ ਗਲਤੀਆਂ ਪੈਦਾ ਹੁੰਦੀਆਂ ਹਨ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਇਸ ਤਰੀਕੇ ਨਾਲ ਭਾਰਤ ਦੇ ਗਰੀਬਾਂ ਦੀ ਅਸਲ ਸਥਿਤੀ ਨੂੰ ਹਾਸ਼ੀਏ ਉੱਤੇ ਧੱਕ ਦਿੱਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਹਕੀਕਤ ਨਾਲੋਂ ਘੱਟ ਗਰੀਬ ਦਿਖਾਇਆ ਜਾਂਦਾ ਹੈ।

ਉਦਾਹਰਣ ਵਜੋਂ, ਹਾਲ ਹੀ ਵਿੱਚ ਭਾਰਤ ਦੀ ਮੁਦਰਾ ਦਰ ਕਈ ਕਾਰਨਾਂ ਕਰਕੇ ਪ੍ਰਭਾਵਤ ਹੋਈ ਹੈ, ਜਿਨ੍ਹਾਂ ਵਿੱਚ ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਕਾਰਨ ਭੁਗਤਾਨ ਸੰਤੁਲਨ 'ਤੇ ਪਿਆ ਅਸਰ, ਪੋਰਟਫੋਲੀਓ ਨਿਵੇਸ਼ ਦਾ ਬਾਹਰ ਵੱਲ ਪ੍ਰਵਾਹ, ਘੱਟ ਸ਼ੁੱਧ ਵਿਦੇਸ਼ੀ ਪ੍ਰਤੱਖ ਨਿਵੇਸ਼ ਅਤੇ ਸਪਲਾਈ ਵਿੱਚ ਆਈਆਂ ਰੁਕਾਵਟਾਂ ਆਦਿ ਸ਼ਾਮਲ ਹਨ। ਸਾਲ 2026 ਵਿੱਚ ਡਾਲਰ ਦੇ ਮੁਕਾਬਲੇ ਰੁਪਏ ਦੇ ਮੁੱਲ ਵਿੱਚ 5.5% ਦੀ ਗਿਰਾਵਟ ਆਈ ਹੈ। ਕੀ ਇਹ ਕਿਹਾ ਜਾ ਸਕਦਾ ਹੈ ਕਿ ਭਾਰਤੀ ਲੋਕਾਂ ਦੀ ਆਰਥਿਕ ਹਾਲਤ 5.5 ਫੀਸਦੀ ਮਾੜੀ ਹੋ ਗਈ ਹੈ ਅਤੇ ਕੀ ਇਨ੍ਹਾਂ ਕਾਰਕਾਂ ਦਾ ਭਾਰਤੀ ਸਮਾਜ ਦੇ ਵੱਖ-ਵੱਖ ਵਰਗਾਂ 'ਤੇ ਵੱਖੋ-ਵੱਖਰਾ ਪ੍ਰਭਾਵ ਪੈਂਦਾ ਹੈ?

ਇਨ੍ਹਾਂ ਬਾਹਰੀ ਕਾਰਕਾਂ ਦੇ ਮੁਕਾਬਲੇ ਅੰਦਰੂਨੀ ਕਾਰਕਾਂ ਦਾ ਪ੍ਰਭਾਵ ਕਿਤੇ ਵਧੇਰੇ ਹੈ - ਜਿਵੇਂ ਕਿ ਬੇਰੁਜ਼ਗਾਰੀ, ਅਸੰਗਠਿਤ ਖੇਤਰ ਵਿੱਚ ਆਈ ਗਿਰਾਵਟ, ਖੇਤੀਬਾੜੀ 'ਤੇ ਸੋਕੇ ਦਾ ਅਸਰ, ਲੋਕਾਂ ਦੇ ਜੀਵਨ ਪੱਧਰ ਨੂੰ ਪ੍ਰਭਾਵਤ ਕਰਨ ਵਾਲੀ ਮਹਿੰਗਾਈ ਅਤੇ ਭਾਰਤ ਸਰਕਾਰ ਦੀਆਂ ਗਲਤ ਨੀਤੀਆਂ।

ਵਿਸ਼ਵ ਬੈਂਕ ਵੱਖ-ਵੱਖ ਦੇਸ਼ਾਂ ਵਿਚਕਾਰ ਖਪਤ ਦੀ ਤੁਲਨਾ ਕਰਨ ਲਈ ਇੱਕ ਟੋਕਰੀ (ਸਮੂਹ) ਦੀ ਵਰਤੋਂ ਕਰਦਾ ਹੈ, ਜਿਸ ਵਿੱਚ ਲਗਭਗ 3000 ਖਪਤਕਾਰ ਵਸਤਾਂ ਅਤੇ ਸੇਵਾਵਾਂ, ਸਰਕਾਰੀ ਖੇਤਰ ਦੇ 30 ਪੇਸ਼ੇ, 200 ਕਿਸਮਾਂ ਦੇ ਸਾਜ਼ੋ-ਸਾਮਾਨ ਅਤੇ ਲਗਭਗ 15 ਉਸਾਰੀ ਪ੍ਰੋਜੈਕਟ ਸ਼ਾਮਲ ਹੁੰਦੇ ਹਨ। ਇਹ ਸੰਸਥਾ ਹਿਸਾਬ ਲਗਾਉਂਦੀ ਹੈ ਕਿ ਇਸ ਟੋਕਰੀ ਦੀ ਕੀਮਤ ਕਿਸੇ ਦੇਸ਼ ਵਿੱਚ ਅਤੇ ਅਮਰੀਕਾ ਵਿੱਚ ਕਿੰਨੀ ਹੈ। ਇਹਨਾਂ ਦੋਵਾਂ ਵਿਚਕਾਰ ਅਨੁਪਾਤ ਤੋਂ ਡਾਲਰ ਦੇ ਮੁਕਾਬਲੇ ਸਥਾਨਕ ਮੁਦਰਾ ਦਾ ਮੁੱਲ ਪਤਾ ਲੱਗਦਾ ਹੈ। ਇਸ ਨੂੰ ਪਰਚੇਜ਼ਿੰਗ ਪਾਵਰ ਪੈਰਿਟੀ ਡਾਲਰ ਕਿਹਾ ਜਾਂਦਾ ਹੈ।

ਮਿਸਾਲ ਵਜੋਂ, ਜੇਕਰ 2023 ਵਿੱਚ ਡਾਲਰ ਦੇ ਮੁਕਾਬਲੇ ਰੁਪਏ ਦੀ ਵਟਾਂਦਰਾ ਦਰ 82.5 ਰੁਪਏ ਸੀ, ਤਾਂ ਪੀ ਪੀ ਪੀ ਦੇ ਹਿਸਾਬ ਨਾਲ ਇਹ ਦਰ 23.5 ਰੁਪਏ ਸੀ। ਇਸ ਦਾ ਅਰਥ ਹੈ ਕਿ ਭਾਰਤ ਵਿੱਚ ਇੱਕ ਰੁਪਏ ਦੀ ਖਰੀਦ ਸ਼ਕਤੀ ਆਮ ਵਟਾਂਦਰਾ ਦਰ ਦੇ ਮੁਕਾਬਲੇ ਲਗਭਗ 3.5 ਗੁਣਾ ਵੱਧ ਮੰਨੀ ਜਾਂਦੀ ਹੈ।

ਗਣਨਾ ਦੀ ਕਾਰਜ-ਵਿਧੀ ਸੰਬੰਧੀ ਮੁੱਦਾ

ਪੀ ਪੀ ਪੀ ਡਾਲਰ ਦੀ ਗਣਨਾ ਕਰਨ ਲਈ ਜਿਹੜੀਆਂ ਵਸਤਾਂ ਅਤੇ ਸੇਵਾਵਾਂ ਦੀ ਟੋਕਰੀ ਨੂੰ ਆਧਾਰ ਬਣਾਇਆ ਜਾਂਦਾ ਹੈ, ਉਹ ਪੂਰੇ ਦੇਸ਼ ਦੀ ਔਸਤ ਖਪਤ ਨੂੰ ਦਰਸਾਉਂਦੀ ਹੈ, ਪਰ ਗਰੀਬ ਲੋਕ ਇਸ ਟੋਕਰੀ ਵਿੱਚ ਸ਼ਾਮਲ ਬਹੁਤ ਸਾਰੀਆਂ ਵਸਤਾਂ ਦੀ ਵਰਤੋਂ ਹੀ ਨਹੀਂ ਕਰਦੇ। ਸਰਕਾਰ ਵਿੱਚ ਕੁਝ ਖ਼ਾਸ ਅਹੁਦਿਆਂ ਨਾਲ ਜੁੜੀਆਂ ਸੇਵਾਵਾਂ, ਮਸ਼ੀਨਰੀ ਅਤੇ ਉਪਕਰਨਾਂ ਵਰਗੀਆਂ ਵਸਤਾਂ ਅਤੇ ਨਿਰਮਾਣ ਪ੍ਰੋਜੈਕਟਾਂ ਨਾਲ ਸਬੰਧਤ ਖ਼ਰਚੇ ਵੀ ਉਨ੍ਹਾਂ ਲਈ ਬਹੁਤੇ ਪ੍ਰਸੰਗਿਕ ਨਹੀਂ ਹੁੰਦੇ।

ਇਸ ਲਈ ਘੱਟ ਆਮਦਨ ਹੋਣ ਕਾਰਨ ਗਰੀਬ ਲੋਕਾਂ ਦੀ ਖਪਤ ਸੀਮਤ ਰਹਿੰਦੀ ਹੈ ਅਤੇ ਵਿਸ਼ਵ ਬੈਂਕ ਵੱਲੋਂ ਵਰਤੀ ਜਾਂਦੀ ਵਸਤਾਂ ਤੇ ਸੇਵਾਵਾਂ ਦੀ ਇਹ ਟੋਕਰੀ ਉਨ੍ਹਾਂ ਦੀ ਅਸਲ ਖਪਤ ਨੂੰ ਸਹੀ ਢੰਗ ਨਾਲ ਪੇਸ਼ ਨਹੀਂ ਕਰਦੀ। ਗਰੀਬ ਲੋਕ ਮੁੱਖ ਤੌਰ 'ਤੇ ਜ਼ਰੂਰੀ ਵਸਤਾਂ ਦੀ ਖਪਤ ਕਰਦੇ ਹਨ। ਉਨ੍ਹਾਂ ਦੀ ਖਪਤ ਵਿੱਚ ਗੈਰ-ਜ਼ਰੂਰੀ ਵਸਤਾਂ, ਟਿਕਾਊ ਖਪਤ ਵਾਲੀਆਂ ਵਸਤਾਂ ਜਾਂ ਵੱਖ-ਵੱਖ ਸੇਵਾਵਾਂ ਦਾ ਹਿੱਸਾ ਬਹੁਤ ਘੱਟ ਹੁੰਦਾ ਹੈ । ਇਸ ਲਈ ਔਸਤ ਖਪਤ ਦੇ ਆਧਾਰ 'ਤੇ ਗਿਣਿਆ ਗਿਆ ਪੀ ਪੀ ਪੀ ਡਾਲਰ ਗਰੀਬ ਲੋਕਾਂ ਦੀ ਅਸਲ ਖਰੀਦ ਸ਼ਕਤੀ ਦੀ ਸਹੀ ਤਸਵੀਰ ਪੇਸ਼ ਨਹੀਂ ਕਰਦਾ।

ਅਮੀਰ ਦੇਸ਼ਾਂ ਵਿੱਚ ਸੇਵਾਵਾਂ ਦੀ ਖਪਤ ਬਹੁਤ ਜ਼ਿਆਦਾ ਹੁੰਦੀ ਹੈ ਅਤੇ ਭਾਰਤ ਦੇ ਖੁਸ਼ਹਾਲ ਵਰਗ ਵੀ ਵੱਡੀ ਮਾਤਰਾ ਵਿੱਚ ਸੇਵਾਵਾਂ ਦੀ ਵਰਤੋਂ ਕਰਦੇ ਹਨ। ਅਮਰੀਕਾ ਵਿੱਚ ਸੇਵਾ ਖੇਤਰ ਦਾ ਕੁੱਲ ਘਰੇਲੂ ਉਤਪਾਦ ਵਿੱਚ ਹਿੱਸਾ ਲਗਭਗ 78 ਫ਼ੀਸਦੀ ਹੈ, ਜਦੋਂਕਿ ਭਾਰਤ ਵਿੱਚ ਇਹ ਹਿੱਸਾ ਲਗਭਗ 54 ਫ਼ੀਸਦੀ ਹੈ। ਇਸ ਲਈ ਅਮਰੀਕਾ ਦੀ ਖਪਤ ਵਾਲੀ ਟੋਕਰੀ ਭਾਰਤ ਦੀ ਖਪਤ ਵਾਲੀ ਟੋਕਰੀ ਨਾਲੋਂ ਬਹੁਤ ਵੱਖਰੀ ਹੈ ਅਤੇ ਇਹ ਭਾਰਤ ਦੇ ਗਰੀਬ ਲੋਕਾਂ ਦੀ ਖਪਤ ਦੀ ਸਥਿਤੀ ਨੂੰ ਤਾਂ ਬਿਲਕੁਲ ਵੀ ਨਹੀਂ ਦਰਸਾਉਂਦੀ।

ਪਰ ਕੀ ਕਿਸੇ ਰੈਸਟੋਰੈਂਟ ਵਿੱਚ ਹੈਮਬਰਗਰ ਬਣਾਉਣ ਵਾਲੀ ਔਰਤ ਉਹ ਹੈਮਬਰਗਰ ਖ਼ੁਦ ਵੀ ਖਾ ਸਕਦੀ ਹੈ? ਕੀ ਤਿੰਨ ਤਾਰਾ ਹੋਟਲ ਵਿੱਚ ਕੰਮ ਕਰਨ ਵਾਲਾ ਕੋਈ ਕਰਮਚਾਰੀ ਉਸੇ ਹੋਟਲ ਵਿੱਚ ਛੁੱਟੀਆਂ ਮਨਾਉਣ ਲਈ ਰਹਿ ਸਕਦਾ ਹੈ? ਕੀ ਭਾਰਤ ਵਿੱਚ ਇੱਕ ਡਰਾਈਵਰ ਆਪਣੇ ਲਈ ਡਰਾਈਵਰ ਰੱਖ ਸਕਦਾ ਹੈ ਜਾਂ ਇੱਕ ਘ

ਸੱਦਾ ਸਿੰਘ ਵਾਲਾ ਦੇ 357 ਪਰਵਾਰਾਂ ਨੂੰ ਮਿਲੇ ਘਰਾਂ ਦੇ ਮਾਲਕੀ ਹੱਕ

ਸਰਕਾਰ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੱਕਣ ਤੇ ਖੁਸ਼ਹਾਲ ਬਣਾਉਣ ਲਈ ਵਚਨਬੱਧ : ਡਾ. ਅਰੋੜਾ



ਮੋਗਾ (ਇਕਬਾਲ ਸਿੰਘ ਖਹਿਰਾ) ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਕਾਨੂੰਨੀ ਮਾਲਕੀ ਹੱਕ ਦਿਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁੱਖ ਮੰਤਰੀ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਪਿੰਡ ਸੱਦਾ ਸਿੰਘ ਵਾਲਾ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪਿੰਡ ਦੀ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ 357 ਲਾਭਪਾਤਰੀ ਪਰਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੀਆਂ ਰਜਿਸਟਰੀਆਂ ਸੌਂਪੀਆਂ ਗਈਆਂ। ਇਨ੍ਹਾਂ ਪਰਵਾਰਾਂ ਨੂੰ ਆਪਣੇ ਘਰਾਂ ਦੇ ਕਾਨੂੰਨੀ ਮਾਲਕੀ ਹੱਕ ਪ੍ਰਾਪਤ ਹੋਏ ਤੇ ਲੰਮੇ ਸਮੇਂ ਤੋਂ ਆਪਣੇ ਘਰਾਂ ਦੇ ਪੱਕੇ ਦਸਤਾਵੇਜ਼ਾਂ ਦੀ ਉਡੀਕ ਕਰ ਰਹੇ ਲੋਕਾਂ ਦੇ ਚਿਹਰਿਆਂ 'ਤੇ ਖੁਸ਼ੀ ਦੇਖਣ ਨੂੰ ਮਿਲੀ। ਇਸ ਮੌਕੇ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ 'ਮੇਰਾ ਘਰ ਮੇਰੇ ਨਾਮ' ਯੋਜਨਾ ਆਮ ਲੋਕਾਂ ਨੂੰ ਉਨ੍ਹਾਂ ਦੇ ਹੱਕ ਦਿਵਾਉਣ ਵੱਲ ਇੱਕ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਪਰਿਵਾਰ ਲਈ ਆਪਣਾ ਘਰ ਸਿਰਫ਼ ਰਹਿਣ ਦੀ ਜਗ੍ਹਾ ਨਹੀਂ ਹੁੰਦਾ, ਸਗੋਂ ਇਹ ਉਸ ਦੀ ਮਿਹਨਤ, ਸੁਪਨਿਆਂ ਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨਾਲ ਜੁੜਿਆ ਹੁੰਦਾ ਹੈ। ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਬਹੁਤ ਸਾਰੇ ਪਰਵਾਰ ਲੰਮੇ ਸਮੇਂ ਤੋਂ ਆਪਣੇ ਘਰਾਂ ਦੇ ਪੱਕੇ ਦਸਤਾਵੇਜ਼ ਤੇ ਕਾਨੂੰਨੀ ਮਾਲਕੀ ਹੱਕ ਮਿਲਣ ਦੀ ਉਡੀਕ ਕਰ ਰਹੇ ਸਨ। ਇਸ ਯੋਜਨਾ ਰਾਹੀਂ ਅਜਿਹੇ ਪਰਵਾਰਾਂ ਦੀ ਸਾਲਾਂ ਪੁਰਾਣੀ ਸਮੱਸਿਆ ਦਾ ਹੱਲ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ। ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪਿੰਡ ਸੱਦਾ ਸਿੰਘ ਵਾਲਾ ਦੇ 357 ਪਰਵਾਰਾਂ ਨੂੰ ਰਜਿਸਟਰੀਆਂ ਮਿਲਣ ਨਾਲ ਉਨ੍ਹਾਂ ਨੂੰ ਆਪਣੇ ਘਰਾਂ ਉੱਤੇ ਕਾਨੂੰਨੀ ਮਾਲਕੀ ਦਾ ਹੱਕ ਪ੍ਰਾਪਤ ਹੋਇਆ ਹੈ। ਹੁਣ ਇਹ ਪਰਵਾਰ ਆਪਣੇ ਘਰਾਂ ਦੀ ਮਾਲਕੀ ਸਬੰਧੀ ਪੱਕੇ ਦਸਤਾਵੇਜ਼ਾਂ ਨਾਲ ਵਧੇਰੇ ਵਿਸ਼ਵਾਸ ਤੇ ਸੁਰੱਖਿਆ ਮਹਿਸੂਸ ਕਰ ਸਕਣਗੇ। ਉਨ੍ਹਾਂ ਕਿਹਾ ਕਿ ਘਰ ਦੀ ਰਜਿਸਟਰੀ ਹੋਣ ਨਾਲ ਪਰਵਾਰਾਂ ਨੂੰ ਭਵਿੱਖ ਵਿੱਚ ਜਾਇਦਾਦ ਨਾਲ ਸਬੰਧਤ ਮਾਮਲਿਆਂ ਵਿੱਚ ਕਾਨੂੰਨੀ ਸੁਰੱਖਿਆ ਤੇ ਸਹੂਲਤ ਮਿਲਦੀ ਹੈ। ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਯਤਨ ਹੈ ਕਿ ਸਰਕਾਰੀ ਯੋਜਨਾਵਾਂ ਦਾ ਲਾਭ ਸਮਾਜ ਦੇ ਹਰ ਲੋੜਵੰਦ ਤੇ ਯੋਗ ਪਰਿਵਾਰ ਤੱਕ ਪਹੁੰਚੇ। ਲੋਕਾਂ ਨੂੰ ਆਪਣੇ ਹੱਕਾਂ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਾਉਣ ਦੀ ਬਜਾਏ ਉਨ੍ਹਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਤੇ ਸਮੱਸਿਆਵਾਂ ਦਾ ਹੱਲ ਕਰਨਾ ਸਰਕਾਰ ਦੀ ਪਹਿਲ ਹੈ। ਉਨ੍ਹਾਂ ਕਿਹਾ ਕਿ ਲੋਕ ਭਲਾਈ ਯੋਜਨਾਵਾਂ ਦਾ ਮਕਸਦ ਸਿਰਫ਼ ਸਹੂਲਤਾਂ ਦੇਣਾ ਹੀ ਨਹੀਂ, ਸਗੋਂ ਆਮ ਨਾਗਰਿਕਾਂ ਨੂੰ ਆਰਥਿਕ ਤੇ ਸਮਾਜਿਕ ਤੌਰ 'ਤੇ ਮਜ਼ਬੂਤ ਬਣਾਉਣਾ ਵੀ ਹੈ। ਉਨ੍ਹਾਂ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਮਾਲਕੀ ਹੱਕ ਮਿਲਣ ਨਾਲ ਲੋਕਾਂ ਦਾ ਆਪਣੇ ਭਵਿੱਖ ਪ੍ਰਤੀ ਵਿਸ਼ਵਾਸ ਵਧੇਗਾ। ਉਨ੍ਹਾਂ ਸਾਰੇ ਲਾਭਪਾਤਰੀ ਪਰਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਰਕਾਰ ਆਮ ਲੋਕਾਂ ਦੀ ਭਲਾਈ ਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਲਈ ਲਗਾਤਾਰ ਯਤਨਸ਼ੀਲ ਹੈ। ਪਿੰਡ ਸੱਦਾ ਸਿੰਘ ਵਾਲਾ ਦੇ 357 ਪਰਵਾਰਾਂ ਨੂੰ ਰਜਿਸਟਰੀਆਂ ਮਿਲਣ ਦਾ ਇਹ ਮੌਕਾ ਪਿੰਡ ਵਾਸੀਆਂ ਲਈ ਵੀ ਖੁਸ਼ੀ ਦਾ ਵਿਸ਼ਾ ਰਿਹਾ। ਲਾਭਪਾਤਰੀ ਪਰਵਾਰਾਂ ਨੇ ਆਪਣੇ ਘਰਾਂ ਦੇ ਮਾਲਕੀ ਹੱਕਾਂ ਸਬੰਧੀ ਦਸਤਾਵੇਜ਼ ਮਿਲਣ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

ਢੁਕਵਾਂ ਮੁਆਵਜ਼ਾ ਨਾ ਮਿਲਣ ਤੋਂ ਖ਼ਫ਼ਾ ਪਿੰਡ ਵਾਸੀਆਂ ਵੱਲੋਂ ਕੌਮੀ ਮਾਰਗ ਜਾਮ

ਸਹਾਇਤਾ ਰਾਸ਼ੀ ਵਧਾਉਣ ਦੇ ਭਰੋਸੇ ਮਗਰੋਂ ਹੋਇਆ ਸਸਕਾਰ



ਮਲੋਟ (ਰਜਿੰਦਰ ਜੁਨੇਜਾ) ਤਰਨ ਤਾਰਨ ਵਿਖੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦੀਆਂ ਦੋ ਬੱਸਾਂ ਦੀ ਟੱਕਰ ਵਿੱਚ ਜਾਨ ਗੁਆਉਣ ਵਾਲੇ ਪਿੰਡ ਭੀਟੀਵਾਲਾ ਦੇ ਨੌਜਵਾਨ ਸਹਿਜਪ੍ਰੀਤ ਸਿੰਘ ਦੇ ਪਰਿਵਾਰ ਨੂੰ ਢੁੱਕਵਾਂ ਮੁਆਵਜ਼ਾ ਨਾ ਮਿਲਣ ਕਾਰਨ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਗਿਆ। ਪੰਜਾਬ ਸਰਕਾਰ ਵੱਲੋਂ ਐਲਾਨੀ ਘੱਟ ਸਹਾਇਤਾ ਰਾਸ਼ੀ ਤੋਂ ਖ਼ਫ਼ਾ ਪਿੰਡ ਵਾਸੀਆਂ ਨੇ ਅੰਮ੍ਰਿਤਸਰ ਤੋਂ ਦੇਹ ਪਿੰਡ ਪਹੁੰਚਣ 'ਤੇ ਗੁਰਦੁਆਰਾ ਸਾਹਿਬ ਸਾਹਮਣੇ ਡੱਬਵਾਲੀ-ਅਬੋਹਰ ਕੌਮੀ ਮਾਰਗ 'ਤੇ ਰੱਖ ਕੇ ਆਵਾਜਾਈ ਠੱਪ ਕਰ ਦਿੱਤੀ। ਪ੍ਰਦਰਸ਼ਨਕਾਰੀਆਂ ਨੇ ਮ੍ਰਿਤਕ ਦੇ ਪਰਿਵਾਰ ਲਈ 1 ਕਰੋੜ ਰੁਪਏ ਮੁਆਵਜ਼ਾ ਤੇ ਇੱਕ ਜੀਅ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਕੀਤੀ। ਜਾਣਕਾਰੀ ਅਨੁਸਾਰ ਸਾਧਾਰਨ ਪਰਿਵਾਰ ਨਾਲ ਸਬੰਧਤ ਸਹਿਜਪ੍ਰੀਤ ਸਿੰਘ ਤੀਰਥ ਯਾਤਰਾ ਬੱਸਾਂ ਵਿੱਚ ਬਤੌਰ ਗਾਈਡ ਡਿਊਟੀ ਨਿਭਾਉਂਦਾ ਸੀ। ਉਸ ਦਾ 13 ਮਹੀਨੇ ਪਹਿਲਾਂ ਹੀ ਵਿਆਹ ਹੋਇਆ ਸੀ ਤੇ ਪਰਿਵਾਰ ਸਿਰ ਕਾਫ਼ੀ ਕਰਜ਼ਾ ਵੀ ਹੈ।

ਧਰਨੇ ਦੀ ਸੂਚਨਾ ਮਿਲਦਿਆਂ ਹੀ ਸ੍ਰੀ ਮੁਕਤਸਰ ਸਾਹਿਬ ਦੇ ਏ.ਡੀ.ਸੀ. ਨਰਿੰਦਰ ਸਿੰਘ ਧਾਲੀਵਾਲ ਤੇ ਐੱਸ.ਪੀ. ਪੱਧਰ ਦੇ ਅਧਿਕਾਰੀਆਂ ਨੇ ਪਿੰਡ ਦੀ ਪੰਜ ਮੈਂਬਰੀ ਸੰਘਰਸ਼ ਕਮੇਟੀ (ਆਗੂ ਡਾ. ਰਜਿੰਦਰ ਸਿੰਘ ਸਮੇਤ) ਨਾਲ ਮੀਟਿੰਗ ਕੀਤੀ। ਅੰਤ ਵਿੱਚ 'ਆਪ' ਦੇ ਵਿਧਾਨ ਸਭਾ ਹਲਕਾ ਉਮੀਦਵਾਰ ਰਣਧੀਰ ਸਿੰਘ ਧੀਰਾ ਖੁੱਡੀਆਂ ਦੇ ਯਤਨਾਂ ਸਦਕਾ ਪ੍ਰਸ਼ਾਸਨ ਵੱਲੋਂ ਸਹਾਇਤਾ ਰਾਸ਼ੀ ਵਿੱਚ ਵਾਧਾ ਕਰਨ ਤੇ ਮੰਗਾਂ 'ਤੇ ਸਹਿਮਤੀ ਬਣਨ ਦੇ ਭਰੋਸੇ ਮਗਰੋਂ ਧਰਨਾ ਸਮਾਪਤ ਕੀਤਾ ਗਿਆ। ਇਸ ਉਪਰੰਤ ਅੱਜ ਸੋਮਵਾਰ ਸਵੇਰੇ ਕਰੀਬ 11 ਵਜੇ ਸਹਿਜਪ੍ਰੀਤ ਸਿੰਘ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

ਸਰਾਭਾ ਦੇ ਸ਼ਹੀਦੀ ਦਿਹਾੜੇ ਮੌਕੇ ਸੈਮੀਨਾਰ 'ਚ ਲੁੱਟ-ਖਸੁੱਟ ਖ਼ਿਲਾਫ਼ ਸੰਘਰਸ਼ ਦਾ ਸੱਦਾ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਨੌਜਵਾਨ ਭਾਰਤ ਸਭਾ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਦੌਰਾਨ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਗੁਰਵਿੰਦਰ ਸਿੰਘ ਦੇਧਨਾ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ।ਇਸ ਦੌਰਾਨ ਉਨ੍ਹਾਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜ਼ਿੰਦਗੀ, ਇਨਕਲਾਬੀ ਵਿਚਾਰਧਾਰਾ ਤੇ ਦੇਸ਼ ਦੀ ਆਜ਼ਾਦੀ ਲਈ ਕੀਤੇ ਸੰਘਰਸ਼ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰੇ ਗੁਰਵਿੰਦਰ ਸਿੰਘ ਦੇਧਨਾ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਬਹੁਤ ਛੋਟੀ ਉਮਰ ਵਿੱਚ ਹੀ ਦੇਸ਼ ਨੂੰ ਗੁਲਾਮੀ ਦੀਆਂ ਜ਼ੰਜੀਰਾਂ ਤੋਂ ਆਜ਼ਾਦ ਕਰਵਾਉਣ ਲਈ ਇਨਕਲਾਬੀ ਲਹਿਰ ਵਿੱਚ ਕੁੱਦ ਪਏ ਸਨ।ਉਨ੍ਹਾਂ ਨੇ ਆਪਣੀ ਨਿੱਜੀ ਜ਼ਿੰਦਗੀ, ਸੁੱਖ-ਸਹੂਲਤਾਂ ਤੇ ਜਵਾਨੀ ਦੇ ਸੁਪਨਿਆਂ ਦੀ ਪਰਵਾਹ ਕੀਤੇ ਬਿਨਾਂ ਦੇਸ਼ ਦੀ ਆਜ਼ਾਦੀ ਲਈ ਆਪਣਾ ਜੀਵਨ ਕੁਰਬਾਨ ਕਰ ਦਿੱਤਾ।ਸਰਾਭਾ ਦੀ ਸ਼ਹਾਦਤ ਸਿਰਫ਼ ਅੰਗਰੇਜ਼ ਹਕੂਮਤ ਵਿਰੁੱਧ ਸੰਘਰਸ਼ ਦੀ ਪ੍ਰਤੀਕ ਨਹੀਂ, ਸਗੋਂ ਇੱਕ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਦੇ ਸੁਪਨੇ ਨਾਲ ਵੀ ਜੁੜੀ ਹੋਈ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਸ਼ਹੀਦਾਂ ਨੂੰ ਯਾਦ ਕਰਨਾ ਸਿਰਫ਼ ਉਨ੍ਹਾਂ ਦੇ ਬੁੱਤਾਂ 'ਤੇ ਫੁੱਲ ਚੜ੍ਹਾਉਣ ਜਾਂ ਸਮਾਗਮ ਕਰਨ ਤੱਕ ਸੀਮਤ ਨਹੀਂ ਹੋਣਾ ਚਾਹੀਦਾ, ਸਗੋਂ ਉਨ੍ਹਾਂ ਦੀ ਵਿਚਾਰਧਾਰਾ ਨੂੰ ਸਮਝ ਕੇ ਆਪਣੇ ਜੀਵਨ ਵਿੱਚ ਅਪਣਾਉਣ ਦੀ ਲੋੜ ਹੈ।ਅੱਜ ਵੀ ਸਾਮਰਾਜਵਾਦ, ਕਾਰਪੋਰੇਟ ਲੁੱਟ, ਬੇਰੁਜ਼ਗਾਰੀ, ਮਹਿੰਗਾਈ ਤੇ ਨਿੱਜੀਕਰਨ ਵਰਗੀਆਂ ਸਮੱਸਿਆਵਾਂ ਨੌਜਵਾਨਾਂ ਤੇ ਮਿਹਨਤਕਸ਼ ਲੋਕਾਂ ਦੇ ਭਵਿੱਖ ਨੂੰ ਪ੍ਰਭਾਵਿਤ ਕਰ ਰਹੀਆਂ ਹਨ।ਇਸ ਲਈ ਨੌਜਵਾਨਾਂ ਨੂੰ ਸਰਾਭਾ ਦੀ ਸੋਚ ਤੋਂ ਸੇਧ ਲੈ ਕੇ ਇਨ੍ਹਾਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਜਥੇਬੰਦ ਹੋ ਕੇ ਸੰਘਰਸ਼ ਕਰਨ ਦੀ ਲੋੜ ਹੈ।

ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਛਬੀਲਪੁਰ ਨੇ ਕਿਹਾ ਕਿ ਅੱਜ ਨੌਜਵਾਨਾਂ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਬੇਰੁਜ਼ਗਾਰੀ, ਨਸ਼ਿਆਂ, ਫਿਰਕਾਪ੍ਰਸਤੀ ਤੇ ਸਿੱਖਿਆ ਦੇ ਨਿੱਜੀਕਰਨ ਵਰਗੀਆਂ ਸਮੱਸਿਆਵਾਂ ਹਨ।ਇਨ੍ਹਾਂ ਸਮੱਸਿਆਵਾਂ ਦਾ ਹੱਲ ਨੌਜਵਾਨਾਂ ਨੂੰ ਜਥੇਬੰਦ ਹੋ ਕੇ ਸੰਘਰਸ਼ ਕਰਨ ਦੀ ਲੋੜ ਹੈ।



ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਛਬੀਲਪੁਰ ਨੇ ਕਿਹਾ ਕਿ ਅੱਜ ਨੌਜਵਾਨਾਂ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਬੇਰੁਜ਼ਗਾਰੀ, ਨਸ਼ਿਆਂ, ਫਿਰਕਾਪ੍ਰਸਤੀ ਤੇ ਸਿੱਖਿਆ ਦੇ ਨਿੱਜੀਕਰਨ ਵਰਗੀਆਂ ਸਮੱਸਿਆਵਾਂ ਹਨ।ਇਨ੍ਹਾਂ ਸਮੱਸਿਆਵਾਂ ਦਾ ਹੱਲ ਨੌਜਵਾਨਾਂ ਨੂੰ ਜਾਗਰੂਕ ਤੇ ਜਥੇਬੰਦ ਕਰਕੇ ਹੀ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਭਾਰਤ ਸਭਾ ਦਾ ਮਕਸਦ ਸ਼ਹੀਦਾਂ ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨ ਲਈ ਨੌਜਵਾਨਾਂ ਨੂੰ ਇਨਕਲਾਬੀ ਵਿਚਾਰਾਂ ਨਾਲ ਜੋੜਨਾ ਹੈ। ਜ਼ਿਲ੍ਹਾ ਆਗੂ ਖੁਸ਼ਵੰਤ ਹਨੀ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਵਰਗੇ ਮਹਾਨ ਇਨਕਲਾਬੀਆਂ ਦੀ ਕੁਰਬਾਨੀ ਸਾਨੂੰ ਸਿਖਾਉਂਦੀ ਹੈ ਕਿ ਸਮਾਜ ਵਿੱਚ ਬਰਾਬਰੀ, ਇਨਸਾਫ਼ ਤੇ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਲਗਾਤਾਰ ਸੰਘਰਸ਼ ਕਰਨਾ ਬਹੁਤ ਜ਼ਰੂਰੀ ਹੈ।ਅੰਤ ਵਿੱਚ ਨੌਜਵਾਨਾਂ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਇਨਕਲਾਬੀ ਸੁਪਨਿਆਂ ਨੂੰ ਅੱਗੇ ਲਿਜਾਣ ਤੇ ਸਾਮਰਾਜਵਾਦ ਤੇ ਹਰ ਤਰ੍ਹਾਂ ਦੀ ਲੁੱਟ-ਖਸੁੱਟ ਵਿਰੁੱਧ ਸੰਘਰਸ਼ ਜਾਰੀ ਰੱਖਣ ਦਾ ਪ੍ਰਣ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਜ਼ਿਲ੍ਹਾ ਆਗੂ ਸੰਦੀਪ ਖੱਤਰੀ ਵੱਲੋਂ ਨਿਭਾਈ ਗਈ।

ਕਾਤਰਾਂ

ਅੱਖਾਂ ਦਾ ਮੁਫਤ ਜਾਂਚ ਕੈਂਪ 28 ਨੂੰ, ਤਿਆਰੀਆਂ ਮੁਕੰਮਲ : ਡਾ. ਰਮੇਸ਼ ਸ਼ਰਮਾ

ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਨੇਤਰ ਬੈਂਕ ਸੰਮਤੀ ਤੇ ਨਿਸ਼ਕਾਮ ਸੇਵਾ ਸਭਾ ਧੂਰੀ ਦੀ ਵਿਸ਼ੇਸ਼ ਮੀਟਿੰਗ ਸੰਸਥਾਵਾਂ ਦੇ ਪ੍ਰਧਾਨ ਡਾ. ਰਮੇਸ਼ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ 28 ਨਵੰਬਰ ਨੂੰ ਸਥਾਨਕ ਮੰਗਲਾ ਆਸ਼ਰਮ ਹਾਲ (ਗਊਸ਼ਾਲਾ) ਵਿਖੇ ਸੰਸਥਾਵਾਂ ਦੇ ਬਾਨੀ ਮਹਾਸ਼ਾ ਪ੍ਰਤਿਗਿਆ ਪਾਲ ਦੀ ਯਾਦ ਨੂੰ ਸਮਰਪਤ ਲਗਾਏ ਜਾ ਰਹੇ 39ਵੇਂ ਵਿਸ਼ਾਲ ਅੱਖਾਂ ਦੇ ਜਾਂਚ ਕੈਂਪ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਡਾ. ਰਮੇਸ਼ ਸ਼ਰਮਾ ਨੇ ਦੱਸਿਆ ਕਿ ਕੈਂਪ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਕੈਂਪ ਨੂੰ ਸਫ਼ਲ ਬਣਾਉਣ ਲਈ ਪਿੰਡਾਂ ਵਿੱਚ ਵਿਆਪਕ ਪ੍ਰਚਾਰ ਵੀ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 28 ਨਵੰਬਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਅੱਖਾਂ ਦੇ ਮਾਹਰ ਡਾਕਟਰ ਡਾ. ਮਨਪ੍ਰੀਤ ਸਿੰਘ ਦਿੱਲੀ, ਡਾ. ਰਾਹੁਲ ਸ਼ਰਮਾ, ਡਾ. ਸਾਈਦੀਪ ਢੰਡ ਤੇ ਡਾ. ਕਮਲਦੀਪ ਮਗੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਨਗੇ।ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਅੱਖਾਂ ਦੇ ਆਪ੍ਰੇਸ਼ਨ ਲਈ ਯੋਗ ਪਾਏ ਜਾਣ ਵਾਲੇ ਲੋੜਵੰਦ ਮਰੀਜ਼ਾਂ ਦੇ ਸਬਾਨਕ ਸ਼ਰਮਾ ਆਈ ਹਸਪਤਾਲ ਵਿਖੇ ਫੋਕੋ ਵਿਧੀ ਰਾਹੀਂ ਮੁਫ਼ਤ ਆਪ੍ਰੇਸ਼ਨ ਕੀਤੇ ਜਾਣਗੇ ਤੇ ਲੈਂਜ਼ ਵੀ ਮੁਫ਼ਤ ਪਾਏ ਜਾਣਗੇ।

ਨਸ਼ਾ ਮੁਕਤ ਅਰਦਾਸ ਯਾਤਰਾ ਭਲਕ ਤੋਂ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)-ਪੰਜਾਬ ਦੀ ਜਰਖ਼ੇਜ਼ ਧਰਤੀ 'ਤੇ ਨਸ਼ਿਆਂ ਦੇ ਦੈਂਤ ਵੱਲੋਂ ਮਚਾਏ ਜਾ ਰਹੇ ਤਾਂਡਵ ਤੇ ਘਰ-ਘਰ ਵਿਛ ਰਹੇ ਸੱਥਰਾਂ ਤੋਂ ਦੁਖੀ ਹੋ ਕੇ ਹੁਣ ਲੋਕਾਂ ਨੇ ਸਮੇਂ ਦੀਆਂ ਹਕੂਮਤਾਂ ਤੋਂ ਆਸ ਛੱਡ ਕੇ ਪਰਮਾਤਮਾ ਦੇ ਦਰ 'ਤੇ ਓਟ ਤੱਕਣੀ ਸ਼ੁਰੂ ਕਰ ਦਿੱਤੀ ਹੈ।ਇਸੇ ਕੜੀ ਤਹਿਤ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾਈ ਆਗੂ ਤੇ ਵਿਧਾਨ ਸਭਾ ਹਲਕਾ ਧੂਰੀ ਤੋਂ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਹਰਦੀਪ ਸਿੰਘ ਦੌਲਤਪੁਰ ਨੇ 18 ਨਵੰਬਰ ਤੋਂ ਹਲਕੇ ਅੰਦਰ 'ਨਸ਼ਾ ਮੁਕਤ ਅਰਦਾਸ ਯਾਤਰਾ' ਆਰੰਭਣ ਦਾ ਐਲਾਨ ਕੀਤਾ ਹੈ।ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਦੌਲਤਪੁਰ ਨੇ ਆਖਿਆ ਕਿ ਪੰਜਾਬ ਵਿੱਚ ਹਰ ਦੂਜੇ ਦਿਨ ਮਾਵਾਂ ਦੀਆਂ ਉੱਜੜ ਰਹੀਆਂ ਕੁੱਖਾਂ, ਭੈਣਾਂ ਦੇ ਸਿਰਾਂ 'ਤੇ ਪੈ ਰਹੀਆਂ ਚਿੱਟੀਆਂ ਚੁੰਨੀਆਂ ਤੇ ਬਜ਼ੁਰਗਾਂ ਦੇ ਮੋਢਿਆਂ 'ਤੇ ਉੱਠਦੀਆਂ ਜਵਾਨ ਅਰਥੀਆਂ ਦੇ ਵੈਣ ਹੁਣ ਸਹਾਰੇ ਨਹੀਂ ਜਾਂਦੇ।ਉਨ੍ਹਾਂ ਕਿਹਾ ਕਿ ਜਦੋਂ ਦੁਨਿਆਵੀ ਆਸਰੇ ਤੇ ਸਰਕਾਰੀ ਦਾਅਵੇ ਖੋਖਲੇ ਸਾਬਿਤ ਹੋ ਜਾਣ, ਤਾਂ ਫਿਰ ਉਸ ਸੱਚੇ ਪਾਤਸ਼ਾਹ ਦੇ ਚਰਨਾਂ 'ਚ ਢਹਿਣ ਤੋਂ ਬਿਨਾਂ ਕੋਈ ਚਾਰਾ ਨਹੀਂ ਬਚਦਾ।ਉਨ੍ਹਾਂ ਅਪੀਲ ਕੀਤੀ ਕਿ ਆਪਣੀ ਨੌਜਵਾਨ ਪੀੜ੍ਹੀ ਦੀਆਂ ਰਗਾਂ ਵਿੱਚ ਜ਼ਹਿਰ

ਪਰਸਵਾਰਥ ਸਭਾ ਵੱਲੋਂ ਲਗਾਏ ਮੁਫ਼ਤ ਮੈਡੀਕਲ ਕੈਂਪ 'ਚ 51 ਮਰੀਜ਼ਾਂ ਦੀ ਜਾਂਚ



ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)-ਪਰਸਵਾਰਥ ਸਭਾ ਵੱਲੋਂ ਐਤਵਾਰ ਨੂੰ ਲੋਕ ਭਲਾਈ ਦੇ ਉਦੇਸ਼ ਨਾਲ ਮੁਫ਼ਤ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ 51 ਮਰੀਜ਼ਾਂ ਨੇ ਪਹੁੰਚ ਕੇ ਆਪਣੀ ਸਿਹਤ ਦੀ ਜਾਂਚ ਕਰਵਾਈ ਤੇ ਡਾਕਟਰੀ ਸਲਾਹ ਪ੍ਰਾਪਤ ਕੀਤੀ। ਕੈਂਪ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਤੇ ਉਨ੍ਹਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਾ ਸੀ। ਕੈਂਪ ਦੌਰਾਨ ਡਾ. ਰਾਜੀਵ ਮਿੱਢਾ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਲੋੜ ਅਨੁਸਾਰ ਸਿਹਤ ਸਬੰਧੀ ਸਲਾਹ ਦਿੱਤੀ ਗਈ। ਇਸ ਮੌਕੇ ਗੁਰਚਰਨ ਕਮੀਰੀਆ, ਬਿੱਟੂ ਬੱਬਰ, ਰਮੇਸ਼ ਰਾਠੀ, ਸੁਰੇਸ਼ ਚੌਹਾਨ, ਮੈਡਮ ਰਮਨ ਤੇ ਮਾਣਿਕ ਚੌਹਾਨ ਸਮੇਤ ਸਭਾ ਦੇ ਮੈਂਬਰ ਤੇ ਹੋਰ ਸਹਿਯੋਗੀ ਮੌਜੂਦ ਰਹੇ। ਸਭਾ ਦੇ ਮੈਂਬਰਾਂ ਨੇ ਦੱਸਿਆ ਕਿ ਸਿਹਤ ਮਨੁੱਖੀ ਜੀਵਨ ਦੀ ਸਭ ਤੋਂ ਅਹਿਮ ਲੋੜ ਹੈ। ਕਈ ਵਾਰ ਆਰਥਿਕ ਤੰਗੀ ਜਾਂ ਹੋਰ ਕਾਰਨਾਂ ਕਰਕੇ ਲੋਕ ਸਮੇਂ ਸਿਰ ਆਪਣੀ ਸਿਹਤ ਦੀ ਜਾਂਚ ਨਹੀਂ ਕਰਵਾ ਸਕਦੇ। ਅਜਿਹੇ ਵਿੱਚ ਮੁਫ਼ਤ ਮੈਡੀਕਲ ਕੈਂਪ ਲੋਕਾਂ ਲਈ ਲਾਹੇਵੰਦ ਸਾਬਿਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਭਾ ਵੱਲੋਂ ਭਵਿੱਖ ਵਿੱਚ ਵੀ ਸਮਾਜ ਸੇਵਾ ਦੇ ਅਜਿਹੇ ਕਾਰਜ ਜਾਰੀ ਰੱਖੇ ਜਾਣਗੇ ਤਾਂ ਜੋ ਲੋੜਵੰਦ ਲੋਕਾਂ ਨੂੰ ਸਿਹਤ ਸਹੂਲਤਾਂ ਦਾ ਲਾਭ ਮਿਲ ਸਕੇ।

ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਮੋਗਾ ਦੇ ਚਾਰ ਆਗੂਆਂ ਦੀ ਨਿਯੁਕਤੀ



ਮੋਗਾ (ਇਕਬਾਲ ਸਿੰਘ ਖਹਿਰਾ)-ਆਉਣ ਵਾਲੀਆਂ ਵਿਧਾਨ ਸਭਾ 2027 ਦੀਆਂ ਚੋਣਾਂ ਨੂੰ ਲੈ ਕੇ ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ ਪਾਰਟੀ ਸਰਗਰਮੀਆਂ ਨੂੰ ਤੇਜ਼ ਕਰਨ ਲਈ ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ ਜਥੇਬੰਦੀ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਜਗਜਿੰਦਰ ਸਿੰਘ ਬੁੱਕਣ ਵਾਲਾ ਨੂੰ ਮੁਹਿੰਮ ਇੰਚਾਰਜ, ਅਮਰਜੀਤ ਸਿੰਘ ਲੰਢੇਕੇ ਨੂੰ ਜਥੇਬੰਦੀ ਕੋਆਰਡੀਨੇਟਰ, ਅਰਸ਼ਦੀਪ ਸਿੰਘ ਬੁੱਕਣ ਵਾਲਾ ਸੋਸ਼ਲ ਮੀਡੀਆ ਕੋਆਰਡੀਨੇਟਰ, ਸੁਖਦੀਪ ਸਿੰਘ ਝੰਡੇਆਣਾ ਵਿਜੀਬੈਲਟਰੀ ਕੋਆਰਡੀਨੇਟਰ ਬਣਾਇਆ ਗਿਆ ਹੈ।ਇਸ ਮੌਕੇ ਜਗਜਿੰਦਰ ਸਿੰਘ ਬੁੱਕਣ ਵਾਲਾ ਤੇ ਅਮਰਜੀਤ ਸਿੰਘ ਲੰਢੇਕੇ ਕਿਹਾ ਕਿ ਅੱਜ ਪੰਜਾਬ ਦੇ ਹਾਲਾਤ ਵੱਧ ਤੋਂ ਬਰਤਰ ਹੁੰਦੇ ਜਾ ਰਹੇ ਹਨ ਕਿਉਂਕਿ ਲੋਕਾਂ ਨੂੰ ਤੇ ਪੜ੍ਹੇ ਲਿਖੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਬਜਾਏ ਉਨ੍ਹਾਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ ਜਾ ਰਿਹਾ ਹੈ, ਜੋ ਸੂਬੇ ਲਈ ਅਤਿਅੰਤ ਮੰਦ ਭਾਗਾ ਹੈ। ਉਨ੍ਹਾਂ ਕਿਹਾ ਕਿ ਜੇ ਪੰਜਾਬ ਨੂੰ ਸੁਰੱਖਿਤ ਹੱਥਾਂ ਵਿੱਚ ਤੇ ਪੰਜਾਬ ਨੂੰ ਤਰੱਕੀਆਂ ਦੀਆਂ ਬੁਲੰਦੀਆਂ ਵੱਲ ਲੈ ਕੇ ਜਾਣਾ ਹੈ ਤਾਂ ਸਾਨੂੰ ਅਕਾਲੀ ਦਲ ਵਾਰਸ ਪੰਜਾਬ ਦੇ ਜਥੇਬੰਦੀ ਦਾ ਡੱਟ ਕੇ ਸਾਥ ਦੇਣਾ ਪਵੇਗਾ, ਕਿਉਂਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਹੇਠ ਜਥੇਬੰਦੀ ਵੱਲੋਂ ਪੰਜਾਬ ਦੀ ਨੁਹਾਰ ਬਦਲਣ ਦੇ ਵਿੱਚ ਸਰ ਕਰਨ ਲਈ ਸਮੁੱਚੀ ਜਥੇਬੰਦੀ ਪੱਬਾਂ ਭਾਰ ਹੈ। ਆਗੂਆਂ ਨੇ ਕਿਹਾ ਕਿ ਪੰਜਾਬੀਆਂ ਨੇ ਪਹਿਲਾਂ ਅਕਾਲੀਆਂ, ਕਾਂਗਰਸੀਆਂ ਤੇ ਹੁਣ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਨੂੰ ਪਰਖ ਕੇ ਦੇਖ ਲਿਆ ਹੈ, ਜਿਨ੍ਹਾਂ ਨੇ ਸਿਰਫ ਤੇ ਸਿਰਫ ਪੰਜਾਬ ਦਾ ਘਾਣ ਕੀਤਾ ਹੈ ਤੇ ਹੁਣ ਪੰਜਾਬ ਨੂੰ ਖੁਸ਼ਹਾਲ ਬਣਾਉਣ ਲਈ ਲੋਕ ਵਾਰਸ ਪੰਜਾਬ ਦੇ ਜਥੇਬੰਦੀ ਦਾ ਡੱਟ ਕੇ ਸਾਥ ਦੇਣ।

ਅਲਪਾਈਨ ਪਬਲਿਕ ਸਕੂਲ ਵਿਖੇ ਦੋ ਰੋਜ਼ਾ ਐਥਲੈਟਿਕ ਮੀਟ ਕਰਵਾਈ



ਭਵਾਨੀਗੜ੍ਹ (ਰਾਜ ਖੁਰਮੀ)-ਸਥਾਨਕ ਅਲਪਾਈਨ ਪਬਲਿਕ ਸਕੂਲ ਵਿਖੇ ਬਾਲ ਦਿਵਸ ਨੂੰ ਸਮਰਪਤ ਦੋ ਰੋਜ਼ਾ ਐਥਲੈਟਿਕ ਮੀਟ ਉਤਸ਼ਾਹ ਤੇ ਖੇਡ ਭਾਵਨਾ ਨਾਲ ਕਰਵਾਈ ਗਈ।ਇਸ ਖੇਡ ਸਮਾਗਮ ਵਿੱਚ ਸਕੂਲ ਦੀ ਨਰਸਰੀ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲੈਂਦਿਆਂ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਐਥਲੈਟਿਕ ਮੀਟ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਕਰਕੇ ਕੀਤੀ ਗਈ।ਇਸ ਉਪਰੰਤ 100, 200, 400 ਤੇ 600 ਮੀਟਰ ਦੌੜਾਂ, ਰਿਲੇਅ ਦੌੜ, ਲੰਮੀ ਛਾਲ, ਡੱਡੂ ਛਾਲ ਤੇ ਰੱਸਾਕਸ਼ੀ ਸਮੇਤ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ।ਵਿਦਿਆਰਥੀਆਂ ਨੇ ਪੂਰੇ ਜੋਸ਼ ਤੇ ਉਤਸ਼ਾਹ ਨਾਲ ਇਨ੍ਹਾਂ ਮੁਕਾਬਲਿਆਂ ਵਿੱਚ ਹਿੱਸਾ ਲਿਆ ਤੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਇਆ।ਦੋਵੇਂ ਦਿਨ ਮੁਕਾਬਲਿਆਂ ਦੀ ਸਮਾਪਤੀ ਮੌਕੇ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਮੈਨੇਜਰ ਹਰਮੀਤ ਸਿੰਘ ਗਰੇਵਾਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਮਾਨਸਿਕ ਤੇ ਸਰੀਰਕ ਵਿਕਾਸ 'ਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਇਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣਾ ਵੀ ਬਹੁਤ ਜ਼ਰੂਰੀ ਹੈ।ਸਕੂਲ ਦੀ ਪ੍ਰਿੰ. ਰੋਮਾ ਅਰੋੜਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਬੱਚਿਆਂ ਅੰਦਰ ਛੁਪੀ ਪ੍ਰਤਿਭਾ ਨੂੰ ਨਿਖਾਰਨ ਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਅਹਿਮ ਮੰਚ ਪ੍ਰਦਾਨ ਕਰਦੇ ਹਨ।ਉਨ੍ਹਾਂ ਕਿਹਾ ਕਿ ਅਲਪਾਈਨ ਪਬਲਿਕ ਸਕੂਲ ਵੱਲੋਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੇ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖੇ ਜਾਣਗੇ।

ਬਲਾਕ ਪ੍ਰਧਾਨ ਬਣਦੇ ਹੀ ਬਿਖਰਨ ਲੱਗੇ ਆਪ ਵਰਕਰ



ਰਾਜਪੁਰਾ (ਰਮੇਸ਼ ਕਟਾਰੀਆ)-ਆਮ ਆਦਮੀ ਪਾਰਟੀ ਦੇ ਨਵੇਂ ਬਣੇ ਬਲਾਕ ਪ੍ਰਧਾਨ ਦੀ ਨਿਯੁਕਤੀ ਤੋਂ ਬਾਅਦ ਪਾਰਟੀ ਵਰਕਰ ਬਿਖਰਨੇ ਸ਼ੁਰੂ ਹੋ ਗਏ ਹਨ।ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਕੁੱਝ ਦਿਨ ਪਹਿਲਾਂ ਹੀ ਪਾਰਟੀ ਨੇ ਇੱਕ ਯੁਵਾ ਨੇਤਾ ਨੂੰ ਪਾਰਟੀ ਦੀ ਮਜ਼ਬੂਤੀ ਲਈ ਸ਼ਹਿਰੀ (ਬਲਾਕ) ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਸੀ।ਇਸ ਖਬਰ ਤੋਂ ਬਾਅਦ ਪਾਰਟੀ ਵਰਕਰ ਬਿਖਰਨ ਸ਼ੁਰੂ ਹੋ ਗਏ ਹਨ।ਵਿਧਾਨ ਸਭਾ ਚੋਣਾਂ ਸਿਰ ਤੇ ਹੋਣ ਕਾਰਨ ਪਾਰਟੀ ਆਪਣੇ ਵਰਕਰਾਂ ਨੂੰ ਸੰਗਠਿਤ ਕਰਨ ਲਈ ਏੜੀ ਚੋਟੀ ਦਾ ਜ਼ੋਰ ਲਾ ਰਹੀ ਹੈ।ਲੋਕਾਂ ਵਿੱਚ ਇਹ ਗੱਲ ਦੀ ਚਰਚਾ ਹੈ ਕਿ ਨਵੇਂ ਬਣੇ ਬਲਾਕ ਪ੍ਰਧਾਨ ਆਪਣੀ ਮਸਤੀ ਵਿੱਚ ਮਸਤ ਰਹਿੰਦੇ ਹਨ ਤੇ ਉਹ ਵਰਕਰਾਂ ਨੂੰ ਮਿਲਣਾ ਤਾਂ ਕੀ, ਆਪਣੀ ਮਰਜ਼ੀ ਤੋਂ ਬਿਨਾਂ ਕਿਸੇ ਦਾ ਫੋਨ ਵੀ ਚੁੱਕਣਾ ਜ਼ਰੂਰੀ ਨਹੀਂ ਸਮਝਦੇ।

ਸਰਕਾਰੀ ਸਕੂਲ ਮੰਡੀ ਹਰਜੀ ਰਾਮ ਵਿਖੇ ਸਾਹਿਤਕ ਤੇ ਸੱਭਿਆਚਾਰਕ ਮੁਕਾਬਲੇ



ਮਲੋਟ (ਰਜਿੰਦਰ ਜੁਨੇਜਾ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਮੰਡੀ ਹਰਜੀ ਰਾਮ ਮਲੋਟ ਵਿਖੇ ਪ੍ਰਿੰਸੀਪਲ ਬਲਜੀਤ ਸਿੰਘ ਦੀ ਅਗਵਾਈ ਹੇਠ 1 ਤੋਂ 30 ਨਵੰਬਰ ਤੱਕ ਮਨਾਏ ਜਾ ਰਹੇ 'ਪੰਜਾਬੀ ਮਹੀਨੇ' ਤਹਿਤ ਵਿਦਿਆਰਥਣਾਂ ਨੂੰ ਆਪਣੇ ਸਾਹਿਤ, ਵਿਰਸੇ ਤੇ ਮਾਂ-ਬੋਲੀ ਨਾਲ ਜੋੜਨ ਲਈ ਗਿਆਰਵੀਂ ਤੇ ਬਾਰਵੀਂ ਜਮਾਤ ਦੇ ਸਾਹਿਤਕ ਤੇ ਸੱਭਿਆਚਾਰਕ ਮੁਕਾਬਲੇ ਕਰਵਾਏ ਗਏ।ਇਸ ਮੌਕੇ ਪੰਜਾਬੀ ਲੈਕਚਰਾਰ ਵਰਿੰਦਰ ਬਜਾਜ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮੰਤਵ ਨਵੀਂ ਪੀੜ੍ਹੀ ਨੂੰ ਆਪਣੀ ਸੱਭਿਆਚਾਰਕ ਵਿਰਾਸਤ ਪ੍ਰਤੀ ਜਾਗਰੂਕ ਕਰਨਾ ਹੈ।ਮੁਕਾਬਲਿਆਂ ਦੇ ਨਤੀਜਿਆਂ ਅਨੁਸਾਰ ਭਾਸ਼ਣ ਮੁਕਾਬਲੇ ਵਿੱਚ ਅਰਪਣ ਨੇ ਪਹਿਲਾ, ਅੰਸ਼ਦੀਪ ਨੇ ਦੂਜਾ ਤੇ ਗੁਰਪ੍ਰੀਤ ਮਲੋਦੀਆ ਨੇ ਤੀਜਾ ਸਥਾਨ ਹਾਸਲ ਕੀਤਾ।ਸੁੰਦਰ ਲਿਖਾਈ ਵਿੱਚ ਆਰਤੀ, ਮਨਪ੍ਰੀਤ ਕੌਰ, ਬੰਦਨਾ ਤੇ ਅਨੂ ਕ੍ਰਮਵਾਰ ਪਹਿਲੇ ਚਾਰ ਸਥਾਨਾਂ 'ਤੇ ਰਹੀਆਂ।ਲੋਕ ਗੀਤ ਮੁਕਾਬਲੇ ਵਿੱਚ ਸੁਖਪ੍ਰੀਤ ਕੌਰ ਨੇ ਪਹਿਲਾ, ਅਨਮੋਲ ਨੇ ਦੂਜਾ ਤੇ ਪਾਇਲ ਨੇ ਤੀਜਾ ਸਥਾਨ ਜਿੱਤਿਆ।ਇਸੇ ਤਰ੍ਹਾਂ ਕਵਿਤਾ ਉਚਾਰਨ ਵਿੱਚ ਸਰਸਵਤੀ, ਲਛਮੀ, ਤ੍ਰਿਸ਼ਾ, ਸੀਆ ਤੇ ਤਵੰਨਿਆ ਸੋਨੀ ਜੇਤੂ ਰਹੀਆਂ।ਸਮਾਗਮ ਦੌਰਾਨ ਪ੍ਰਭਨੂਰ ਕੌਰ, ਅਰਪਣ, ਪਾਇਲ ਤੇ ਨਿਸ਼ੂ ਦੀ ਅਗਵਾਈ ਹੇਠ ਵਿਦਿਆਰਥਣਾਂ ਨੇ ਸ਼ਾਨਦਾਰ ਗਿੱਧਾ ਪੇਸ਼ ਕੀਤਾ ਤੇ ਮੰਚ ਸੰਚਾਲਨ ਦਿਵਿਆ, ਦੀਪਾ ਤੇ ਪੂਨਮ ਵੱਲੋਂ ਨਿਭਾਇਆ ਗਿਆ। ਅੰਤ ਵਿੱਚ ਲੈਕਚਰਾਰ ਪਿੰਕੀ ਮਾਹੌਰ ਨੇ ਵਿਦਿਆਰਥਣਾਂ ਨੂੰ ਸਾਹਿਤਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਦਿਆਂ ਸਾਰਿਆਂ ਦਾ ਧੰਨਵਾਦ ਕੀਤਾ।ਉਪਰੰਤ ਲੈਕਚਰਾਰ ਸ਼ੇਸ਼ਟਾ, ਰਾਜ ਕੁਮਾਰ, ਸੁਰੇਸ਼ ਵਧਵਾ, ਅੰਜਲੀ ਰਾਣੀ ਤੇ ਅਨੂ ਗੁਪਤਾ ਸਮੇਤ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ।

'ਆਪ' ਦਾ ਜਨ ਆਧਾਰ ਖਿਸਕਿਆ, ਮਜਬੂਰੀ 'ਚ ਸਾਂਸਦਾਂ ਨੂੰ ਚੋਣ ਮੈਦਾਨ 'ਚ ਉਤਾਰਿਆ : ਕਾਂਗੜਾ



ਸੰਗਰੂਰ (ਪ੍ਰਵੀਨ ਸਿੰਘ)-ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿੱਚ ਆਪਣੀ ਮਜ਼ਬੂਤੀ ਦੇ ਕੀਤੇ ਜਾ ਰਹੇ ਦਾਅਵਿਆਂ ਦੀ ਪੋਲ ਦੋ ਸੰਸਦ ਮੈਂਬਰਾਂ ਨੂੰ ਵਿਧਾਨ ਸਭਾ ਦੀਆਂ ਚੋਣਾਂ ਲਈ ਟਿਕਟਾਂ ਦੇਣ ਨਾਲ ਖੁੱਲ੍ਹ ਗਈ ਹੈ।ਇਹ ਵਿਚਾਰ ਸ੍ਰੀ ਦਰਸ਼ਨ ਸਿੰਘ ਕਾਂਗੜਾ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਨੇ ਆਪਣੀ ਰਿਹਾਇਸ਼ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਗਟ ਕੀਤੇ।ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਵਿੱਚ ਆਪਣਾ ਜਨ ਆਧਾਰ ਗੁਆ ਚੁੱਕੀ ਹੈ, ਜਿਸ ਕਾਰਨ ਪਾਰਟੀ ਨੂੰ ਮਜਬੂਰੀਵੱਸ ਆਪਣੇ ਦੋ ਸੰਸਦ ਮੈਂਬਰਾਂ ਨੂੰ ਵਿਧਾਨ ਸਭਾ ਦੇ ਚੋਣ ਮੈਦਾਨ ਵਿੱਚ ਉਤਾਰਨਾ ਪਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਾਰਗੁਜ਼ਾਰੀ ਨੂੰ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਤੇ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਪੂਰੀ ਤਰ੍ਹਾਂ ਨਾਰਾਜ਼ ਨਜ਼ਰ ਆ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਸਮੇਂ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ ਸੱਤਾ ਵਿੱਚ ਆਉਣ ਤੋਂ ਬਾਅਦ ਇਹ ਵਾਅਦੇ ਪੂਰੇ ਨਹੀਂ ਕੀਤੇ ਗਏ।ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਮਿਲਿਆ, ਕਿਸਾਨਾਂ ਨੂੰ ਉਨ੍ਹਾਂ ਦੇ ਹੱਕ ਨਹੀਂ ਮਿਲੇ ਤੇ ਆਮ ਲੋਕ ਮਹਿੰਗਾਈ ਦੀ ਮਾਰ ਝੱਲ ਰਹੇ ਹਨ। ਇਸ ਦੇ ਨਾਲ ਹੀ ਸੂਬੇ ਵਿੱਚ ਨਸ਼ਿਆਂ ਤੇ ਕਾਨੂੰਨ ਵਿਵਸਥਾ ਦੀ ਸਥਿਤੀ ਵੀ ਲਗਾਤਾਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ।ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਵਿੱਚ ਸਰਕਾਰ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਹਮੇਸ਼ਾ ਲਈ ਸੱਤਾ ਤੋਂ ਬਾਹਰ ਹੋਣਾ ਪਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਕਾਂਗਰਸ ਪਾਰਟੀ ਪ੍ਰਤੀ ਲੋਕਾਂ ਦਾ ਰੁਝਾਨ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਭਾਵੇਂ ਗੱਠਜੋੜ ਵੀ ਕਰ ਲੈਣ, ਫਿਰ ਵੀ ਪੰਜਾਬ ਵਿੱਚ ਸਰਕਾਰ ਬਣਾਉਣ ਦਾ ਉਨ੍ਹਾਂ ਦਾ ਸੁਪਨਾ ਪੂਰਾ ਨਹੀਂ ਹੋਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ ਲਈ ਕਾਂਗਰਸ ਪਾਰਟੀ ਆਪਣੀ ਭੂਮਿਕਾ ਨਿਭਾਉਣ ਲਈ ਵਚਨਬੱਧ ਹੈ।ਇਸ ਮੌਕੇ ਉਨ੍ਹਾਂ ਨਾਲ ਕਾਂਗਰਸ ਪਾਰਟੀ ਦੇ ਹੋਰ ਆਗੂ ਤੇ ਵਰਕਰ ਮੌਜੂਦ ਸਨ।

ਅਨੁਸੂਚਿਤ ਜਨਜਾਤੀ ਕਬੀਲੇ ਮਿਸ਼ਨ ਪੰਜਾਬ ਵੱਲੋਂ ਨਾਭਾ 'ਚ ਸੈਮੀਨਾਰ

ਸ਼ਡਿਊਲ ਟਰਾਈਬ ਤੁਰੰਤ ਘੋਸ਼ਿਤ ਕਰੇ ਕੇਂਦਰ ਸਰਕਾਰ : ਬੁਲਾਰੇ



ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪਿਛਲੇ ਲੰਬੇ ਸਮੇਂ ਤੋਂ ਕੇਂਦਰਾਂ ਤੇ ਸਟੇਟ ਸਰਕਾਰਾਂ ਤੋਂ ਪੰਜਾਬ ਬਾਜ਼ੀਗਰ ਬੇਮੁਕਤ ਕਬੀਲਿਆਂ ਅਤੇ ਵਿਮੁਕਤ ਜਾਤੀਆਂ ਵੱਲੋਂ ਹੋਰਨਾਂ ਸਟੇਟਾਂ ਦੀ ਤਰਜ਼ 'ਤੇ ਪੰਜਾਬ ਅੰਦਰ ਵੀ ਸ਼ਡਿਊਲ ਟਰਾਈਬਜ਼ ਘੋਸ਼ਿਤ ਕਰਨ ਦੀ ਮੰਗ ਚੱਲੀ ਆ ਰਹੀ ਹੈ, ਜਿਸ ਨੂੰ ਸਮੇਂ ਦੀਆਂ ਸਰਕਾਰਾਂ ਅਣਗੌਲਿਆ ਕਰ ਦਿੰਦੀਆਂ ਹਨ ਅਤੇ ਜਦੋਂ ਚੋਣਾਂ ਦਾ ਸਮਾਂ ਨੇੜੇ ਆਉਂਦਾ ਹੈ, ਉਦੋਂ ਆਪਣੇ ਚੋਣ ਮੈਨੀਫੈਸਟੋ ਵਿੱਚ ਇਸ ਮੰਗ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕਰਨ ਲਈ ਵੱਡੇ ਵੱਡੇ ਵਾਅਦੇ ਤਾਂ ਕਰ ਲੈਂਦੀਆਂ ਹਨ, ਪਰ ਜਦੋਂ ਸਰਕਾਰ ਬਣ ਜਾਂਦੀ ਹੈ ਤਾਂ ਇਨ੍ਹਾਂ ਵਾਅਦਿਆਂ 'ਤੇ ਖਰਾ ਨਹੀਂ ਉਤਰਦੀਆਂ, ਜਿਸ ਕਰਕੇ ਹੁਣ ਸੂਬੇ ਅੰਦਰ ਅਨੁਸੂਚਿਤ ਜਨਜਾਤੀ ਕਬੀਲੇ ਮਿਸ਼ਨ ਪੰਜਾਬ ਵੱਲੋਂ ਸੈਮੀਨਾਰ ਤੇ ਰੈਲੀਆਂ ਕਰਵਾਈਆਂ ਜਾ ਰਹੀਆਂ ਹਨ, ਜਿਸ ਤਹਿਤ ਨਾਭਾ ਵਿਖੇ ਸਮੁੱਚੇ ਬਾਜ਼ੀਗਰ ਭਾਈਚਾਰੇ ਤੇ ਹੋਰ ਕਾਸਟਾਂ ਵੱਲੋਂ ਵਿਸ਼ੇਸ਼ ਸੈਮੀਨਾਰ ਕੀਤਾ ਗਿਆ।

ਜਿੱਥੇ ਆਏ ਸਮੁੱਚੇ ਬੁਲਾਰਿਆਂ ਨੂੰ ਪ੍ਰਧਾਨ ਸਾਬਕਾ ਡੀਐੱਸਪੀ ਅਮਰਜੀਤ ਸਿੰ

ਗੁਰੂ ਰਾਮ ਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ



ਮੋਗਾ, (ਇਕਬਾਲ ਸਿੰਘ ਖਹਿਰਾ)-ਸ੍ਰੀ ਗੁਰੂ ਰਾਮ ਦਾਸ ਕੀਰਤਨ ਦਰਬਾਰ ਕਮੇਟੀ ਮੋਗਾ ਵੱਲੋਂ ਗੁਰ ਸ਼ਬਦ ਪ੍ਰਚਾਰ ਮਿਸ਼ਨ ਤਹਿਤ ਗੁਰੂ ਰਾਮ ਦਾਸ ਜੀ ਪਾਵਨ ਆਗਮਨ ਪੁਰਬ ਨੂੰ ਸਮਰਪਤ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ ਵਿਖੇ ਕਰਵਾਇਆ ਗੁਰਮਤਿ ਕੀਰਤਨ ਸਮਾਗਮ ਯਾਦਗਾਰੀ ਹੋ ਨਿੱਬੜਿਆ।ਲਗਾਤਾਰ ਤਕਰੀਬਨ 6 ਘੰਟੇ ਦੇਰ ਰਾਤ ਤੱਕ ਚੱਲੇ ਇਸ ਸਮਾਗਮ ਦਾ ਹਜ਼ਾਰਾਂ ਦੀ ਗਿਣਤੀ ਵਿੱਚ ਪੁੱਜੀ ਸੰਗਤ ਨੇ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ।ਗੁਰਮਤਿ ਸਮਾਗਮਾਂ ਦੀ ਆਰੰਭਤਾ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਹੋਈ।ਉਪਰੰਤ ਇਸਤਰੀ ਸਤਿਸੰਗ ਸਭਾ ਦੇ ਜੱਥੇ ਵੱਲੋਂ ਸ਼ਬਦ ਕੀਰਤਨ ਨਾਲ ਹਾਜ਼ਰੀ ਲਗਵਾਈ।ਛੋਟੇ ਛੋਟੇ ਬੱਚਿਆਂ ਵੱਲੋਂ ਗੁਰਬਾਣੀ ਗਾਇਣ ਨੂੰ ਸੰਗਤਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ।ਭਾਈ ਰਣਜੀਤ ਸਿੰਘ ਮਾਲਵਾ ਦੇ ਜੱਥੇ ਤੋਂ ਬਾਦ ਭਾਈ ਪਰਮਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਬੀਬੀ ਕਾਹਨ ਕੌਰ ਤੇ ਭਾਈ ਹਰਦੀਪ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਕਲਗੀਧਰ ਸਾਹਿਬ ਨੇ ਆਪਣੇ ਜੱਥਿਆਂ ਸਮੇਤ ਭਰਵੀਂ ਹਾਜ਼ਰੀ ਲਗਵਾਈ।ਉਪਰੰਤ ਵਿਸ਼ੇਸ਼ ਤੌਰ 'ਤੇ ਪੁੱਜੇ ਸਿੱਖ ਪੰਥ ਦੇ ਸਿਰਮੌਰ ਕੀਰਤਨੀਏ ਭਾਈ ਅੰਮ੍ਰਿਤਪਾਲ ਸਿੰਘ ਢਪਈ, ਭਾਈ ਨਿਰਮਲ ਸਿੰਘ ਨਾਗਪੁਰੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਪ੍ਰਿੰਸੀਪਲ ਉਸਤਾਦ ਸੁਖਵੰਤ ਸਿੰਘ ਜਵੱਦੀ ਟਕਸਾਲ, ਪਦਮ ਸ੍ਰੀ ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲਿਆਂ ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਮੰਤਰ ਮੁਗਧ ਕੀਤਾ।ਸਮਾਗਮ ਦੇ ਅਖੀਰ 'ਤੇ ਭਾਈ ਅਨੰਤਵੀਰ ਸਿੰਘ ਯੂ. ਐੱਸ. ਏ. ਵਾਲਿਆਂ ਆਪਣੀ ਬੁਲੰਦ ਆਵਾਜ਼ ਵਿੱਚ ਗੁਰਬਾਣੀ ਗਾਇਨ ਦੌਰਾਨ ਕੀਤੀ ਰੰਗ ਬਿਰੰਗੀ ਆਤਿਸ਼ਬਾਜ਼ੀ ਨੇ ਸਮੁੱਚੇ ਮਾਹੌਲ ਨੂੰ ਸਿਖਰ 'ਤੇ ਪਹੁੰਚਾਅ ਦਿੱਤਾ।ਸਮਾਗਮ ਦੀ ਸੰਪੂਰਨਤਾ ਭਾਈ ਸਾਹਿਬ ਚਰਨ ਸਿੰਘ ਹੈੱਡ ਗ੍ਰੰਥੀ ਵੱਲੋਂ ਕੀਤੀ ਅਰਦਾਸ ਨਾਲ ਹੋਈ।ਸਟੇਜ ਦਾ ਸੰਚਾਲਨ ਬਲਜਿੰਦਰ ਸਿੰਘ ਸਹਿਗਲ ਵੱਲੋਂ ਕੀਤਾ ਗਿਆ।ਸਮਾਗਮ ਦੌਰਾਨ ਜਿੱਥੇ ਲੰਗਰ ਦੇ ਪ੍ਰਬੰਧ ਬਹੁਤ ਹੀ ਵਧੀਆ ਤੇ ਸੁਚੱਜੇ ਢੰਗ ਨਾਲ ਕੀਤੇ ਗਏ।ਚਾਹ, ਕੌਫੀ, ਦੁੱਧ, ਪਕੌੜਿਆਂ ਤੇ ਵੱਖ-ਵੱਖ ਪਕਵਾਨਾਂ ਦੇ ਸਟਾਲਾਂ ਦਾ ਵੀ ਵਧੀਆ ਪ੍ਰਬੰਧ ਕੀਤਾ ਗਿਆ। ਸਮਾਗਮ ਦੌਰਾਨ ਖਾਲਸਾ ਸੇਵਾ ਸੁਸਾਇਟੀ ਵੱਲੋਂ ਜੋੜਿਆਂ ਦੀ ਸੇਵਾ ਤੇ ਪਾਰਕਿੰਗ ਦੀ ਸੇਵਾ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ।ਸਮਾਗਮ ਦੀ ਸਫਲਤਾ ਲਈ ਨਾਨਕ ਘਰ ਕੇ ਗੋਲੇ ਟੀਮ ਨੇ ਮੋਹਰੀ ਰੋਲ ਨਿਭਾਇਆ।ਇਸ ਸਮੇਂ ਹੋਰਨਾਂ ਤੋਂ ਇਲਾਵਾ ਬਲਜੀਤ ਸਿੰਘ ਵਿੱਕੀ ਮੁੱਖ ਸੇਵਦਾਰ, ਰਛਪਾਲ ਸਿੰਘ ਆਰੇਂਜ਼ਾ, ਸਤਨਾਮ ਸਿੰਘ ਬੀ. ਏ., ਸਰਬਜੀਤ ਸਿੰਘ ਐਡਵੋਕੇਟ, ਜਸਬੀਰ ਸਿੰਘ ਯੂ. ਕੇ., ਕੁਲਦੀਪ ਸਿੰਘ ਗਿਆਨੀ ਬ੍ਦਰਜ਼, ਉੱਘੇ ਸਮਾਜ ਸੇਵੀ ਤੇ ਸਮੁੱਚੇ ਸਮਾਗਮ ਦੇ ਸੂਤਰਧਾਰ ਭੂਪਿੰਦਰ ਸਿੰਘ ਬਬਲੂ ਕੰਡਾ, ਅਜੀਤ ਸਿੰਘ ਰੋਹਣੀ, ਸੁਖਜੀਵਨ ਸਿੰਘ ਰੌਲੀ, ਬਲਜਿੰਦਰ ਸਿੰਘ ਨੰਨਰਾ, ਹਰਪ੍ਰੀਤ ਸਿੰਘ ਸਹਿਗਲ, ਬਲਜੀਤ ਸਿੰਘ ਚਾਨੀ ਸਾਬਕਾ ਮੇਅਰ, ਆਨਿਲ ਬਾਂਸਲ ਸਾਬਕਾ ਡਿਪਟੀ ਮੇਅਰ ਸਮੇਤ ਵੱਡੀ ਗਿਣਤੀ ਵਿੱਚ ਧਾਰਮਿਕ, ਰਾਜਸੀ ਤੇ ਧਾਰਮਿਕ ਸਖਸੀਅਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਪੰਜਾਬ 'ਚ ਕਾਂਗਰਸ ਦੀ ਸਰਕਾਰ ਬਣਨੀ ਤੈਅ : ਪ੍ਰਗਟ ਸਿੰਘ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਪੰਜਾਬ ਵਿੱਚ 2027 ਦੌਰਾਨ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਪਾਰਟੀ ਨੇ ਆਪਣੀਆਂ ਸਿਆਸੀ ਸਰਗਰਮੀਆਂ ਤੇਜ਼ ਕਰਦਿਆਂ ਹੁਸ਼ਿਆਰਪੁਰ ਵਿਖੇ ਵਿਸ਼ਾਲ ਰੈਲੀ ਕੀਤੀ। ਇਸ ਮੌਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਸਮੇਤ ਪਾਰਟੀ ਦੇ ਕਈ ਸੀਨੀਅਰ ਆਗੂਆਂ ਨੇ ਸ਼ਮੂਲੀਅਤ ਕੀਤੀ। ਰੈਲੀ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਗਟ ਸਿੰਘ ਨੇ ਕਿਹਾ ਕਿ ਪੰਜਾਬ ਦੇ ਲੋਕ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਨੂੰ ਸੱਤਾ ਵਿੱਚ ਲਿਆਉਣ ਲਈ ਉਤਸ਼ਾਹਿਤ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਕਾਨੂੰਨ ਦਾ ਰਾਜ ਸਥਾਪਤ ਕਰਨਾ ਅਤੇ ਲੋਕਾਂ ਦੇ ਹਿੱਤਾਂ ਦੀ ਰਾਖੀ ਕਰਨਾ ਪਹਿਲੀ ਤਰਜੀਹ ਹੋਵੇਗੀ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਨੇ ਲੋਕਤੰਤਰੀ ਪ੍ਰਣਾਲੀ ਨੂੰ ਨਜ਼ਰਅੰਦਾਜ਼ ਕੀਤਾ ਹੋਇਆ ਹੈ ਅਤੇ ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ। ਮਾਈਨਿੰਗ ਦੇ ਮਾਮਲੇ 'ਤੇ ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਰਿਕਾਰਡ ਤਲਬ ਕੀਤਾ ਜਾਣਾ ਇਸ ਖੇਤਰ ਵਿੱਚ ਹੋਈਆਂ ਕਥਿਤ ਬੇਨਿਯਮੀਆਂ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ 'ਤੇ ਦੋਸ਼ ਲਾਇਆ ਕਿ ਉਹ ਸੂਬੇ ਦੇ ਹਿੱਤਾਂ ਦੀ ਬਜਾਏ ਦਿੱਲੀ ਦੇ ਆਗੂਆਂ ਦੇ ਪ੍ਰਭਾਵ ਹੇਠ ਕੰਮ ਕਰ ਰਹੇ ਹਨ।ਪ੍ਰਗਟ ਸਿੰਘ ਨੇ ਕਾਂਗਰਸ ਅੰਦਰ ਧੜੇਬੰਦੀ ਅਤੇ ਆਪਣੇ ਹੀ ਆਗੂਆਂ ਵੱਲੋਂ ਪਾਰਟੀ ਨੂੰ ਨੁਕਸਾਨ ਪਹੁੰਚਾਉਣ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਭਰੋਸਾ ਜਤਾਇਆ ਕਿ ਇਸ ਵਾਰ ਅਜਿਹੀ ਸਥਿਤੀ ਪੈਦਾ ਨਹੀਂ ਹੋਵੇਗੀ। ਇਸ ਮੌਕੇ ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਸਗਤ ਸਿੰਘ ਗਿਲਜੀਆਂ, ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ, ਜ਼ਿਲ੍ਹਾ ਕਾਂਗਰਸ ਪ੍ਰਧਾਨ ਦਲਜੀਤ ਸਿੰਘ ਗਿਲਜੀਆਂ, ਯਾਮਿਨੀ ਗੋਮਰ, ਸਾਬਕਾ ਵਿਧਾਇਕ ਇੰਦੂਬਾਲਾ, ਪਵਨ ਕੁਮਾਰ ਆਦੀਆ, ਅਰੁਣ ਡੋਗਰਾ ਮਿੱਕੀ, ਲਵ ਕੁਮਾਰ ਗੋਲਡੀ, ਸਾਬਕਾ ਜ਼ਿਲ੍ਹਾ ਕਾਂਗਰਸ ਪ੍ਰਧਾਨ ਡਾ. ਕੁਲਦੀਪ ਨੰਦਾ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਡੈਲੀਗੇਟ ਰੋਹਿਤ ਜੋਸ਼ੀ, ਸੀਨੀਅਰ ਕਾਂਗਰਸੀ ਆਗੂ ਅਮਰਪਾਲ ਕਾਕਾ, ਐਡਵੋਕੇਟ ਰਣਜੀਤ ਸਿੰਘ ਕਿੱਟੀ, ਅਸ਼ੋਕ ਸੂਦ, ਹੈਪੀ ਅਤੇ ਅਸ਼ਵਨੀ ਸ਼ਰਮਾ ਸਮੇਤ ਹੋਰ ਕਈ ਆਗੂ ਤੇ ਵਰਕਰ ਹਾਜ਼ਰ ਸਨ।

ਪੰਜਾਬ ਨੂੰ ਆਰਥਿਕ ਪੱਖੋਂ ਖੜਾ ਕਰਨ ਲਈ ਭਾਜਪਾ ਦੀ ਸਰਕਾਰ ਜ਼ਰੂਰੀ : ਮੱਟੂ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਪੰਜਾਬ ਵਿੱਚ ਡਬਲ ਇੰਜਨ ਦੀ ਸਰਕਾਰ ਬਣਾਉਣੇ ਜ਼ਰੂਰੀ ਹੈ ਕਿਉਂਕਿ ਇਸ ਨਾਲ ਹੀ ਪੰਜਾਬ ਜਿੱਥੇ ਕਰਜਾ ਮੁਕਤ ਹੋ ਸਕਦਾ ਉਥੇ ਹੀ ਪੰਜਾਬ ਦੀਆਂ ਬਾਕੀ ਮੰਗਾਂ ਪੂਰੀਆਂ ਹੋ ਸਕਦੀਆਂ ਹਨ। ਇਹ ਵਿਚਾਰ ਭਾਰਤੀ ਜਨਤਾ ਪਾਰਟੀ ਪੰਜਾਬ ਐਸਸੀ ਵਿੰਗ ਦੇ ਯੂਥ ਕੁਆਰਡੀਨੇਟਰ ਰਮਨ ਮੱਟੂ ਨੇ ਪ੍ਰਗਟ ਕੀਤੇ। ਉਹਨਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਜਾਬ ਦੇ ਬਹੁ ਗਿਣਤੀ ਲੋਕ ਭਾਰਤੀ ਜਨਤਾ ਪਾਰਟੀ ਨੂੰ ਸੱਤਾ ਧਿਰ ਵਜੋਂ ਸਥਾਪਿਤ ਕਰਨ ਲਈ ਵਿਧਾਨ ਸਭਾ ਚੋਣਾਂ ਦੀ ਉਡੀਕ ਵਿੱਚ ਹਨ।

ਪੀ ਜੀ ਆਈ ਦੇ ਡਾ. ਪਰਮਿੰਦਰ ਓਟਾਲ ਨੇ ਸਲਾਨਾ ਜੋੜ ਮੇਲੇ ਲਈ ਰਸਦ ਭੇਜੀ



ਸਮਰਾਲਾ (ਸੁਰਜੀਤ ਸਿੰਘ)-ਪੀ ਜੀ ਆਈ ਚੰਡੀਗੜ੍ਹ ਵਿੱਚ ਤਾਇਨਾਤ ਇਥੋਂ ਨੇੜਲੇ ਪਿੰਡ ਘੁੰਗਰਾਲੀ ਸਿੱਖਾਂ ਦੇ ਵਸਨੀਕ ਦਿਲ ਦੇ ਰੋਗਾਂ ਦੇ ਮਾਹਰ ਡਾ. ਪਰਮਿੰਦਰ ਸਿੰਘ ਓਟਾਲ ਵੱਲੋਂ ਆਪਣੇ ਪਿਤਾ ਸੁੱਚਾ ਸਿੰਘ ਓਟਾਲ ਨਾਲ ਹਾਜ਼ਰੀ ਭਰਦਿਆਂ ਸਰਬੰਸਦਾਨੀ ਦਸਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ ਇਤਿਹਾਸਕ ਗੁਰਦੁਆਰਾ ਸ੍ਰੀ ਅਟਾਰੀ ਸਾਹਿਬ ਪਿੰਡ ਘੁੰਗਰਾਲੀ ਸਿੱਖਾਂ ਵਿਖੇ ਪਹੁੰਚ ਕੇ ਸਾਲਾਨਾ ਜੋੜ ਮੇਲੇ ਲਈ ਰਸਦ ਭੇਟ ਕੀਤੀ ਅਤੇ ਗੁਰੂ ਘਰ ਵਿਖੇ ਨਤਮਸਤਕ ਹੋਏ।ਪਿੰਡ ਘੁੰਗਰਾਲੀ ਸਿੱਖਾਂ ਦੇ ਗੁਰਦਵਾਰਾ ਸਾਹਿਬ ਬਾਰੇ ਕਿਹਾ ਜਾਂਦਾ ਹੈ ਕਿ ਇਸ ਪਿੰਡ ਦੇ ਵਸਨੀਕ ਮਿਸਤਰੀ ਭਾਈ ਨਾਨੂੰ ਸਿੰਘ ਵੱਲੋਂ ਦਸਮੇਸ਼ ਪਿਤਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਮੈਦਾਨੇ ਜੰਗ ਵਿੱਚ ਜਾਂਦਿਆਂ ਨੂੰ 22 ਤੀਰ, ਇੱਕ ਵੱਡੀ ਕਮਾਨ, ਦੋ ਸਿਰੀ ਸਾਹਿਬ ਤੇ ਦੋ ਤਮੰਚੇ ਤਿਆਰ ਕਰਕੇ ਭੇਟ ਕੀਤੇ ਸਨ, ਜੋਕਿ ਇਸ ਅਸਥਾਨ ਗੁਰਦੁਆਰਾ ਸ੍ਰੀ ਅਟਾਰੀ ਸਾਹਿਬ ਵਿਖੇ ਸਸ਼ੋਭਿਤ ਹਨ ਅਤੇ ਇਸ ਗੁਰੂ ਘਰ ਵਿੱਚ ਹਰੇਕ ਸਾਲ 22, 23 ਤੇ 24 ਨਵੰਬਰ ਨੂੰ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ।ਪਿਛਲੇ ਕਈ ਸਾਲਾਂ ਤੋਂ ਡਾ. ਪਰਮਿੰਦਰ ਸਿੰਘ ਓਟਾਲ ਵੱਲੋਂ ਆਪਣੇ ਪਰਵਾਰ ਨਾਲ ਪਹੁੰਚ ਕੇ ਇਸ ਜੋੜ ਮੇਲੇ ਵਿੱਚ ਆਪਣੀ ਕਿਰਤ ਕਮਾਈ ਵੱਲੋਂ ਸ਼ਰਧਾ ਭਾਵਨਾ ਨਾਲ ਰਸਦ ਦਿੱਤੀ ਜਾਂਦੀ ਹੈ।ਰਸਦ ਦੀ ਸੇਵਾ ਕਰਨ ਤੋਂ ਬਾਅਦ ਗੁਰੂਘਰ ਪ੍ਰਬੰਧਕ ਕਮੇਟੀ ਤੇ ਸਮੂਹ ਨਗਰ ਵਾਸੀਆਂ ਵੱਲੋਂ ਡਾ. ਪਰਮਿੰਦਰ ਸਿੰਘ ਓਟਾਲ ਤੇ ਇਨ੍ਹਾਂ ਦੇ ਪਿਤਾ ਸੁੱਚਾ ਸਿੰਘ ਨੂੰ ਸਤਿਕਾਰ ਵਜੋਂ ਸਿਰਪਾਓ ਭੇਟ ਕੀਤਾ ਗਿਆ।ਇਸ ਸਮੇਂ ਪ੍ਰਧਾਨ ਕੁਲਵੀਰ ਸਿੰਘ, ਖਜ਼ਾਨਚੀ ਹਰਮੀਤ ਸਿੰਘ, ਉਪ ਪ੍ਰਧਾਨ ਸੁਖਵੀਰ ਸਿੰਘ ਓਟਾਲ, ਪੰਚ ਮੁਖਤਿਆਰ ਸਿੰਘ, ਇੰਸ: ਜਗਰੂਪ ਸਿੰਘ, ਪੰਚ ਲਖਵੀਰ ਸਿੰਘ, ਸ਼ਮਸੇਰ ਸਿੰਘ, ਪੰਚ ਬਹਾਦਰ ਸਿੰਘ ਘਰਖਣਾ, ਗੁਰਬਚਨ ਸਿੰਘ ਤੇ ਲਖਵੀਰ ਸਿੰਘ ਕਾਕਾ ਆਦਿ ਮੌਜੂਦ ਸਨ।

ਅਕਾਲੀ ਦਲ ਵਾਰਿਸ ਵੱਲੋਂ ਬਲਾਕ ਤੇ ਸਰਕਲ ਪ੍ਰਧਾਨਾਂ ਦੀ ਨਿਯੁਕਤੀ



ਮੋਗਾ, (ਇਕਬਾਲ ਸਿੰਘ ਖਹਿਰਾ)-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੋਗਾ ਵਿਧਾਨ ਸਭਾ ਹਲਕੇ ਵਿੱਚ ਚੋਣਾਂ ਦੇ ਮੱਦੇਨਜ਼ਰ ਪਿੰਡ ਪੱਧਰ 'ਤੇ ਚੋਣ ਪ੍ਰਚਾਰ ਨੂੰ ਸੁਚਾਰੂ ਢੰਗ ਨਾਲ ਚਲਾਉਣ ਤੇ ਪਾਰਟੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਵੱਖ-ਵੱਖ ਬਲਾਕ ਪ੍ਰਧਾਨਾਂ ਤੇ ਸਰਕਲ ਪ੍ਰਧਾਨਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ, ਜਿਨ੍ਹਾਂ 'ਚ ਬਲਾਕ ਪ੍ਰਧਾਨ ਡਾ. ਜਗਜੀਤ ਸਿੰਘ ਮੰਡੀਰਾਂ, ਬਲਾਕ ਪ੍ਰਧਾਨ ਚੜਿੱਕ, ਸੁਖਮੰਦਰ ਸਿੰਘ ਸਾਰੂਵਾਲਾ, ਬਲਾਕ ਪ੍ਰਧਾਨ ਡਰੋਲੀ ਭਾਈ, ਮਹਿੰਦਰਪਾਲ ਸਿੰਘ ਦੌਲਤਪੁਰਾ ਬਲਾਕ ਪ੍ਰਧਾਨ ਦੋਲਤਪੁਰਾ ਤੇ ਸਰਕਲ ਪ੍ਰਧਾਨਾਂ 'ਚ ਧਰਮ ਸਿੰਘ ਖਾਲਸਾ ਚੜਿੱਕ, ਗੁਰਪ੍ਰੀਤ ਸਿੰਘ ਤਾਰੇਵਾਲਾ, ਗੁਰਮੇਲ ਸਿੰਘ ਮੱਲ੍ਹੀ, ਪਰਦੀਪ ਸਿੰਘ ਘੱਲਕਲਾਂ, ਓਮਕਾਰ ਸਿੰਘ ਕੋਰੇਵਾਲਾ, ਵਕੀਲ ਸਿੰਘ ਬਘੇਲੇ ਵਾਲਾ, ਸੁਖਦੀਪ ਸਿੰਘ (ਹੀਰਾ ਬਾਬਾ) ਝੰਡੇਆਣਾ ਗਰਬੀ, ਸੁਖਪ੍ਰੀਤ ਸਿੰਘ ਧੱਲੇਕੇ, ਤਿਰਲੋਕ ਸਿੰਘ ਸੱਦਾ ਸਿੰਘ ਵਾਲਾ, ਸੁਖਮੰਦਰ ਸਿੰਘ ਕਾਹਨ ਸਿੰਘ ਵਾਲਾ, ਗੁਰਜੀਤ ਸਿੰਘ ਟੀਟੀ ਕਾਲੀਏ ਵਾਲਾ, ਗੁਰਪ੍ਰੀਤ ਸਿੰਘ ਦੌਲਤਪੁਰਾ ਨੀਵਾਂ ਨਿਯੁਕਤ ਕੀਤਾ ਗਿਆ।ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ।ਗੁਰਮੀਤ ਸਿੰਘ ਬੁੱਕਣ ਵਾਲਾ ਦੇ ਮਾਤਾ ਸਵਰਨਜੀਤ ਕੌਰ, ਜਗਜਿੰਦਰ ਸਿੰਘ ਬੁੱਕਣ ਵਾਲਾ ਕੰਪੋਨ ਇੰਚਾਰਜ ਤੇ ਦਵਿੰਦਰ ਸਿੰਘ ਰਣੀਆਂ ਪੰਜ ਮੈਂਬਰੀ ਕਮੇਟੀ ਵੱਲੋਂ ਨਵਯੁਕਤ ਅਹੁਦੇਦਾਰਾਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਤੇ ਨਿਯੁਕਤੀ ਪੱਤਰ ਸੌਂਪੇ ਗਏ ਅਤੇ ਸਾਰੇ ਅਹੁਦੇਦਾਰਾਂ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰਨ ਦਾ ਸੰਕਲਪ ਲਿਆ।ਇਸ ਮੌਕੇ ਮਾਸਟਰ ਸਵਿੰਦਰ ਸਿੰਘ, ਬਲਦੇਵ ਸਿੰਘ ਚੜਿਕ, ਰਸਮੀਤ ਸਿੰਘ, ਈਸ਼ਵਰ ਸਿੰਘ ਕੋਰੇ ਵਾਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ।

ਜਨਤਕ ਸੂਚਨਾ

ਮੈਂ, ਅਨੁਮੋਲ ਅੱਗਰਵਾਲ ਪੁੱਤਰ ਸੰਜੀਵ ਕੁਮਾਰ ਪੁੱਤਰ ਰਮੇਸ਼ ਕੁਮਾਰ, ਵਾਸੀ ਕੋਠੀ ਨੰਬਰ 27, ਕਮਲ ਇਨਕਲੇਵ, ਕਪੂਰਥਲਾ, ਆਧਾਰ ਨੰਬਰ 3469 3670 5832, ਇਸ ਜਨਤਕ ਸੂਚਨਾ ਰਾਹੀਂ ਆਮ ਲੋਕਾਂ ਨੂੰ ਸੂਚਿਤ ਕਰਦਾ ਹਾਂ ਕਿ ਮੇਰੀ ਬੈਨਾਮਾ ਰਜਿਸਟਰੀ/ਵਸੀਕਾ ਨੰਬਰ 2021-22/30/1/3871 ਮਿਤੀ 14.03.2022, ਜੋ ਕਿ ਪਿੰਡ ਵਡਾਲਾ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਕਪੂਰਥਲਾ ਵਿਖੇ ਸਥਿਤ ਜ਼ਮੀਨ ਸੰਬੰਧੀ ਹੈ ਅਤੇ ਖਸਰਾ ਨੰਬਰ 26//3/2/1 (3-4), 8/2 (5-0), 13/1 (5-0) ਵਿੱਚ ਦਰਜ ਹੈ, ਮਿਤੀ 24.08.2026 ਨੂੰ ਕਮਲ ਇਨਕਲੇਵ, ਕਪੂਰਥਲਾ ਵਿਖੇ ਕਿਤੇ ਗੁੰਮ ਹੋ ਗਈ ਹੈ।ਉਕਤ ਅਸਲ ਦਸਤਾਵੇਜ਼ ਦੀ ਕਾਫੀ ਭਾਲ ਕੀਤੀ ਗਈ, ਪਰ ਨਹੀਂ ਮਿਲਿਆ। ਇਹ ਦਸਤਾਵੇਜ਼ ਨਾ ਤਾਂ ਕਿਸੇ ਬੈਂਕ, ਵਿੱਤੀ ਸੰਸਥਾ, ਸਰਕਾਰੀ ਜਾਂ ਗੈਰ-ਸਰਕਾਰੀ ਅਦਾਰੇ ਵਿੱਚ ਲੋਨ ਜਾਂ ਸ਼ਕਿਉਰਿਟੀ ਵਜੋਂ ਜਮ੍ਹਾਂ ਹੈ ਅਤੇ ਨਾ ਹੀ ਕਿਸੇ ਵਿਅਕਤੀ ਕੋਲ ਗਿਰਵੀ ਜਾਂ ਸੁਰੱਖਿਆ ਵਜੋਂ ਰੱਖਿਆ ਗਿਆ ਹੈ। ਮੈਂ ਇਸ ਦਸਤਾਵੇਜ਼ ਨੂੰ ਕਿਤੇ ਲੁਕਾ ਕੇ ਜਾਂ ਛੁਪਾ ਕੇ ਵੀ ਨਹੀਂ ਰੱਖਿਆ।ਇਸ ਸਬੰਧੀ ਰਿਪੋਰਟ ਥਾਣਾ ਸਿਟੀ ਕਪੂਰਥਲਾ, ਪੰਜਾਬ ਵਿਖੇ ਦਰਜ ਕਰਵਾਈ ਗਈ ਹੈ, ਜਿਸ ਦਾ GDR ਨੰਬਰ 009 ਮਿਤੀ 14.11.2026 ਹੈ।ਜੇਕਰ ਕਿਸੇ ਵਿਅਕਤੀ ਨੂੰ ਉਕਤ ਰਜਿਸਟਰੀ ਸਬੰਧੀ ਕੋਈ ਇਤਰਾਜ਼, ਹੱਕ, ਦਾਅਵਾ, ਜਾਣਕਾਰੀ ਜਾਂ ਦਸਤਾਵੇਜ਼ ਬਾਰੇ ਕੋਈ ਵੀ ਜਾਣਕਾਰੀ ਹੋਵੇ ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 4 ਦਿਨਾਂ ਦੇ ਅੰਦਰ ਹੇਠ ਲਿਖੇ ਪਤੇ ਤੇ ਜਾਂ ਮੋਬਾਈਲ ਨੰਬਰ 78146-90901 'ਤੇ ਸੰਪਰਕ ਕਰੇ। ਇਸ ਮਿ

ਚੋਰੀ ਕੀਤੀ ਸ਼ਰਾਬ ਤੇ ਵਰਤੀਆਂ ਗਈਆਂ ਗੱਡੀਆਂ ਸਮੇਤ 4 ਕਾਬੂ

ਫਿਲੌਰ (ਨਿਰਮਲ)- ਸਬ ਡਵੀਜ਼ਨ ਫਿਲੌਰ ਅਧੀਨ ਆਉਂਦੇ ਥਾਣਾ ਬਿਲਗਾ ਦੀ ਪੁਲਸ ਨੇ ਠੇਕਿਆਂ ਤੋਂ ਚੋਰੀ ਕੀਤੀ ਸ਼ਰਾਬ ਅਤੇ ਵਰਤੀਆਂ ਗਈਆਂ ਗੱਡੀਆਂ ਸਮੇਤ 4 ਵਿਅਕਤੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਸੱਦੀ ਗਈ ਪ੍ਰੈੱਸ ਕਾਨਫਰੰਸ ਦੌਰਾਨ ਡੀ ਐਸ ਪੀ ਫਿਲੌਰ ਭਰਤ ਮਸੀਹ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਥਾਣਾ ਮੁੱਖੀ ਬਿਲਗਾ ਸਬ-ਇੰਸਪੈਕਟਰ ਦਿਲਬਾਗ ਸਿੰਘ ਦੀ ਨਿਗਰਾਨੀ ਹੇਠ 4 ਵਿਅਕਤੀਆਂ ਨੂੰ ਕਾਬੂ ਕਰਕੇ ਵੱਖ-ਵੱਖ ਠੇਕਿਆਂ ਤੋ ਚੋਰੀ ਕੀਤੀ ਵੱਖ-ਵੱਖ ਮਾਰਕਿਆਂ ਦੀ ਅੰਗਰੇਜੀ ਸ਼ਰਾਬ ਸਮੇਤ ਵਾਰਦਾਤ ਵਿੱਚ ਵਰਤੀਆਂ 2 ਗੱਡੀਆਂ ਬਰਾਮਦ ਕਰਨ ਵਿੱਚ ਵੱਡੀ ਸਫਲਤਾ ਹਾਸਿਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਏ ਐਸ ਆਈ ਚਰਨਜੀਤ ਸਿੰਘ ਸਮੇਤ ਪੁਲਿਸ ਪਾਰਟੀ ਦੇ ਗਸ਼ਤ ਬਾ ਚੈਕਿੰਗ ਸ਼ੱਕੀ ਤੇ ਭੈੜੇ ਪੁਰਸ਼ਾਂ ਸਬੰਧੀ ਮੁਕੱਦਮਾ ਥਾਣਾ ਬਿਲਗਾ ਵਿੱਚ ਦੋਸ਼ੀ ਗੁਰਜੀਤ ਸਿੰਘ ਉਰਫ ਸੋਨੂੰ ਪੁੱਤਰ ਰਸ਼ਪਾਲ ਸਿੰਘ ਵਾਸੀ ਪਲਾਟ ਨੰਬਰ 172,ਨੇੜੇ ਗੋਗੀ ਮਾਰਕਿਟ ਪਵਿੱਤਰ ਨਗਰ ਹੈਬੋਵਾਲ ਕਲਾਂ ਥਾਣਾ ਹੈਬੋਵਾਲ ਕਲਾਂ ਜ਼ਿਲ੍ਹਾ ਲੁਧਿਆਣਾ ਹਾਲ ਵਾਸੀ ਮੁਹੱਲਾ ਮੋਹਣ ਵਿਹਾਰ ਰਾਮਾ ਮੰਡੀ ਥਾਣਾ ਰਾਮਾ ਮੰਡੀ ਜ਼ਿਲ੍ਹਾ ਜਲੰਧਰ, ਗੁਰਤੇਜ ਸਿੰਘ ਉਰਫ ਜੱਜ ਪੁੱਤਰ ਵਰਿੰਦਰ ਸ਼ਰਮਾ ਉਰਫ ਬੋਬੀ ਪੁੱਤਰ ਸੁਰਿੰਦਰ ਕੁਮਾਰ ਸ਼ਰਮਾ ਵਾਸੀ ਮਕਾਨ ਨੰਬਰ 336-6, ਬਲਾਕ ਗਿਸ਼ੀ ਨਗਰ ਹੈਬੋਵਾਲ ਖੁਰਦ ਥਾਣਾ ਪੀ ਏ ਯੂ ਜ਼ਿਲ੍ਹਾ ਲੁਧਿਆਣਾ ਨੂੰ ਸਮੇਤ ਵੱਖ-ਵੱਖ ਸ਼ਰਾਬ ਦੇ ਠੇਕਿਆਂ ਤੋ ਚੋਰੀ ਕੀਤੀ ਸ਼ਰਾਬ ਅੰਗਰੇਜੀ ਵੱਖ-ਵੱਖ ਮਾਰਕਿਆਂ ਕੁੱਲ 44 ਬੋਤਲਾਂ 750/750 ਐਮ ਐਲ ਸਮੇਤ ਵਾਰਦਾਤ ਸਮੇਂ ਵਰਤੀ ਗੱਡੀ ਮਾਰਕਾ ਮਾਰੂਤੀ ਸਵਿੱਫਟ ਬਿਨਾ ਨੰਬਰੀ ਰੰਗ ਚਿੱਟਾ ਅਤੇ ਗੱਡੀ ਮਾਰਕਾ ਮਾਰੂਤੀ ਸਫਿਵਟ ਡੀਜਾਇਰ ਬ੍ਰਾਮਦ ਕੀਤੀਆ ਗਈਆ ਜੋ ਦੋਸ਼ੀਆਨ ਗੁਰਜੀਤ ਸਿੰਘ ਉਰਫ ਸੋਨੂੰ ਅਤੇ ਗੁਰਤੇਜ ਸਿੰਘ ਉਰਫ ਜੱਜ ਨੂੰ ਗ੍ਰਿਫਤਾਰ ਕਰਕੇ ਮਿਤੀ ਪੇਸ਼ ਅਦਾਲਤ ਕਰਕੇ 3 ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਅਤੇ ਦੋਸ਼ੀਆਨ ਦਲਜੀਤ ਸਿੰਘ ਉਰਫ ਮੋਨੂੰ ਅਤੇ ਵਰਿੰਦਰ ਸ਼ਰਮਾ ਉਰਫ ਬੋਬੀ ਉਕਤਾਨ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕਰਕੇ ਪੁੱਛ-ਗਿੱਛ ਕੀਤੀ ਜਾਵੇਗੀ।



ਇੱਕਲੀਨ ਕੌਰ ਨੇ ਵੱਖ-ਵੱਖ ਖੇਡ ਮੁਕਾਬਲਿਆਂ 'ਚ ਜਿੱਤੇ ਪੰਜ ਤਗ਼ਮੇ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਹੋਣਹਾਰ ਬੇਟੀ ਇੱਕਲੀਨ ਕੌਰ ਨੇ ਆਪਣੀ ਸਖ਼ਤ ਮਿਹਨਤ, ਲਗਨ ਅਤੇ ਬੁਲੰਦ ਹੌਸਲਿਆਂ ਸਦਕਾ ਖੇਡ ਜਗਤ ਵਿੱਚ ਵੱਡੀਆਂ ਮੱਲਾਂ ਮਾਰਦਿਆਂ ਇਲਾਕੇ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।



ਮਹਿਜ਼ 13 ਸਾਲ 11 ਮਹੀਨੇ ਦੀ ਉਮਰ ਅਤੇ 40 ਕਿਲੋਗ੍ਰਾਮ ਸਰੀਰਕ ਵਜ਼ਨ ਹੋਣ ਦੇ ਬਾਵਜੂਦ, ਇੱਕਲੀਨ ਕੌਰ ਨੇ ਅੰਡਰ-17 ਕੈਟਾਗਰੀ (43 ਕਿਲੋਗ੍ਰਾਮ ਭਾਰ ਵਰਗ) ਵਿੱਚ ਆਪਣੇ ਨਾਲੋਂ ਵੱਡੀ ਉਮਰ ਦੇ ਖਿਡਾਰੀਆਂ ਦਾ ਡਟ ਕੇ ਮੁਕਾਬਲਾ ਕੀਤਾ ਅਤੇ ਵੱਖ-ਵੱਖ ਪੱਧਰਾਂ 'ਤੇ ਕੁੱਲ 5 ਤਗ਼ਮੇ (2 ਸਿਲਵਰ ਅਤੇ 3 ਬ੍ਰੋਂਜ਼) ਆਪਣੇ ਨਾਂਅ ਕੀਤੇ ਹਨ। ਇੱਕਲੀਨ ਕੌਰ ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਹੇਠ ਲਿਖੇ ਮੁਕਾਬਲਿਆਂ ਵਿੱਚ ਜਿੱਤ ਦੇ ਝੰਡੇ ਗੱਡੇ ਹਨ। ਖੰਨਾ ਵਿਖੇ ਆਯੋਜਿਤ ਰਾਜ ਪੱਧਰੀ ਮੁਕਾਬਲਿਆਂ ਵਿੱਚ ਇੱਕਲੀਨ ਨੇ ਪਾਵਰਲਿਫਟਿੰਗ ਵਿੱਚ ਆਪਣੀ ਸ਼ਾਨਦਾਰ ਖੇਡ ਜਗਤ ਵਿੱਚ ਵੱਡੀਆਂ ਮੱਲਾਂ ਮਾਰਦਿਆਂ ਇਲਾਕੇ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਤਾਕਤ ਦਾ ਲੋਹਾ ਮਨਵਾਉਂਦਿਆਂ ਕੁੱਲ 182 ਕਿਲੋਗ੍ਰਾਮ ਭਾਰ ਚੁੱਕਿਆ ਅਤੇ ਬ੍ਰੋਂਜ਼ ਮੈਡਲ (ਕਾਂਸੀ ਦਾ ਤਗ਼ਮਾ) ਹਾਸਲ ਕੀਤਾ।ਪੰਜਾਬ ਸਰਕਾਰ ਵੱਲੋਂ ਕਰਵਾਈਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਾਵਰਲਿਫਟਿੰਗ ਵਿੱਚ ਸਿਲਵਰ ਮੈਡਲ (ਚਾਂਦੀ ਦਾ ਤਗ਼ਮਾ) ਅਤੇ ਵੇਟਲਿਫਟਿੰਗ ਵਿੱਚ ਬ੍ਰੋਂਜ਼ ਮੈਡਲ ਜਿੱਤਿਆ। ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਵੀ ਆਪਣੀ ਕਾਬਲੀਅਤ ਸਾਬਤ ਕਰਦਿਆਂ ਉਸ ਨੇ ਪਾਵਰਲਿਫਟਿੰਗ ਵਿੱਚ ਸਿਲਵਰ ਮੈਡਲ ਅਤੇ ਵੇਟਲਿਫਟਿੰਗ ਵਿੱਚ ਬ੍ਰੋਂਜ਼ ਮੈਡਲ ਜਿੱਤ ਕੇ ਆਪਣੀ ਝੋਲੀ ਪਾਇਆ।ਇਸ ਸ਼ਾਨਦਾਰ ਕਾਮਯਾਬੀ ਦਾ ਸਿਹਰਾ ਇੱਕਲੀਨ ਕੌਰ ਦੀ ਆਪਣੀ ਲਗਨ ਦੇ ਨਾਲ-ਨਾਲ ਉਸ ਦੇ ਕੋਚਾਂ ਹਰਪ੍ਰੀਤ ਸਿੰਘ ਖ਼ਾਲਸਾ, ਕੁਲਵਿੰਦਰ ਸਿੰਘ ਅਤੇ ਜਗਜੀਤ ਸਿੰਘ ਦੀ ਯੋਗ ਅਗਵਾਈ ਨੂੰ ਜਾਂਦਾ ਹੈ, ਜਿਨ੍ਹਾਂ ਦੀ ਸਖ਼ਤ ਸਿਖਲਾਈ ਸਦਕਾ ਸੂਬਾ ਪੱਧਰ 'ਤੇ ਮੱਲਾਂ ਮਾਰ ਰਹੀ ਹੈ।

ਹੰਸਪਾਲ ਰੰਗਾ ਭਾਰੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ : ਗੁਰਪਾਲ ਸਿੰਘ

ਕਪੂਰਥਲਾ (ਮਨਜੀਤ ਮਾਨ)- ਆਮ ਆਦਮੀ ਪਾਰਟੀ ਨੇ ਹਲਕਾ ਕਪੂਰਥਲਾ ਤੋਂ 2027 ਦੀਆਂ ਵਿਧਾਨ ਸਭਾ ਦਾ ਉਮੀਦਵਾਰ ਦਵਿੰਦਰਪਾਲ ਸਿੰਘ ਹੰਸਪਾਲ ਰੰਗਾਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ। ਇਸੇ ਲੜੀ ਦੇ ਤਹਿਤ ਹਲਕਾ ਕਪੂਰਥਲਾ ਦੇ ਇੰਚਾਰ ਦਵਿੰਦਰਪਾਲ ਸਿੰਘ ਹੰਸਪਾਲ ਰੰਗਾਂ ਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਚੋਣ ਸਰਗਰਮੀਆਂ ਨੂੰ ਤੇਜ਼ ਕਰ ਕਰ ਦਿੱਤਾ ਗਿਆ ਹੈ। ਕਸਬਾ ਕਾਲਾ ਸੰਘਿਆਂ ਜ਼ਿਲ੍ਹਾ ਕਪੂਰਥਲਾ ਵਿਖੇ ਚੋਣ ਸਰਗਰਮੀਆਂ ਨੂੰ ਸੰਬੋਧਨ ਕਰਦਿਆਂ ਹਲਕਾ ਕਪੂਰਥਲਾ ਦੇ ਇੰਚਾਰਜ ਦਵਿੰਦਰਪਾਲ ਸਿੰਘ ਹੰਸਪਾਲ ਰੰਗਾਂ ਨੇ ਕਿਹਾ ਕਿ ਆਪ ਸਰਕਾਰ ਦੇ ਰਾਜ ਵਿੱਚ ਲੋਕਾਂ ਨੂੰ ਬਹੁਤ ਸਾਰੀਆਂ ਸਹੂਲਤਾਂ ਮਿਲਿਆ ਹਨ ਤੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਤੇ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਸੂਬੇ ਦੇ ਲੋਕਾਂ ਨੂੰ ਵੱਖ ਵੱਖ ਗੁਰਧਾਮਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤੇ ਭਗਵੰਤ ਸਿੰਘ ਮਾਨ ਸਰਕਾਰ ਨੇ ਬੀਬੀਆਂ ਦੇ ਖਾਤਿਆਂ ਵਿੱਚ ਇੱਕ ਇੱਕ ਹਜ਼ਾਰ ਪਾਏ ਹਨ ਤੇ ਲੋਕ ਭਗਵੰਤ ਸਿੰਘ ਮਾਨ ਤੇ ਸ੍ਰੀ ਅਰਵਿੰਦ ਕੇਜਰੀਵਾਲ ਦੀਆਂ ਨੀਤੀਆਂ ਤੋਂ ਖੁਸ਼ ਹਨ ਤੇ ਆਉਣ ਵਾਲੀ ਸਰਕਾਰ ਫਿਰ ਦੁਬਾਰਾ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੀ ਬਣੇਗੀ। ਇਸ ਮੌਕੇ ਸ੍ਰ ਗੁਰਪਾਲ ਸਿੰਘ ਇੰਡੀਅਨ ਚੇਅਰਮੈਨ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਨੇ ਕਪੂਰਥਲਾ ਹਲਕੇ ਨੂੰ ਇੱਕ ਬਹੁਤ ਹੀ ਇਮਾਨਦਾਰ, ਸੂਝਵਾਨ ਉਮੀਦਵਾਰ ਦਿੱਤਾ ਹੈ। ਗੁਰਪਾਲ ਸਿੰਘ ਇੰਡੀਅਨ ਨੇ ਕਿਹਾ ਕਿ ਦਵਿੰਦਰਪਾਲ ਸਿੰਘ ਹੰਸਪਾਲ ਰੰਗਾਂ ਦਾ ਕਿਸਾਨੀ ਸੰਘਰਸ਼ ਦੌਰਾਨ ਬਹੁਤ ਹੀ ਵੱਡਾ ਯੋਗਦਾਨ ਰਿਹਾ ਹੈ ਜਿਨ੍ਹਾਂ ਨੇ ਕਿਸਾਨੀ ਸੰਘਰਸ਼ ਦੌਰਾਨ ਟੈਂਟ ਤੇ ਪੱਖਿਆਂ ਦਾ ਸਾਰਾ ਪ੍ਰਬੰਧ ਦਵਿੰਦਰਪਾਲ ਸਿੰਘ ਹੰਸਪਾਲ ਰੰਗਾਂ ਵੱਲੋਂ ਦਿੱਤਾ ਗਿਆ। ਸੰਗਤਾਂ ਦਵਿੰਦਰਪਾਲ ਸਿੰਘ ਹੰਸਪਾਲ ਰੰਗਾਂ ਵੱਲੋਂ ਦਿਤੇ ਗਏ ਸਹਿਯੋਗ ਲਈ ਹਮੇਸ਼ਾ ਰਿਣੀ ਰਹਿਣਗੀਆਂ। ਇਸ ਮੌਕੇ ਨਰਿੰਦਰ ਸਿੰਘ ਸੰਘਾ ਇੰਚਾਰਜ ਸ਼ੋਸ਼ਲ ਮੀਡੀਆ ਕਪੂਰਥਲਾ, ਨਰਿੰਦਰ ਸਿੰਘ ਮੰਨਸ਼ੂ ਮੇਅਰ ਕਪੂਰਥਲਾ, ਚੇਅਰਮੈਨ ਗੁਰਪਾਲ ਸਿੰਘ ਇੰਡੀਅਨ ਚੇਅਰਮੈਨ, ਦਵਿੰਦਰਪਾਲ ਸਿੰਘ ਹੰਸਪਾਲ ਰੰਗਾਂ ਹਲਕਾ ਕਪੂਰਥਲਾ,ਹੇਨੰਤਾ ਹਲਕਾ ਸੰਗਠਨ ਇੰਚਾਰਜ, ਕਰਨ ਦਿਕਸ਼,ਅਨਿਲ ਕੁਮਾਰ ਸ਼ੁਕਲਾ, ਸੋਨੂੰ ਦਬੁਰਜੀ, ਵਿਜੇ ਅਰੋੜਾ ਬਲਾਕ ਪ੍ਰਧਾਨ, ਨਰਿੰਦਰ ਸਿੰਘ ਸੰਘਾ ਇੰਚਾਰਜ ਸ਼ੋਸ਼ਲ ਮੀਡੀਆ ਕਪੂਰਥਲਾ, ਡਾਕਟਰ ਬਲਰਾਮ ਸ਼ਰਮਾ ਸੀਨੀਅਰ ਆਗੂ, ਸਤਨਾਮ ਸਿੰਘ ਸੰਘਾ ਸਾਬਕਾ ਬਲਾਕ ਪ੍ਰਧਾਨ,ਸੰਜੀਵ ਕੰਡਲ ਮੁਲਾਜ਼ਮ ਆਗੂ, ਕਰਨੈਲ ਸਿੰਘ ਕੈਲਾ, ਸੁਨੀਲ ਸਹੋਤਾ, ਜਗਰੂਪ ਸਿੰਘ ਇੰਚਾਰਜ ਸ਼ੋਸ਼ਲ ਮੀਡੀਆ ਕਪੂਰਥਲਾ,ਚਮਨ ਲਾਲ, ਰੇਸ਼ਮ ਸਿੰਘ ਆਦਿ ਮੌਜੂਦ ਸਨ।



ਵੀਰ ਬਾਲ ਦਿਵਸ 'ਤੇ ਬੱਚਿਆਂ ਨੂੰ ਬੂਟ-ਜੁਰਾਬਾਂ, ਸਟੇਸ਼ਨਰੀ ਤੇ ਫਲ ਵੰਡੇ

ਜਲੰਧਰ (ਸ਼ੈਲੀ ਐਲਬਰਟ)-ਵੀਰ ਬਾਲ ਦਿਵਸ ਦੇ ਮੌਕੇ ਤੇ ਦਿਸ਼ਾਦੀਪ ਐੱਨ ਜੀ ਓ ਤੇ ਏ ਬੀ ਫਾਊਂਡੇਸ਼ਨ ਵੱਲੋਂ ਚੁੱਗਿੱਟੀ ਜਲੰਧਰ ਵਿਖੇ ਮਜ਼ਦੂਰ ਬੱਚਿਆਂ ਲਈ ਚਲਾਏ ਜਾ ਰਹੇ ਸਕੂਲ ਵਿੱਚ ਲੋੜਵੰਦ ਬੱਚਿਆਂ ਲਈ ਵਿਸ਼ੇਸ਼ ਵੰਡ ਸਮਾਗਮ ਕਰਵਾਇਆ ਗਿਆ। ਇਸ ਮੌਕੇ ਬੱਚਿਆਂ ਨੂੰ ਸਕੂਲ ਦੇ ਬੂਟ-ਜੁਰਾਬਾਂ, ਸਟੇਸ ਨਰੀ ਅਤੇ ਫਲ ਵੰਡੇ ਗਏ।ਸਮਾਗਮ ਦਾ ਮਕਸਦ ਸਾਹਿਬਜ਼ਾਦਿਆਂ-ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਦੀ ਬਹਾਦਰੀ ਅਤੇ ਮਹਾਨ ਕੁਰਬਾਨੀ ਨੂੰ ਯਾਦ ਕਰਨਾ ਅਤੇ ਨਵੀਂ ਪੀੜ੍ਹੀ ਨੂੰ ਸੱਚ, ਸਾਹਸ ਅਤੇ ਮਨੁੱਖਤਾ ਦੇ ਰਾਹ ਤੇ ਤੁਰਨ ਲਈ ਪ੍ਰੇਰਿਤ ਕਰਨਾ ਸੀ।ਇਸ ਮੌਕੇ ਏ.ਬੀ. ਫਾਊਂਡੇਸ਼ਨ ਦੇ ਕਰਤਾ-ਧਰਤਾ ਅਤੇ ਪ੍ਰਸਿੱਧ ਸਰਜਨ ਡਾ. ਹਰਮੀਤ ਪਾਲ ਸਿੰਘ ਅਤੇ ਲਾਇਨ ਐਸ. ਐਮ. ਸਿੰਘ, ਸੰਸਥਾਪਕ ਅਤੇ ਚੀਫ਼, ਦਿਸ਼ਾਦੀਪ ਐਨ ਜੀ ਓ ਨੇ ਕਿਹਾ ਕਿ ਵੀਰ ਬਾਲ ਦਿਵਸ ਸਿਰਫ਼ ਯਾਦ ਕਰਨ ਦਾ ਦਿਨ ਨਹੀਂ, ਸਗੋਂ ਬੱਚਿਆਂ ਵਿੱਚ ਬਹਾਦਰੀ, ਕੁਰਬਾਨੀ ਅਤੇ ਨੈਤਿਕ ਕਦਰਾਂ-ਕੀਮਤਾਂ ਜਗਾਉਣ ਦਾ ਦਿਨ ਹੈ। ਉਨ੍ਹਾਂ ਕਿਹਾ ਕਿ ਏ ਬੀ ਫਾਊਂਡੇਸ਼ਨ ਲੋੜਵੰਦ ਬੱਚਿਆਂ ਦੀ ਪੜ੍ਹਾਈ ਅਤੇ ਭਲਾਈ ਲਈ ਅੱਗੇ ਵੀ ਇਨ੍ਹਾਂ ਦੀ ਬਾਂਹ ਫੜਦੀ ਰਹੇਗੀ।ਸਮਾਗਮ ਵਿੱਚ ਸਰਬਜੀਤ ਕੌਰ, ਚੇਅਰਮੈਨ, ਇਸਤਰੀ ਵਿੰਗ, ਅਨੁਰਾਧਾ ਵਧਾਵਨ, ਸਮਾਜ ਸੇਵਿਕਾ ਅਤੇ ਸਕੂਲ ਸੰਚਾਲਿਕਾ, ਤਰਸੇਮ ਜਲੰਧਰੀ, ਉਪ ਪ੍ਰਧਾਨ, ਰੇਣੂ ਨਾਗਪਾਲ, ਮਦਨ, ਰਜਨੀ ਅਤੇ ਸ਼ੈਲ ਅਗਰਵਾਲ ਨੇ ਬੱਚਿਆਂ ਨੂੰ ਬੂਟ-ਜੁਰਾਬਾਂ, ਸਟੇਸ਼ਨਰੀ ਅਤੇ ਫਲ ਵੰਡੇ ਅਤੇ ਉਨ੍ਹਾਂ ਨੂੰ ਮਨ ਲਗਾ ਕੇ ਪੜ੍ਹਨ ਅਤੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ।ਬੱਚਿਆਂ ਨੇ ਤੋਹਫ਼ੇ ਮਿਲਣ ਤੇ ਖੁਸ਼ੀ ਜ਼ਾਹਰ ਕੀਤੀ।



ਰਾਜਪਾਲ ਨੇ ਅੰਤਰਰਾਸ਼ਟਰੀ ਕਾਨਫਰੰਸ 'ਚ ਕੀਤੀ ਸ਼ਿਰਕਤ

ਨਕੋਦਰ, ਜਲੰਧਰ (ਗੀਨਾ ਸ਼ਰਮਾ, ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਮਾਜ ਵਿੱਚ ਸਦਭਾਵਨਾ, ਸਹਿਣਸ਼ੀਲਤਾ ਅਤੇ ਭਾਈਚਾਰਕ ਸਾਂਝ ਲਈ ਨਿਮਰਤਾ, ਦਇਆ ਅਤੇ ਆਪਸੀ ਪ੍ਰੇਮ ਵਰਗੇ ਉੱਚ ਗੁਣਾਂ ਨੂੰ ਅਪਨਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਬਾਬਾ ਬਲਦੇਵ ਸਿੰਘ ਦੀ ਅਗਵਾਈ ਵਿੱਚ ਨਕੋਦਰ ਸਬ-ਡਵੀਜ਼ਨ ਨੇੜੇ ਗੁਰਦੁਆਰਾ ਦਰਬਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਬੁਲੰਦਪੁਰੀ ਸਾਹਿਬ ਵਿਖੇ ਐਚ.ਕੇ.ਐਲ. ਗੋਲਬਲ ਮੂਵਮੈਂਟ ਵੱਲੋਂ ਕਰਵਾਈ ਜਾ ਰਹੀ ਹਲੋਮੀਆਂ, ਹਮਦਰਦੀਆਂ ਅਤੇ ਮੁਹੱਬਤਾਂ ਦੀ 8ਵੀਂ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਸ਼ਿਰਕਤ ਕਰਦਿਆਂ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਜ਼ਿੰਦਗੀ ਵਿੱਚ ਤਰੱਕੀ ਤੇ ਸਫ਼ਲਤਾ ਹਾਸਲ ਕਰਨ ਲਈ ਸਭ ਤੋਂ ਪਹਿਲਾ ਤੇ ਮਹੱਤਵਪੂਰਣ ਗੁਣ ਨਿਮਰਤਾ ਹੈ। ਉਨ੍ਹਾਂ ਕਿਹਾ ਕਿ ਹੰਕਾਰ ਮਨੁੱਖ ਨੂੰ ਦੂਜਿਆਂ ਤੋਂ ਦੂਰ ਕਰਦਾ ਹੈ, ਜਦਕਿ ਨਿਮਰਤਾ ਆਪਸੀ ਸਬੰਧਾਂ ਨੂੰ ਮਜ਼ਬੂਤ ਕਰਦਿਆਂ ਮਨੁੱਖ ਨੂੰ ਮਨੁੱਖ ਨਾਲ ਜੋੜਦੀ ਹੈ। ਪ੍ਰੇਮ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਕਟਾਰੀਆ ਨੇ ਕਿਹਾ ਕਿ ਪ੍ਰੇਮ ਇਕ ਅਜਿਹੀ ਸ਼ਕਤੀ ਹੈ, ਜੋ ਵੱਖ-ਵੱਖ ਵਿਚਾਰਧਾਰਾਵਾਂ, ਧਰਮਾਂ ਅਤੇ ਸੱਭਿਆਚਾਰਾਂ ਦੇ ਲੋਕਾਂ ਨੂੰ ਇਕ ਧਾਗੇ ਵਿੱਚ ਪਰੋ ਸਕਦੀ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਦਾ ਜ਼ਿਕਰ ਕਰਦਿਆਂ ਰਾਜਪਾਲ ਪੰਜਾਬ ਨੇ ਕਿਹਾ ਕਿ ਗੁਰੂ ਸਾਹਿਬ ਵੱਲੋਂ ਦਿੱਤਾ ਗਿਆ ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ ਦਾ ਸਿਧਾਂਤ ਅੱਜ ਵੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ, ਜਿਸ 'ਤੇ ਚੱਲ ਕੇ ਆਦਰਸ਼ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਉਨ੍ਹਾਂ ਗੁਰੂ ਸਾਹਿਬ ਦੇ ਕੁਦਰਤ ਸਬੰਧੀ ਸੰਦੇਸ਼ ਦਾ ਹਵਾਲਾ ਦਿੰਦਿਆਂ ਲੋਕਾਂ ਨੂੰ ਕੁਦਰਤ ਨਾਲ ਪਿਆਰ ਅਤੇ ਸਤਿਕਾਰ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਬਾਬਾ ਬਲਦੇਵ ਸਿੰਘ ਜੀ ਦੀ ਅਗਵਾਈ ਹੇਠ ਐਚ.ਕੇ.ਐਲ.ਗਲੋਬਲ ਮੂਵਮੈਂਟ ਵੱਲੋਂ ਵਿਸ਼ਵ ਦੇ ਵੱਖ-ਵੱਖ ਦੇਸ਼ਾਂ ਵਿੱਚ ਨਿਮਰਤਾ, ਦਇਆ ਅਤੇ ਆਪਸੀ ਪ੍ਰੇਮ ਦਾ ਸੰਦੇਸ਼ ਫੈਲਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਬਾਬਾ ਬਲਦੇਵ ਸਿੰਘ ਵੱਲੋਂ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਰਾਜਪਾਲ ਪੰਜਾਬ ਵੱਲੋਂ ਹਾਜੀ ਸਈਅਦ ਸਲਮਾਨ ਚਿਸ਼ਤੀ, ਕਰਟਿਸ ਗੈਬਰੀਅਲ, ਐਂਡਰੀਆ ਮੈਥਿਸ, ਰੇਵ. ਡੇਵਿਡ ਬੇਦੂਜ਼ਾ, ਨਤਾਲੀਆ ਵਾਸਿਲਯੇਵਾ, ਬ੍ਰਹਮ ਕੁਮਾਰੀ ਹੁਸੈਨ ਦੀਦੀ, ਸੋਨਾਲੀ ਸਿੰਘ, ਅਨਮੋਲ ਕਵਾਤਰਾ ਸਮੇਤ ਕਾਨਫਰੰਸ ਵਿੱਚ ਸ਼ਾਮਲ ਵੱਖ-ਵੱਖ ਖੇਤਰਾਂ ਅਤੇ ਧਰਮਾਂ ਨਾਲ ਸਬੰਧਤ ਪ੍ਰਮੁੱਖ ਸ਼ਖਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ

ਜਨਮ ਦਿਨ ਮੁਬਾਰਕ



ਜਸਕੀਰਤ ਸਿੰਘ
ਪਿੰਡ: ਭੀਲੋਵਾਲ

ਵਰ੍ਹੇਗੰਢ ਮੁਬਾਰਕ



ਜਸਪਾਲ ਸਿੰਘ ਅਤੇ ਮਨਪ੍ਰੀਤ ਕੌਰ ਬੱਧਨੀ ਕਲਾਂ ਨੇ ਵਿਆਹ ਦੀ ਦੂਜੀ ਵਰ੍ਹੇਗੰਢ ਮਨਾਈ।

ਮੋਬਾਈਲ ਦੀ ਸਿਮ ਬਦਲ ਕੇ ਖਾਤੇ 'ਚੋਂ 20 ਹਜ਼ਾਰ ਰੁਪਏ ਉਡਾਏ



ਡੇਰਾਬੱਸੀ (ਵਿਨੈ ਕੁਮਾਰ ਜੈਨ)-ਡੇਰਾਬੱਸੀ ਦੇ ਆਦਰਸ਼ ਨਗਰ ਵਿਖੇ ਇੱਕ ਵਿਅਕਤੀ ਨੂੰ ਪਰਚੂਨ ਦੀ ਦੁਕਾਨ 'ਤੇ ਆਪਣਾ ਮੋਬਾਈਲ ਫ਼ੋਨ ਭੁੱਲਣਾ ਉਸ ਵੇਲੇ ਮਹਿੰਗਾ ਪੈ ਗਿਆ, ਜਦੋਂ ਕਥਿਤ ਤੌਰ 'ਤੇ ਦੁਕਾਨ ਦੇ ਇੱਕ ਨੌਕਰ ਨੇ ਉਸ ਦੇ ਮੋਬਾਈਲ ਦੀ ਸਿਮ ਨਾਲ ਛੇੜਛਾੜ ਕਰਕੇ ਬੈਂਕ ਖਾਤੇ ਵਿੱਚੋਂ 20 ਹਜ਼ਾਰ ਰੁਪਏ ਕਢਵਾ ਲਏ। ਪੀੜਤ ਨੂੰ ਇਸ ਧੋਖਾਧੜੀ ਦਾ ਪਤਾ ਅਗਲੇ ਦਿਨ ਮੋਬਾਈਲ ਨੰਬਰ ਬੰਦ ਹੋਣ ਮਗਰੋਂ ਲੱਗਿਆ। ਮਾਮਲਾ ਪੁਲਸ ਕੋਲ ਪਹੁੰਚਣ ਤੋਂ ਬਾਅਦ ਕਥਿਤ ਤੌਰ 'ਤੇ ਪੈਸੇ ਕਢਵਾਉਣ ਵਾਲੇ ਵਿਅਕਤੀ ਨੇ ਰਕਮ ਵਾਪਸ ਕਰਨ ਦਾ ਭਰੋਸਾ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਦਰਸ਼ ਨਗਰ ਦੀ ਗਲੀ ਨੰਬਰ 7 ਦੇ ਵਸਨੀਕ ਸੁਰਿੰਦਰ ਮੌਰਿਆ ਨੇ ਦੱਸਿਆ ਕਿ ਬੀਤੀ 6 ਨਵੰਬਰ ਦੀ ਸ਼ਾਮ ਉਹ ਡੇਰਾਬੱਸੀ ਵਿਖੇ ਇੱਕ ਪਰਚੂਨ ਦੀ ਦੁਕਾਨ ਤੋਂ ਘਰੇਲੂ ਸਮਾਨ ਖ਼ਰੀਦਣ ਗਿਆ ਸੀ। ਇਸ ਦੌਰਾਨ ਉਹ ਆਪਣਾ ਮੋਬਾਈਲ ਫ਼ੋਨ ਦੁਕਾਨ 'ਤੇ ਹੀ ਭੁੱਲ ਆਇਆ। ਕਰੀਬ ਅੱਧੇ ਘੰਟੇ ਬਾਅਦ ਯਾਦ ਆਉਣ 'ਤੇ ਜਦੋਂ ਉਹ ਦੁਕਾਨ ਪਹੁੰਚਿਆ ਤਾਂ ਉਸ ਨੂੰ ਮੋਬਾਈਲ ਵਾਪਸ ਮਿਲ ਗਿਆ। ਉਸ ਸਮੇਂ ਉਸ ਨੂੰ ਕਿਸੇ ਗੜਬੜੀ ਦਾ ਸ਼ੱਕ ਨਹੀਂ ਹੋਇਆ।ਪੀੜਤ ਅਨੁਸਾਰ ਅਗਲੀ ਸਵੇਰ ਉਸ ਦੇ ਮੋਬਾਈਲ ਦੀ ਸਿਮ ਨੇ ਕੰਮ ਕਰਨਾ ਬੰਦ ਕਰ ਦਿੱਤਾ। ਜਾਂਚ ਕਰਨ 'ਤੇ ਪਤਾ ਲੱਗਿਆ ਕਿ ਉਸ ਦੀ ਅਸਲ ਸਿਮ ਨਾਲ ਛੇੜਛਾੜ ਕੀਤੀ ਗਈ ਸੀ ਅਤੇ ਫ਼ੋਨ ਵਿੱਚ ਦੂਜੀ ਸਿਮ ਪਾਈ ਗਈ ਸੀ। ਇਸ ਮਗਰੋਂ ਉਸ ਨੇ ਏਅਰਟੈੱਲ ਕੰਪਨੀ ਕੋਲੋਂ ਆਪਣਾ ਨੰਬਰ ਮੁੜ ਚਾਲੂ ਕਰਵਾਇਆ। ਉਸ ਦਾ ਦੋਸ਼ ਹੈ ਕਿ ਇਸੇ ਦੌਰਾਨ ਉਸ ਦੇ ਬੈਂਕ ਖਾਤੇ ਵਿੱਚੋਂ ਯੂ ਪੀ ਆਈ ਰਾਹੀਂ ਵੱਖ-ਵੱਖ ਕਿਸ਼ਤਾਂ ਵਿੱਚ 20 ਹਜ਼ਾਰ ਰੁਪਏ ਕਿਸੇ ਹੋਰ ਖਾਤੇ ਵਿੱਚ ਭੇਜ ਦਿੱਤੇ ਗਏ। ਸੁਰਿੰਦਰ ਮੌਰਿਆ ਨੇ ਦੱਸਿਆ ਕਿ ਉਸ ਦੇ ਖਾਤੇ ਵਿੱਚ ਕਰੀਬ 60 ਹਜ਼ਾਰ ਰੁਪਏ ਸਨ। ਉਸ ਨੇ ਇਹ ਵੀ ਦਾਅਵਾ ਕੀਤਾ ਕਿ ਉਸ ਦੇ ਮੋਬਾਈਲ ਨੰਬਰ ਦੀ ਵਰਤੋਂ ਕਰਕੇ ਯੂ ਪੀ ਆਈ ਲਾਈਟ ਦੀ ਸਹੂਲਤ ਚਾਲੂ ਕੀਤੀ ਗਈ ਸੀ। ਇਸ ਰਾਹੀਂ ਹੋਰ ਰਕਮ ਕਢਵਾਉਣ ਦੀ ਕੋਸ਼ਿਸ਼ ਵੀ ਕੀਤੀ ਗਈ, ਪਰ ਉਸ ਵੱਲੋਂ ਮੋਬਾਈਲ ਨੰਬਰ ਮੁੜ ਚਾਲੂ ਕਰਵਾਉਣ ਕਾਰਨ ਬਾਕੀ ਰਕਮ ਬਚ ਗਈ।ਪੀੜਤ ਨੇ ਦੱਸਿਆ ਕਿ ਉਸ ਨੇ 7 ਨਵੰਬਰ ਨੂੰ ਡੇਰਾਬੱਸੀ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ ਸੀ। ਉਸ ਅਨੁਸਾਰ ਜਾਂਚ ਦੌਰਾਨ ਪੈਸਿਆਂ ਦੇ ਲੈਣ-ਦੇਣ ਦੇ ਵੇਰਵਿਆਂ ਅਤੇ ਸਕਰੀਨਸ਼ਾਟ ਦੇ ਆਧਾਰ 'ਤੇ ਦੁਕਾਨ ਵਿੱਚ ਕੰਮ ਕਰਨ ਵਾਲੇ ਇੱਕ ਨੌਕਰ ਦੀ ਭੂਮਿਕਾ ਸਾਹਮਣੇ ਆਈ। ਉਸ ਦਾ ਦਾਅਵਾ ਹੈ ਕਿ ਪਹਿਲਾਂ ਉਕਤ ਵਿਅਕਤੀ ਨੇ ਦੋਸ਼ ਮੰਨਣ ਤੋਂ ਇਨਕਾਰ ਕੀਤਾ, ਪਰ ਲੈਣ-ਦੇਣ ਦੇ ਸਬੂਤ ਦਿਖਾਉਣ ਮਗਰੋਂ ਪੈਸੇ ਵਾਪਸ ਕਰਨ ਦੀ ਗੱਲ ਆਖੀ।ਸੁਰਿੰਦਰ ਮੌਰਿਆ ਮੁਤਾਬਕ ਉਕਤ ਵਿਅਕਤੀ ਨੇ 18 ਨਵੰਬਰ ਤੱਕ ਪੂਰੀ ਰਕਮ ਵਾਪਸ ਕਰਨ ਦਾ ਭਰੋਸਾ ਦਿੱਤਾ ਹੈ। ਉਨ੍ਹਾਂ ਮੰਗ ਕੀਤੀ ਕਿ ਅਜਿਹੇ ਮਾਮਲਿਆਂ ਵਿੱਚ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਜੋ ਕਿਸੇ ਹੋਰ ਵਿਅਕਤੀ ਨੂੰ ਇਸ ਤਰ੍ਹਾਂ ਦੀ ਧੋਖਾਧੜੀ ਦਾ ਸ਼ਿਕਾਰ ਨਾ ਹੋਣਾ ਪਵੇ।

2 ਪਿਸਟਲ, 3 ਮੈਗਜ਼ੀਨ ਅਤੇ 10 ਜ਼ਿੰਦਾ ਰੌਂਦ ਸਮੇਤ ਦੋ ਗ੍ਰਿਫ਼ਤਾਰ



ਨਵਾਂਸ਼ਹਿਰ (ਮਨੋਜ ਲਾਡੀ)-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਪੁਲਸ ਵਲੋਂ ਮਾਨਯੋਗ ਡਾਇਰੈਕਟਰ ਜਨਰਲ ਪੁਲਸ, ਪੰਜਾਬ, ਅਤੇ ਡਿਪਟੀ ਇੰਸਪੈਕਟਰ ਜਨਰਲ ਪੁਲਿਸ, ਲੁਧਿਆਣਾ ਰੇਂਜ ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਇਕ ਵਿਦੇਸ਼ੀ ਪਿਸਟਲ ਪੀ ਐੱਕਸ ਈ 30 ਬੋਰ, ਇਕ ਵਿਦੇਸ਼ੀ ਸਟਾਰ ਪਿਸਟਲ 30 ਬੋਰ, 3 ਮੈਗਜੀਨ ਅਤੇ 10 ਜਿੰਦਾ ਰੌਂਦ ਸਮੇਤ ਦੋ ਦੋਸ਼ੀ ਨੂੰ ਕੀਤਾ ਗ੍ਰਿਫਤਾਰ ਕਰਨ ਵਿੱਚ ਵੱਡੀ ਸਫਲਤਾ ਹਾਸਲ ਕੀਤੀ ਹੈ। ਤੁਸ਼ਾਰ ਗੁਪਤਾ ਸੀਨੀਅਰ ਕਪਤਾਨ ਪੁਲਿਸ ਸ਼ਹੀਦ ਭਗਤ ਸਿੰਘ ਨਗਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰਿਦਰ ਸਿੰਘ ਮਾਨ ਕਪਤਾਨ ਪੁਲਿਸ ਜਾਂਚ, ਸਰਬਜੀਤ ਸਿੰਘ ਬਾਹੀਆ ਕਪਤਾਨ ਪੁਲਿਸ ਓਪਰੇਸ਼ਨ ਕਮ ਪੀ.ਬੀ.ਆਈ. ਅਤੇ ਜਤਿੰਦਰ ਚੌਹਾਨ ਉਪ ਕਪਤਾਨ ਪੁਲਸ ਜਾਂਚ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾ ਮੁਤਾਬਿਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਮਿਤੀ 14 ਨਵੰਬਰ 2026 ਨੂੰ ਏ.ਐਸ.ਆਈ ਅਮਰੀਕ ਸਿੰਘ ਸਮੇਤ ਸਾਥੀ ਕਰਮਚਾਰੀਆ ਸੀ ਆਈ ਏ ਸਟਾਫ ਨਵਾਂਸ਼ਹਿਰ ਅਤੇ ਐਂਟੀ ਨਾਰਕੋਟਿਕ ਸੈਲ ਨਵਾਂਸ਼ਹਿਰ ਦੀ ਪੁਲਿਸ ਪਾਰਟੀ ਚੈਕਿੰਗ ਭੈੜੇ ਪੁਰਸ਼ਾਂ ਦੇ ਸੰਬੰਧ ਵਿੱਚ ਚੰਡੀਗੜ੍ਹ ਚੌਕ ਨਵਾਂਸ਼ਹਿਰ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਰੋਹਿਤ ਉਰਫ ਕਾਲੂ, ਦਿਸ਼ਾਤ ਪੁੱਤਰਾਨ ਪਿੰਕੂ ਵਾਸੀਆਨ ਨੇੜੇ ਸਕੂਲ ਬਾਲਮੀਕ ਮੁਹੱਲਾ ਨਵਾਂਸ਼ਹਿਰ ਥਾਣਾ ਸਿਟੀ ਨਵਾਂਸ਼ਹਿਰ ਜੋ ਪ੍ਰਨਵ ਸਹਿਗਲ ਪੁੱਤਰ ਹਿਤੇਸ਼ ਸਹਿਗਲ ਵਾਸੀ ਵਿਕਾਸ ਨਗਰ ਰਾਹੋਂ ਰੋਡ ਨਵਾਂਸ਼ਹਿਰ ਅਤੇ ਸਰਬਜੀਤ ਸਿੰਘ ਉਰਫ ਸਾਬੀ ਪੁੱਤਰ ਸੁਰਜੀਤ ਰਾਮ ਵਾਸੀ ਮੀਰਪੁਰ ਜੱਟਾਂ ਥਾਣਾ ਸਦਰ ਨਵਾਂਸ਼ਹਿਰ ਦੇ ਇਸ਼ਾਰੇ ਤੇ ਕੰਮ ਕਰਦੇ ਹਨ ਅਤੇ ਇਹਨਾਂ ਦੁਆਰਾ ਮੁਹੱਈਆ ਕਰਵਾਏ ਅਸਲੇ ਸਮੇਤ ਕਿਸੇ ਦਾ ਕਤਲ ਕਰਨ ਦੀ ਫਿਰਾਕ ਵਿੱਚ ਹਨ ਜੋ ਮਹਾਲੋਂ ਸ਼ਮਸ਼ਾਨ ਘਾਟ ਨਜਦੀਕ ਬੈਠ ਕੇ ਕਿਸੇ ਨੂੰ ਮਾਰਨ ਦੀ ਵਿਉਂਤ ਬੰਦੀ ਕਰ ਰਹੇ ਹਨ ਜਿਸ ਤੇ ਏ ਐੱਸ ਆਈ ਅਮਰੀਕ ਸਿੰਘ ਸੀ.ਆਈ.ਏ ਸਟਾਫ ਨੇ ਮੁਕੱਦਮਾ ਅਸਲਾ ਐਕਟ ਥਾਣਾ ਸਿਟੀ ਨਵਾਂਸ਼ਹਿਰ ਦਰਜ ਰਜਿਸਟਰ ਮੁੱਖਬਰ ਖਾਸ ਵਲੋਂ ਦੱਸੀ ਜਗ੍ਹਾਂ ਤੇ ਰੇਡ ਕਰਕੇ ਦੌਰਾਨੇ ਤਫਤੀਸ਼ ਰੋਹਿਤ ਉਰਫ ਕਾਲੂ ਅਤੇ ਦਿਸ਼ਾਤ ਉਕਤ ਦੇ ਪਾਸੋਂ ਇਕ ਵਿਦੇਸ਼ੀ ਪਿਸਟਲ ਪੀ ਐਕਸ ਈਨ30 ਬੋਰ ਅਤੇ ਇਕ ਵਿਦੇਸ਼ੀ ਸਟਾਰ ਪਿਸਟਲ 30 ਬੋਰ, ਸਮੇਤ 03 ਮੈਗਜੀਨ ਅਤੇ 10 ਜਿੰਦਾ ਰੌਂਦ ਬ੍ਰਾਮਦ ਕਰਨ ਵਿਚ ਵੱਡੀ ਸਫਲਤਾ ਹਾਸਲ ਕੀਤੀ ਹੈ। ਤਫਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਗ੍ਰਿਫਤਾਰ ਦੋਸ਼ੀਆਨ ਪਾਸੋਂ ਬ੍ਰਾਮਦਾ ਪਿਸਟਲ ਇਹਨਾਂ ਨੂੰ ਵਿਦੇਸ਼ ਵਿਚ ਬੈਠੇ ਪ੍ਰਨਵ ਸਹਿਗਲ ਉਰਫ ਪਾਰੂ ਪੁੱਤਰ ਹਿਤੇਸ਼ ਸਹਿਗਲ ਵਾਸੀ ਵਿਕਾਸ ਨਗਰ ਰਾਹੋਂ ਰੋਡ ਨਵਾਂਸ਼ਹਿਰ ਅਤੇ ਸਰਬਜੀਤ ਸਿੰਘ ਉਰਫ ਸਾਬੀ ਪੁੱਤਰ ਸੁਰਜੀਤ ਰਾਮ ਵਾਸੀ ਮੀਰਪੁਰ ਜੱਟਾਂ ਥਾਣਾ ਸਦਰ ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਮੁਹੱਈਆ ਕਰਵਾਏ ਸਨ। ਪ੍ਰਨਵ ਸਹਿਗਲ ਅਤੇ ਸਰਬਜੀਤ ਸਿੰਘ ਨੇ ਗ੍ਰਿਫਤਾਰ ਦੋਸ਼ੀਆਂ ਨੂੰ ਕਤਲ ਕਰਨ ਲਈ ਟਾਰਗੇਟ ਵੀ ਦਿੱਤਾ ਸੀ ਇਹਨਾਂ ਨੂੰ ਕਾਬੂ ਕਰਕੇ ਕੋਈ ਅਣਸੁਖਾਵੀ ਘਟਨਾ ਨੂੰ ਹੋਣ ਤੋਂ ਰੋਕ ਲਿਆ ਗਿਆ ਹੈ। ਗ੍ਰਿਫਤਾਰ ਦੋਸ਼ੀਆਂ ਦੇ ਖਿਲਾਫ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਮੁਕੱਦਮਾ ਥਾਣਾ ਸਿਟੀ ਨਵਾਂਸ਼ਹਿਰ ਦਰਜ ਰਜਿਸਟਰ ਹੈ ਜਿਸ ਵਿਚ ਇਹ ਫਰਾਰ ਚੱਲਦੇ ਆ ਰਹੇ ਸਨ।

ਕਤਲ ਕੇਸ ਦਾ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ

ਨਵਾਂਸ਼ਹਿਰ (ਮਨੋਜ ਲਾਡੀ)-ਤੁਸ਼ਾਰ ਗੁਪਤਾ ਸੀਨੀਅਰ ਕਪਤਾਨ ਪੁਲਸ ਸ਼ਹੀਦ ਭਗਤ ਸਿੰਘ ਨਗਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡਾਇਰੈਕਟਰ ਜਨਰਲ ਪੁਲਸ ਪੰਜਾਬ ਤੇ ਡਿਪਟੀ ਇੰਸਪੈਕਟਰ ਜਨਰਲ ਪੁਲਸ ਲੁਧਿਆਣਾ ਰੇਂਜ ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ 30 ਮਈ 2026 ਨੂੰ ਸਮਿੰਦਰ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਅੜਕ ਨੇ ਇੰਸਪੈਕਟਰ ਸੁਖਪਾਲ ਸਿੰਘ, ਮੁੱਖ ਅਫਸਰ ਥਾਣਾ ਅੜਕ ਪਾਸ ਬਿਆਨ ਲਿਖਾਇਆ ਸੀ ਕਿ 29 ਮਈ 2026 ਨੂੰ ਉਹ ਸਮੇਤ ਨਿਸ਼ਾਨ ਸਿੰਘ ਉਰਫ ਮੋਨੀ ਅਤੇ ਗੁਰਮੀਤ ਕੌਰ ਘਰੇਲੂ ਕੰਮ ਕਾਰ ਲਈ ਬਜਾਰ ਅੜਕ ਵਿਖੇ ਆਏ ਸੀ ਜਦੋਂ ਉਹ ਵਿਸ਼ਵਕਰਮਾ ਮੰਦਿਰ ਅੜਕ ਸਾਹਮਣੇ ਆਏ, ਜਦੋਂ ਉਤਰ ਕੇ ਦੁਕਾਨ ਅੰਦਰ ਜਾਣ ਲੱਗੇ ਤਾਂ ਇੱਕ ਮੋਟਰ ਸਾਈਕਲ ਪਰ 2 ਮੋਨੇ ਨਾਮਲੂਮ ਨੌਜਵਾਨਾ ਰਾਹੋਂ ਸਾਈਡ ਤੋਂ ਆਏ ਤੇ ਉਹਨਾਂ ਨੇ ਨਿਸ਼ਾਨ ਸਿੰਘ ਪਰ ਆਪਣੇ-ਆਪਣੇ ਪਿਸਟਲ ਨਾਲ ਫਾਇਰ ਕਰ ਦਿੱਤੇ,ਜਿਸ ਨਾਲ ਨਿਸ਼ਾਨ ਸਿੰਘ ਦੀ ਮੌਤ ਹੋ ਗਈ ਸੀ ਜਿਸ ਤੇ ਮੁੱਕਦਮਾ ਥਾਣਾ ਅੜਕ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਦੀ। ਦੌਰਾਨੇ ਤਫਤੀਸ਼ ਮਿਤੀ 13 ਨਵੰਬਰ 2026 ਨੂੰ ਮੁੱਖ ਦੋਸ਼ੀ ਅਤੇ ਫਰਾਰ ਚਲਦੇ ਆ ਰਹੇ ਦੂਜੇ ਸ਼ੂਟਰ ਅਮਨਦੀਪ ਸਿੰਘ ਉਰਫ ਅਮਨ ਪੁੱਤਰ ਸੋਹਣ ਸਿੰਘ ਵਾਸੀ ਪਿੰਡ ਅੜਕ ਥਾਣਾ ਅੜਕ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਗ੍ਰਿਫਤਾਰ ਕਰਨ ਵਿਚ ਵੱਡੀ ਸਫਲਤਾ ਹਾਸਲ ਕੀਤੀ ਹੈ ਜਿਸਦੀ ਪੁੱਛਗਿਛ ਦੇ ਅਧਾਰ ਤੇ ਸ਼ੂਟਰਾਂ ਵੱਲੋਂ ਵਾਰਦਾਤ ਵਿਚ ਵਰਤਿਆ ਮੋਟਰਸਾਈਕਲ ਮਾਰਕਾ ਪੈਸ਼ਨ ਵੀ ਬ੍ਰਾਮਦ ਕੀਤਾ ਜਾ ਚੁੱਕਾ ਹੈ।

ਸਕਿੱਲ ਸੈਂਟਰ ਦਾ ਉਦਘਾਟਨ



ਚੰਡੀਗੜ੍ਹ, (ਕ੍ਰਿਸ਼ਨ ਗਰਗ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੀ ਐਮ ਸੇਤੂ ਯੋਜਨਾ ਤਹਿਤ 320 ਕਰੋੜ ਰੁਪਏ ਦੀ ਲਾਗਤ ਨਾਲ ਕੁਰੂਕਸ਼ੇਤਰ, ਕੈਥਲ ਅਤੇ ਅੰਬਾਲਾ ਦੀਆਂ ਸੱਤ ਆਈਟੀਆਈਜ਼ ਦਾ ਆਧੁਨਿਕੀਕਰਨ ਕੀਤਾ ਜਾਵੇਗਾ। ਇਨ੍ਹਾਂ ਕੇਂਦਰਾਂ ਵਿੱਚ ਆਈਟੀ, ਇੰਟਰਨੈਸ਼ਨਲ ਮੋਬਿਲਿਟੀ, ਬਿਊਟੀ ਐਂਡ ਵੈਲਨੈਸ ਅਤੇ ਆਡੀਓ-ਵੀਡੀਓ ਤੇ ਗ੍ਰਾਫਿਕਸ ਵਰਗੇ ਭਵਿੱਖ ਨਾਲ ਜੁੜੇ ਖੇਤਰਾਂ ਵਿੱਚ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਵੀਨ ਅਵਸਰ ਪ੍ਰੋਗਰਾਮ ਤਹਿਤ ਇੱਕ ਸਾਲ ਵਿੱਚ 10,000 ਤੋਂ ਵੱਧ ਨੌਜਵਾਨਾਂ ਨੂੰ ਹੁਨਰ ਸਿਖਲਾਈ ਅਤੇ ਰੁਜ਼ਗਾਰ ਨਾਲ ਜੋੜਨ ਦਾ ਟੀਚਾ ਰੱਖਿਆ ਗਿਆ ਹੈ।

ਰਣਜੀਤ ਗਿੱਲ ਤੇ ਹੈਪੀ ਨੇ ਛੱਠ ਪੂਜਾ 'ਚ ਕੀਤੀ ਸ਼ਮੂਲੀਅਤ

ਚੰਡੀਗੜ੍ਹ (ਸੁਰਜੀਤ ਸੁਮਨ)-ਪੰਜਾਬ ਦੀ ਧਰਤੀ ਹਮੇਸ਼ਾ ਹੀ ਵੱਖ-ਵੱਖ ਧਰਮਾਂ, ਸੱਭਿਆਚਾਰਾਂ ਅਤੇ ਗੀਤੀ-ਰਿਵਾਜਾਂ ਨੂੰ ਪਿਆਰ ਨਾਲ ਅਪਣਾਉਣ ਲਈ ਜਾਣੀ ਜਾਂਦੀ ਹੈ। ਇਸੇ ਭਾਈਚਾਰਕ ਸਾਂਝ ਦੀ ਇੱਕ ਮਨਮੋਹਕ ਝਲਕ ਖਰੜ ਦੇ ਮਹਾਰਾਜਾ ਅੱਜ ਸਰੋਵਰ ਵਿਖੇ ਉਸ ਸਮੇਂ ਦੇਖਣ ਨੂੰ ਮਿਲੀ, ਜਦੋਂ






ਛੱਠ ਪੂਜਾ ਦੇ ਪਵਿੱਤਰ ਮੌਕੇ ਪੂਰਵਾਂਚਲ ਅਤੇ ਮਿਥਿਲਾ ਭਾਈਚਾਰੇ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸੂਰਜ ਦੇਵਤਾ ਦੀ ਪੂਜਾ ਕੀਤੀ। ਮਿਥਿਲਾ ਛੱਠ ਕਮੇਟੀ ਵੱਲੋਂ ਕਰਵਾਏ ਗਏ ਇਸ ਧਾਰਮਿਕ ਸਮਾਗਮ ਦੌਰਾਨ ਸਰੋਵਰ ਦਾ ਸਮੁੱਚਾ ਮਾਹੌਲ ਭਗਤੀ ਅਤੇ ਸ਼ਰਧਾ ਨਾਲ ਭਰਪੂਰ ਨਜ਼ਰ ਆਇਆ। ਛੱਠ ਪੂਜਾ ਦੀਆਂ ਰਵਾਇਤਾਂ ਅਨੁਸਾਰ ਵਰਤਧਾਰੀ ਔਰਤਾਂ ਅਤੇ ਮਰਦਾਂ ਨੇ ਸਰੋਵਰ ਦੇ ਪਾਣੀ ਵਿੱਚ ਖੜ੍ਹੇ ਹੋ ਕੇ ਡੁੱਬਦੇ ਸੂਰਜ ਨੂੰ ਅਰਘ ਭੇਟ ਕੀਤਾ। ਇਸ ਦੌਰਾਨ ਫਲਾਂ, ਫੁੱਲਾਂ, ਗੰਨੇ ਅਤੇ ਹੋਰ ਪੂਜਾ ਸਮੱਗਰੀ ਨਾਲ ਸਜਾਈਆਂ ਟੋਕਰੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ। ਸ਼ਰਧਾਲੂਆਂ ਨੇ ਛੱਠੀ ਮਈਆ ਅੱਗੇ ਆਪਣੇ ਪਰਿਵਾਰਾਂ ਦੀ ਤੰਦਰੁਸਤੀ, ਸੁੱਖ-ਸ਼ਾਂਤੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਰਾਣਾ ਰਣਜੀਤ ਸਿੰਘ ਗਿੱਲ ਅਤੇ ਸਮਾਜ ਸੇਵੀ ਅਮਰੀਕ ਸਿੰਘ ਹੈਪੀ ਨੇ ਛੱਠੀ ਮਈਆ ਅੱਗੇ ਨਤਮਸਤਕ ਹੋ ਕੇ ਪੰਜਾਬ ਦੀ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਲਈ ਅਰਦਾਸ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਹਮੇਸ਼ਾ ਤੋਂ ਹੀ ਮੇਲਿਆਂ ਅਤੇ ਤਿਉਹਾਰਾਂ ਦੀ ਧਰਤੀ ਰਿਹਾ ਹੈ, ਜਿੱਥੇ ਹਰ ਧਰਮ ਅਤੇ ਭਾਈਚਾਰੇ ਦੇ ਲੋਕ ਇੱਕ-ਦੂਜੇ ਦੇ ਤਿਉਹਾਰਾਂ ਵਿੱਚ ਸ਼ਾਮਲ ਹੋ ਕੇ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕਰਦੇ ਹਨ। ਉਨ੍ਹਾਂ ਕਾਮਨਾ ਕੀਤੀ ਕਿ ਪੰਜਾਬ ਦੀ ਇਹ ਅਮੀਰ ਵਿਰਾਸਤ ਅਤੇ ਆਪਸੀ ਸਾਂਝ ਹਮੇਸ਼ਾ ਇਸੇ ਤਰ੍ਹਾਂ ਬਰਕਰਾਰ ਰਹੇ।

19 ਨੂੰ ਸੰਗਰੂਰ ਵਿਖੇ ਲੱਗਣ ਵਾਲੇ ਮੋਰਚੇ 'ਚ ਬਲਾਕ ਤਲਵਾੜਾ ਦੇ ਮੁਲਾਜ਼ਮ ਤੇ ਪੈਨਸ਼ਨਰ ਕਰਨਗੇ ਸ਼ਮੂਲੀਅਤ

ਤਲਵਾੜਾ, ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਅਤੇ ਸਾਂਝੇ ਮੰਚ ਵੱਲੋਂ 13 ਨਵੰਬਰ ਤੋਂ 19 ਨਵੰਬਰ ਤੱਕ ਸੰਗਰੂਰ ਵਿਖੇ ਲਗਾਏ ਜਾ ਰਹੇ ਦਿਨ-ਰਾਤ ਦੇ ਮੋਰਚੇ ਤਹਿਤ 19 ਨਵੰਬਰ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੀ ਸ਼ਮੂਲੀਅਤ ਦੀ ਵਾਰੀ ਹੈ। ਇਸ ਮੌਕੇ ਬਲਾਕ ਤਲਵਾੜਾ ਦੇ ਮੁਲਾਜ਼ਮ ਤੇ ਪੈਨਸ਼ਨਰ ਸਾਥੀ ਵੱਡੀ ਗਿਣਤੀ ਵਿੱਚ ਮੋਰਚੇ ਵਿੱਚ ਸ਼ਾਮਲ



ਹੋਣਗੇ। ਇਸ ਸਬੰਧੀ ਬਲਾਕ ਤਲਵਾੜਾ ਦੀ ਹੋਈ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ। ਮੀਟਿੰਗ ਦੀ ਅਗਵਾਈ ਬਲਾਕ ਪ

ਐਂਟੀ-ਕੁਰੱਪਸ਼ਨ ਬਿਊਰੋ ਦੀ ਟੀਮ ਵੱਲੋਂ ਸਿਵਲ ਹਸਪਤਾਲ 'ਚ ਲੰਗਰ ਸੇਵਾ ਸ਼ੁਰੂ



ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)-ਸਿਵਲ ਹਸਪਤਾਲ ਜਲਾਲਾਬਾਦ ਵਿੱਚ ਐਂਟੀ-ਕਰੱਪਸ਼ਨ ਬਿਊਰੋ ਦੀ ਟੀਮ ਵੱਲੋਂ ਮਰੀਜ਼ਾਂ ਲਈ ਲੰਗਰ ਸੇਵਾ ਇੱਕ ਵਾਰ ਫਿਰ ਪੂਰੀ ਸ਼ਰਧਾ ਤੇ ਉਤਸ਼ਾਹ ਨਾਲ ਸ਼ੁਰੂ ਕਰ ਦਿੱਤੀ ਗਈ ਹੈ। ਜਥੇਬੰਦੀ ਵੱਲੋਂ ਪਿਛਲੇ ਕਰੀਬ 20 ਸਾਲਾਂ ਤੋਂ ਇਸ ਸੇਵਾ ਨੂੰ ਲਗਾਤਾਰ ਚਲਾਇਆ ਜਾ ਰਿਹਾ ਹੈ। ਇਸ ਤਹਿਤ ਹਰ ਐਤਵਾਰ ਹਸਪਤਾਲ ਵਿੱਚ ਦਾਖ਼ਲ ਲੋੜਵੰਦ ਮਰੀਜ਼ਾਂ ਨੂੰ ਖਾਣਾ ਵੰਡਿਆ ਜਾਂਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜੂ ਖੇੜਾ ਨੇ ਦੱਸਿਆ ਕਿ ਸੰਸਥਾ ਦਾ ਉਦੇਸ਼ ਪ੍ਰਸਿੱਧੀ ਹਾਸਲ ਕਰਨਾ ਜਾਂ ਆਪਣੀ ਵਾਹ-ਵਾਹ ਕਰਵਾਉਣਾ ਨਹੀਂ, ਸਗੋਂ ਲੋੜਵੰਦ ਲੋਕਾਂ ਦੀ ਮਦਦ ਕਰਨਾ ਹੈ। ਉਨ੍ਹਾਂ ਕਿਹਾ ਕਿ ਸਮਾਜ ਵਿੱਚ ਬਹੁਤ ਸਾਰੇ ਅਜਿਹੇ ਦਾਨੀ ਸੱਜਣ ਹਨ ਜੋ ਆਪਣੀ ਮਿਹਨਤ ਦੀ ਕਮਾਈ ਵਿੱਚੋਂ ਲੋੜਵੰਦਾਂ ਦੀ ਮਦਦ ਕਰਨਾ ਚਾਹੁੰਦੇ ਹਨ, ਪਰ ਉਨ੍ਹਾਂ ਨੂੰ ਸਹੀ ਮਾਧਿਅਮ ਨਹੀਂ ਮਿਲਦਾ। ਸੰਸਥਾ ਦੇ ਸੇਵਾ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਕਈ ਲੋਕ ਖੁਦ ਫੋਨ ਕਰਕੇ ਸਹਿਯੋਗ ਦੇਣ ਦੀ ਇੱਛਾ ਪ੍ਰਗਟਾਉਂਦੇ ਹਨ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹਸਪਤਾਲ ਪਹੁੰਚ ਕੇ ਆਪਣੇ ਹੱਥੀਂ ਮਰੀਜ਼ਾਂ ਨੂੰ ਲੰਗਰ ਵੰਡਣ, ਕਿਉਂਕਿ ਆਪਣੇ ਹੱਥੀਂ ਸੇਵਾ ਕਰਨਾ ਸਭ ਤੋਂ ਵੱਡਾ ਦਾਨ ਹੈ।

ਸਮਾਣਾ ਹਲਕੇ ਦੀ ਸਿਆਸਤ ਨੂੰ ਲੈ ਕੇ ਭਾਜਪਾ ਦੀ ਅਹਿਮ ਮੀਟਿੰਗ



ਸਮਾਣਾ (ਇਕਬਾਲ ਸਿੰਘ ਬੱਲ)-ਸਮਾਣਾ ਹਲਕੇ ਦੀ ਸਿਆਸਤ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਦੇ ਆਗੂਆਂ ਦੀ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਆਉਣ ਵਾਲੇ ਸਮੇਂ ਦੀ ਰਣਨੀਤੀ, ਪਾਰਟੀ ਦੀ ਮਜ਼ਬੂਤੀ ਤੇ ਹਲਕੇ ਦੀ ਮੌਜੂਦਾ ਸਿਆਸੀ ਸਥਿਤੀ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਸਮਾਣਾ ਦੇ ਵਿਧਾਇਕ ਸ੍ਰ. ਚੇਤਨ ਸਿੰਘ ਜੌੜਾਮਾਜਰਾ ਵਿਸ਼ੇਸ਼ ਤੌਰ 'ਤੇ ਹਲਕਾ ਸਮਾਣਾ ਦੇ ਹਲਕਾ ਇੰਚਾਰਜ ਤੇ ਪੰਜਾਬ ਕਾਰਜਕਾਰਨੀ ਮੈਂਬਰ ਸੁਰਿੰਦਰ ਸਿੰਘ ਖੇੜਕੀ ਦੇ ਦਫ਼ਤਰ ਪਹੁੰਚੇ, ਜਿੱਥੇ ਦੋਵਾਂ ਆਗੂਆਂ ਵਿਚਕਾਰ ਲੰਬੀ ਤੇ ਸਾਰਥਕ ਮੁਲਾਕਾਤ ਹੋਈ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂ ਮਾਜਰਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੀਟਿੰਗ ਦੌਰਾਨ ਆਗੂਆਂ ਨੇ ਸਮਾਣਾ ਹਲਕੇ ਦੇ ਪਿੰਡਾਂ ਤੇ ਸ਼ਹਿਰੀ ਵਾਰਡਾਂ ਵਿੱਚ ਪਾਰਟੀ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ।ਬੂਥ ਪੱਧਰ ਤੱਕ ਪਾਰਟੀ ਨੂੰ ਮਜ਼ਬੂਤ ਕਰਨ, ਨਵੇਂ ਵਰਕਰਾਂ ਨੂੰ ਨਾਲ ਜੋੜਨ, ਤੇ ਲੋਕਾਂ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਚੁੱਕਣ ਬਾਰੇ ਵੀ ਚਰਚਾ ਹੋਈ।ਇਸ ਮੌਕੇ ਹਲਕਾ ਇੰਚਾਰਜ ਸੁਰਿੰਦਰ ਸਿੰਘ ਖੇੜਕੀ ਨੇ ਆਪਣੇ ਦਫ਼ਤਰ ਪਹੁੰਚਣ 'ਤੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂ ਮਾਜਰਾ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਅਤੇ ਭਾਜਪਾ ਪਰਵਾਰ ਵਿੱਚ ਸ਼ਾਮਲ ਹੋਣ 'ਤੇ ਵਧਾਈ ਦਿੱਤੀ।ਇਸ ਮੀਟਿੰਗ ਵਿੱਚ ਮੰਡਲ ਪ੍ਰਧਾਨ ਜਤਿੰਦਰ ਸ਼ਰਮਾ, ਮੰਡਲ ਪ੍ਰਧਾਨ ਗੁਰਪ੍ਰੀਤ ਸਿੰਘ ਮਾਜਰੀ, ਐੱਮ. ਸੀ. ਵਿਨੋਦ ਸਿੰਗਲਾ, ਸੋਸ਼ਲ ਮੀਡੀਆ ਇੰਚਾਰਜ ਸੰਜੀਵ ਗਰਗ, ਬਲਵਿੰਦਰ ਸਿੰਘ ਬੱਬੀ, ਦਮਨ ਭੱਲਾ, ਸਮਾਣਾ ਮੰਡਲ ਤੋਂ ਸੋਸ਼ਲ ਮੀਡੀਆ ਨਾਲ ਜੁੜੇ ਸੁਸ਼ੀਲ ਕੁਮਾਰ, ਸਰਬਜੀਤ ਸਿੰਘ ਢਿੱਲੋਂ, ਰਾਣਾ ਜੀ, ਲੱਡੂ ਭੱਲਾ ਤੇ ਹੋਰ ਮੌਜੂਦ ਸਨ।

ਸਰਾਭਾ ਦੇ ਸ਼ਹੀਦੀ ਦਿਹਾੜੇ ਤੇ ਪ੍ਰੈੱਸ ਦਿਵਸ ਨੂੰ ਸਮਰਪਤ ਖ਼ੂਨਦਾਨ ਕੈਂਪ



ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਛੋਟੀ ਉਮਰੇ ਦੇਸ਼ ਲਈ ਆਪਣੀ ਜਾਨ ਵਾਰਨ ਵਾਲੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਤੇ ਪ੍ਰੈੱਸ ਦਿਵਸ ਨੂੰ ਸਮਰਪਤ ਸਥਾਨਕ ਸ਼ਹਿਰ ਦੇ ਪੁਰਾਤਨ ਮੰਦਰ ਸ਼ਿਵਾਲਾ ਖ਼ਾਮ (ਤਲਾਬ ਵਾਲਾ) ਵਿਖੇ ਪ੍ਰੈੱਸ ਕਲੱਬ ਰਾਏਕੋਟ ਵੱਲੋਂ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਮੌਕੇ ਕੈਂਪ ਦਾ ਉਦਘਾਟਨ ਹੀਰਾ ਲਾਲ ਬਾਂਸਲ (ਮੁਸਕਾਨ ਫੀਡ) ਵਾਲਿਆਂ ਤੇ ਵਿਨੋਦ ਜੈਨ ਪੁਜਾਰੀ ਫੀਡ ਵਾਲਿਆਂ ਵੱਲੋਂ ਸਾਂਝੇ ਤੌਰ 'ਤੇ ਗੀਬਨ ਕੱਟ ਕੇ ਕੀਤਾ ਗਿਆ।ਕੈਂਪ ਦੌਰਾਨ ਸੰਵੇਦਨਾ ਟਰੱਸਟ ਸਿਵਲ ਹਸਪਤਾਲ ਲੁਧਿਆਣਾ ਦੀ ਟੀਮ ਨੇ 35 ਯੂਨਿਟ ਖ਼ੂਨ ਇੱਕਤਰ ਕੀਤਾ।ਇਸ ਮੌਕੇ ਹੀਰਾ ਲਾਲ ਬਾਂਸਲ ਤੇ ਵਿਨੋਦ ਜੈਨ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਕੁਰਬਾਨੀ ਨੂੰ ਕੋਟਿ ਕੋਟਿ ਪ੍ਰਣਾਮ ਕੀਤਾ ਅਤੇ ਪ੍ਰੈੱਸ ਦਿਵਸ ਦੀ ਸਮੂਹ ਕਲੱਬ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਖ਼ੂਨਦਾਨ ਸਭ ਤੋਂ ਉੱਤਮ ਦਾਨ ਹੈ, ਕਿਉਂਕਿ ਸਾਡੇ ਵੱਲੋਂ ਕੀਤਾ ਗਿਆ ਖ਼ੂਨ ਦਾਨ ਕਿਸੇ ਲੋੜਵੰਦ ਮਰੀਜ਼ ਦੀ ਜ਼ਿੰਦਗੀ ਬਚਾਉਣ ਵਿੱਚ ਸਹਾਈ ਹੋ ਸਕਦਾ ਹੈ।ਉਨ੍ਹਾਂ ਕਿਹਾ ਕਿ ਹਰ ਤੰਦਰੁਸਤ ਵਿਅਕਤੀ ਨੂੰ ਸਮੇਂ-ਸਮੇਂ 'ਤੇ ਖ਼ੂਨ ਦਾਨ ਕਰਨਾ ਚਾਹੀਦਾ ਹੈ ਤੇ ਹੋਰਨਾਂ ਨੂੰ ਵੀ ਇਸ ਨੇਕ ਕਾਰਜ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।ਇਸ ਨੇਕ ਕਾਰਜ ਲਈ ਪ੍ਰੈੱਸ ਕਲੱਬ ਰਾਏਕੋਟ ਨੂੰ ਵਧਾਈ ਵੀ ਦਿੱਤੀ।ਇਸ ਮੌਕੇ ਇਕਬਾਲ ਸਿੰਘ ਗੁਲਾਬ ਪ੍ਰਧਾਨ ਤੇ ਸਮੂਹ ਕਲੱਬ ਵੱਲੋਂ ਆਏ ਮਹਿਮਾਨਾਂ ਤੇ ਖ਼ੂਨਦਾਨੀਆਂ ਨੂੰ ਸਨਮਾਨ ਨਿਸ਼ਾਨੀਆਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਅਤਰ ਸਿੰਘ ਚੱਢਾ, ਸ਼ਤੀਸ਼ ਭੱਲਾ, ਮੈਨੇਜਰ ਰਾਮ ਸਿੰਘ, ਮਦਨ ਲਾਲ ਅੱਗਰਵਾਲ ਪ੍ਰਧਾਨ ਕਰਿਆਨਾ ਯੂਨੀਅਨ, ਵਿਨੋਦ ਖੁਰਮੀ ਪ੍ਰਧਾਨ ਸਵਰਨਕਾਰ ਸੰਘ, ਗੁਲਸ਼ਨ ਮਿੱਤਲ ਪ੍ਰਧਾਨ ਲਾਇਨਜ਼ ਕਲੱਬ, ਸੈਕਟਰੀ ਬਿਕਰਮਜੀਤ ਬਾਂਸਲ, ਬਲਜੀਤ ਸਿੰਘ ਤਾਜਪੁਰ, ਸੁਖਮਿੰਦਰ ਸਿੰਘ ਧੂਰਕੋਟ, ਇੰਦਰਜੀਤ ਸਿੰਘ ਗੋਂਦਵਾਲ ਸਾਬਕਾ ਚੇਅਰਮੈਨ, ਇੰਦਰਪਾਲ ਗੋਲਡੀ ਪ੍ਰਧਾਨ, ਅਮਨਦੀਪ ਸ਼ਰਮਾ ਜ਼ਿਲ੍ਹਾ ਮੀਤ ਪ੍ਰਧਾਨ ਬੀਕੇਯੂ ਡਕੌਂਦਾ, ਅਸ਼ੋਕ ਕਨੌਜੀਆ ਪ੍ਰਧਾਨ ਸੰਜੀਵਨੀ ਟਰੱਸਟ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜ਼ਰ ਸਨ।

ਨੈਸ਼ਨਲ ਕਾਲਜ 'ਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



ਦੋਰਾਹਾ (ਹਰਮਿੰਦਰ ਸੇਠ)-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੇ ਹੀ ਉਤਸ਼ਾਹ ਨਾਲ਼ ਮਨਾਇਆ ਗਿਆ।ਇਹ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਹਰਪ੍ਰਤਾਪ ਸਿੰਘ ਬਰਾੜ ਦੀ ਸਰਪ੍ਰਸਤੀ ਹੇਠ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਾਲਜ ਦੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਵੱਲੋਂ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬੜੀ ਹੀ ਸ਼ਰਧਾ-ਭਾਵਨਾ ਨਾਲ਼ ਮਨਾਇਆ ਗਿਆ।ਸਮਾਗਮ ਦੇ ਕਨਵੀਨਰ ਪ੍ਰੋ. ਰਣਜੀਤ ਕੌਰ, ਸਹਿ-ਕਨਵੀਨਰ ਪ੍ਰੋ. ਗੁਰਜਿੰਦਰ ਕੌਰ ਤੇ ਸ੍ਰੀ ਕੁਲਵੰਤ ਸਿੰਘ ਦੀ ਅਗਵਾਈ ਹੇਠ ਆਯੋਜਿਤ ਇਸ ਸਮਾਗਮ ਵਿੱਚ ਸ਼੍ਰੀ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ ਤੋਂ ਸ੍ਰ. ਜਸਪਾਲ ਸਿੰਘ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਇਸ ਅਵਸਰ 'ਤੇ ਕਾਲਜ ਦੇ ਡਾ. ਈਸ਼ਵਰ ਸਿੰਘ ਯਾਦਗਾਰੀ ਹਾਲ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੀ ਸਮਾਪਤੀ ਉਪਰੰਤ ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਨੇ ਪ੍ਰੋ. ਰਾਮਪਾਲ ਬੰਗਾ ਦੀ ਅਗਵਾਈ ਹੇਠ ਰਸਭਿੰਨਾ ਸ਼ਬਦ ਗਾਇਨ ਕਰ ਕੇ ਸਰੋਤਿਆਂ ਨੂੰ ਮੰਤਰ-ਮੁਗਧ ਕੀਤਾ।ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਾਰਿਆਂ ਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼-ਪੁਰਬ ਦੀ ਵਧਾਈ ਦਿੰਦਿਆਂ ਮੁੱਖ ਵਕਤਾ ਦਾ ਰਸਮੀ ਸਵਾਗਤ ਕੀਤਾ।ਇਸ ਮੌਕੇ ਮੁੱਖ ਵਕਤਾ ਜਸਪਾਲ ਸਿੰਘ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਤੇ ਗੁਰਮਤਿ ਦਰਸ਼ਨ ਸੰਬੰਧੀ ਆਪਣੇ ਵਡਮੁੱਲੇ ਵਿਚਾਰ ਵਿਦਿਆਰਥੀਆਂ ਨਾਲ਼ ਸਾਂਝੇ ਕੀਤੇ। ਇਸ ਮੌਕੇ ਵਿਦਿਆਰਥੀਆਂ ਅੰਦਰ ਗੁਰਬਾਣੀ ਤੇ ਗੁਰਸਿੱਖੀ ਸਰੂਪ ਪ੍ਰਤੀ ਲਗਨ ਪੈਦਾ ਕਰਨ ਹਿੱਤ ਕਰਵਾਏ ਗਏ ਸੁੰਦਰ ਦਸਤਾਰ ਸਜਾਉਣ ਦੇ ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਨੂੰ ਦਸਤਾਰਾਂ ਦੇ ਕੇ ਸਨਮਾਨਤ ਕੀਤਾ ਗਿਆ।ਕਾਲਜ ਵੱਲੋਂ ਮੁੱਖ ਵਕਤਾ ਸ੍ਰ. ਜਸਪਾਲ ਸਿੰਘ ਤੇ ਉਨ੍ਹਾਂ ਦੀ ਸੁਪਤਨੀ ਸ੍ਰੀਮਤੀ ਸੁਰਜੀਤ ਕੌਰ ਨੂੰ ਸਿਰੋਪਾ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਹਰਜੀਵਨਪਾਲ ਸਿੰਘ ਗਿੱਲ, ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਤੇ ਸੇਵਾ-ਮੁਕਤ ਪ੍ਰਿੰਸੀਪਲ ਤੇ ਪ੍ਰਬੰਧਕੀ ਕਮੇਟੀ ਦੇ ਸਲਾਹਕਾਰ ਡਾ. ਨਰਿੰਦਰ ਸਿੰਘ ਸਿੱਧੂ ਨੂੰ ਸਿਰੋਪਾ ਭੇਟ ਕਰਕੇ ਸਨਮਾਨਤ ਕੀਤਾ ਗਿਆ।ਉਪਰੰਤ ਵਿਦਿਆਰਥੀਆਂ ਵੱਲੋਂ ਹੀ ਤਿਆਰ ਕੀਤਾ ਗਿਆ 'ਸਾਂਝਾ ਲੰਗਰ' ਵਰਤਾਇਆ ਗਿਆ।ਸਮਾਗਮ ਵਿਚ ਸਮੂਹ ਟੀਚਿੰਗ ਤੇ ਨਾਨ-ਟੀਚਿੰਗ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਨੇ ਪੂਰਨ ਉਤਸ਼ਾਹ ਨਾਲ ਹਿੱਸਾ ਲਿਆ।ਅੰਤ ਵਿੱਚ ਕਾਲਜ ਪ੍ਰਬੰਧਕੀ ਕਮੇਟੀ ਦੇ ਐਗਜ਼ੀਕਿਊਟਿਵ ਮੈਂਬਰ ਹਰਜੀਵਨਪਾਲ ਸਿੰਘ ਗਿੱਲ ਨੇ ਗੁਰੂ ਨਾਨਕ ਪ੍ਰਕਾਸ਼ ਪੁਰਬ ਦੀਆਂ ਸ਼ੁੱਭ-ਕਾਮਨਾਵਾਂ ਦਿੰਦਿਆਂ ਸਭ ਦਾ ਧੰਨਵਾਦ ਕੀਤਾ।ਮੰਚ-ਸੰਚਾਲਨ ਦੀ ਭੂਮਿਕਾ ਡਾ. ਨਿਰਲੇਪ ਕੌਰ ਤੇ ਡਾ. ਗੁਰਪ੍ਰੀਤ ਸਿੰਘ ਨੇ ਬਾਖ਼ੂਬੀ ਨਿਭਾਈ।

ਪੈਨੇਸੀਆ ਸਕੂਲ ਦੇ ਤਿੰਨ ਰੋਜ਼ਾ ਡਾਂਸ ਮੁਕਾਬਲੇ ਸ਼ਾਨੋ-ਸ਼ੌਕਤ ਨਾਲ ਸੰਪੰਨ

ਜਲਾਲਾਬਾਦ (ਜੀਤ ਕੁਮਾਰ/ ਜੰਗੀਰ ਕੌਰ/ਬਲਵਿੰਦਰ ਸਿੰਘ)



ਪੈਨੇਸੀਆ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਤਿੰਨ ਰੋਜ਼ਾ ਸਾਲਾਨਾ ਡਾਂਸ ਮੁਕਾਬਲੇ ਦੇ ਤੀਸਰੇ ਅਤੇ ਆਖ਼ਰੀ ਦਿਨ ਦਾ ਸਮਾਗਮ ਬੜੀ ਧੂਮਧਾਮ, ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਇਆ। ਇਸ ਮੌਕੇ ਛੇਵੀਂ ਤੋਂ ਬਾਰਵੀਂ ਜਮਾਤ ਤੱਕ ਦੇ ਲਗਭਗ 450 ਵਿਦਿਆਰਥੀਆਂ ਨੇ ਆਪਣੀ ਕਲਾ, ਪ੍ਰਤਿਭਾ ਤੇ ਆਤਮ-ਵਿਸ਼ਵਾਸ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀਆਂ ਗਈਆਂ ਵੱਖ-ਵੱਖ ਆਈਟਮਾਂ ਨੇ ਦਰਸ਼ਕਾਂ ਦਾ ਵਿਸ਼ੇਸ਼ ਧਿਆਨ ਖਿੱਚਿਆ। ਬੱਚਿਆਂ ਨੇ ਰਾਮਾਇਣ ਥੀਮ ਤੇ ਸ਼ਿਵ ਤਾਂਡਵ ਰਾਹੀਂ ਭਾਰਤੀ ਧਾਰਮਿਕ ਤੇ ਸੱਭਿਆਚਾਰਕ ਵਿਰਾਸਤ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਇਸ ਤੋਂ ਇਲਾਵਾ ਬਾਲ ਮਜ਼ਦੂਰੀ, ਮਹਿਲਾ ਸਸ਼ਕਤੀਕਰਨ, ਮਰਦਾਨੀ ਗੀਤ, ਕਿਸਾਨਾਂ ਦੀ ਜ਼ਿੰਦਗੀ ਤੇ ਕਲਯੁੱਗ ਵਰਗੇ ਸਮਾਜਿਕ ਤੇ ਸਮਕਾਲੀ ਵਿਸ਼ਿਆਂ ਨੂੰ ਆਪਣੀਆਂ ਪੇਸ਼ਕਾਰੀਆਂ ਰਾਹੀਂ ਉਭਾਰ ਕੇ ਦਰਸ਼ਕਾਂ ਨੂੰ ਸੋਚਣ ਲਈ ਮਜਬੂਰ ਕੀਤਾ। ਸੱਭਿਆਚਾਰਕ ਪੇਸ਼ਕਾਰੀਆਂ ਵਿੱਚ ਲੁੱਡੀ, ਪੰਜਾਬੀ ਗੀਤ, ਝੂਮਰ, ਹਰਿਆਣਵੀ ਗੀਤ, ਭੰਗੜਾ, ਸੰਮੀ, ਗੁਜਰਾਤੀ ਗੀਤ ਤੇ ਗਿੱਧੇ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਚਾਰ ਚੰਨ ਲਗਾ ਦਿੱਤੇ। ਵਿਦਿਆਰਥੀਆਂ ਨੇ ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਲੋਕ ਨਾਚਾਂ ਤੇ ਸੱਭਿਆਚਾਰ ਨੂੰ ਰੰਗ-ਬਰੰਗੀਆਂ ਪੋਸ਼ਾਕਾਂ, ਸ਼ਾਨਦਾਰ ਅਦਾਵਾਂ ਤੇ ਬਿਹਤਰੀਨ ਤਾਲਮੇਲ ਨਾਲ ਪੇਸ਼ ਕੀਤਾ। ਖ਼ਾਸ ਕਰਕੇ ਸ਼ਿਵ ਤਾਂਡਵ ਤੇ ਰਾਮਾਇਣ ਦੀ ਪੇਸ਼ਕਾਰੀ ਨੇ ਦਰਸ਼ਕਾਂ ਨੂੰ ਬਹੁਤ ਪ੍ਰਭਾਵਿਤ ਕੀਤਾ, ਜਦਕਿ ਭੰਗੜੇ ਤੇ ਗਿੱਧੇ ਦੀਆਂ ਧਮਾਕੇਦਾਰ ਪੇਸ਼ਕਾਰੀਆਂ ਨੇ ਪੂਰੇ ਮਾਹੌਲ ਨੂੰ ਜੋਸ਼ ਅਤੇ ਖ਼ੁਸ਼ੀ ਨਾਲ ਭਰ ਦਿੱਤਾ। ਮਾਪਿਆਂ ਤੇ ਮਹਿਮਾਨਾਂ ਨੇ ਤਾੜੀਆਂ ਦੀ ਗੂੰਜ ਨਾਲ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਅੱਜ ਦੇ ਸਮਾਗਮ ਵਿੱਚ ਸ਼ੇਰ ਸਿੰਘ ਘੁਬਾਇਆ ਐੱਮ ਪੀ, ਹੰਸ ਰਾਜ ਜੋਸਨ ਸਾਬਕਾ ਮੰਤਰੀ, ਰਾਜ ਬਖ਼ਸ਼ ਕੰਬੋਜ ਸਾਬਕਾ ਚੇਅਰਮੈਨ, ਹੋਲੀ ਹਾਰਟ ਡੋਅ ਬੋਰਡਿੰਗ ਪਬਲਿਕ ਸਕੂਲ, ਫ਼ਾਜ਼ਿਲਕਾ ਦੀ ਪ੍ਰਿੰਸੀਪਲ ਸ਼੍ਰੀਮਤੀ ਰਿਤੂ ਭੁਸਰੀ, ਅਸ਼ੋਕ ਕੰਬੋਜ ਚੇਅਰਮੈਨ ਪੰਜਾਬ ਕਿਸਾਨ ਸਭਾ, ਬੰਟੀ ਵਾਟਸ ਬਲਾਕ ਜਲਾਲਾਬਾਦ ਕਾਂਗਰਸ ਪ੍ਰਧਾਨ, ਗੁਰਪ੍ਰੀਤ ਸਿੰਘ ਘਾਂਗਾ ਹਲਕਾ ਇੰਚਾਰਜ ਵਾਰਿਸ ਪੰਜਾਬ ਦੇ ਸ਼ਾਮਲ ਹੋਏ। ਸਕੂਲ ਪ੍ਰਬੰਧਕਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਤੋਂ ਇਲਾਵਾ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਸੂਬਾ ਮੀਤ ਪ੍ਰਧਾਨ ਮਨਪ੍ਰੀਤ ਸੰਧੂ, ਪਰਮਿੰਦਰ ਸਿੰਘ ਲੂਣਾ, ਚਰਨਪ੍ਰੀਤ ਸਿੰਘ ਸੋਢੀ, ਤਜਿੰਦਰ ਸਿੰਘ ਖ਼ਾਲਸਾ, ਸ਼੍ਰੀ ਬਾਲਾ ਜੀ ਰਾਮ ਲੀਲ੍ਹਾ ਕਮੇਟੀ ਦੇ ਪ੍ਰਧਾਨ ਸੁਮਿਤ ਕੁੱਕੜ, ਟੋਨੀ ਬੱਬਰ, ਅਸ਼ੀਸ਼ ਕੁਮਾਰ,ਸੀਨੀਅਰ ਕਾਂਗਰਸੀ ਆਗੂ ਸੋਨੂੰ ਦਰਗਨ,ਐਡਵੋਕੇਟ ਭੁਪਿੰਦਰ ਸਿੰਘ, ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ

ਪੰਜਾਬ ਪ੍ਰੈੱਸ ਕਲੱਬ 'ਚ ਕੌਮੀ ਪ੍ਰੈੱਸ ਦਿਵਸ ਮੌਕੇ ਸੈਮੀਨਾਰ



ਜਲੰਧਰ (ਸ਼ੈਲੀ ਐਲਬਰਟ)-ਪੰਜਾਬ ਪ੍ਰੈੱਸ ਕਲੱਬ 'ਚ ਕੌਮੀ ਪ੍ਰੈੱਸ ਦਿਵਸ ਮੌਕੇ ਪ੍ਰਭਾਵਸ਼ਾਲੀ ਸੈਮੀਨਾਰ ਦੌਰਾਨ ਪੱਤਰਕਾਰਤਾ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਅਤੇ ਚੁਣੌਤੀਆਂ ਦੇ ਕੀਤੇ ਜਾ ਰਹੇ ਸਾਹਮਣੇ ਪ੍ਰਤੀ ਵਿਚਾਰ ਚਰਚਾ ਕੀਤੀ ਗਈ। ਇਸ ਸੈਮੀਨਾਰ ਦੌਰਾਨ ਪੱਤਰਕਾਰੀ ਨੂੰ ਸਮਰਪਤ ਨਾਮਵਰ ਪੱਤਰਕਾਰਾਂ ਐਚ. ਐਸ. ਬਾਵਾ (ਯੈੱਸ ਪੰਜਾਬ), ਕੁਲਦੀਪ ਸਿੰਘ ਬੇਦੀ (ਜਗਬਾਣੀ), ਗੁਰਮੀਤ ਸਿੰਘ (ਨਵਾਂ ਜ਼ਮਾਨਾ), ਸੁਖਵਿੰਦਰ ਸੁੱਖੀ (ਅਕਾਸ਼ਵਾਣੀ), ਤੀਰਥ ਸਿੰਘ ਢਿੱਲੋਂ (ਦੂਰਦਰਸ਼ਨ), ਕੁਲਬਿੰਦਰ ਕੌਰ (ਅਜੀਤ) ਤੇ ਦਵਿੰਦਰ ਸਿੰਘ ਭੰਗੂ (ਪੰਜਾਬੀ ਟ੍ਰਿਬਿਊਨ) ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਸਮਾਗਮ ਦੀ ਵਿਸ਼ੇਸ਼ਤਾ ਇਹ ਰਹੀ ਕਿ ਜਿੱਥੇ ਇਸ 'ਚ ਸੀਨੀਅਰ ਪੱਤਰਕਾਰਾਂ ਨੇ ਭਾਗ ਲਿਆ, ਉੱਥੇ ਡੀ ਏ ਵੀ ਯੂਨੀਵਰਸਿਟੀ ਦੇ ਪੱਤਰਕਾਰੀ ਵਿਭਾਗ ਦੇ ਵਿਦਿਆਰਥੀਆਂ ਨੇ ਵੀ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਮਾਹਿਰਾਂ ਦੇ ਨਾਲ ਸਵਾਲ-ਜਵਾਬ ਕਰਕੇ ਆਪਣੇ ਗਿਆਨ 'ਚ ਵਾਧਾ ਕੀਤਾ। ਪੰਜਾਬ ਪ੍ਰੈੱਸ ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਕਰਵਾਏ ਗਏ ਇਸ ਸਮਾਗਮ ਦੇ ਮੁੱਖ ਬੁਲਾਰੇ 'ਅਜੀਤ' ਦੇ ਕਾਰਜਕਾਰੀ ਸੰਪਾਦਕ ਸਤਨਾਮ ਸਿੰਘ ਮਾਣਕ ਨੇ ਆਪਣੇ ਸੰਬੋਧਨ 'ਚ ਜਿੱਥੇ ਪੱਤਰਕਾਰਤਾ ਦੇ ਇਤਿਹਾਸ ਬਾਰੇ ਵਿਸਥਾਰ ਨਾਲ ਦੱਸਿਆ, ਉੱਥੇ ਉਨ੍ਹਾਂ ਸਮੇਂ-ਸਮੇਂ 'ਤੇ ਪੱਤਰਕਾਰੀ ਨੂੰ ਜਿਨ੍ਹਾਂ ਚੁਣੌਤੀਆਂ ਨਾਲ ਜੂਝਣਾ ਪਿਆ, ਉਨ੍ਹਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਮਾਣਕ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਐਮਰਜੈਂਸੀ ਤੱਕ ਹੀ ਪ੍ਰੈੱਸ ਆਜ਼ਾਦਾਨਾ ਤੇ ਦਬਾਅ ਰਹਿਤ ਭੂਮਿਕਾ ਨਿਭਾਅ ਸਕੀ ਹੈ। ਐਮਰਜੈਂਸੀ ਦੌਰਾਨ ਮੀਡੀਆ ਨੂੰ ਆਪਣੇ ਅਨੁਸਾਰ ਚਲਾਉਣ, ਪੱਤਰਕਾਰਾਂ ਨੂੰ ਜੇਲ੍ਹਾਂ 'ਚ ਸੁੱਟਣ ਅਤੇ ਸੂਚਨਾਵਾਂ ਨੂੰ ਸੈਂਸਰ ਕਰਨ ਦੀ ਸ਼ੁਰੂ ਹੋਈ ਪ੍ਰਕਿਰਿਆ ਅੱਜ ਤੱਕ ਵੱਖ-ਵੱਖ ਢੰਗਾਂ ਨਾਲ ਲਾਗੂ ਹੋ ਰਹੀ ਹੈ।ਮਾਣਕ ਨੇ ਕਿਹਾ ਕਿ ਪੱਤਰਕਾਰਤਾ ਹਮੇਸ਼ਾਂ ਚੁਣੌਤੀ ਪੂਰਨ ਕਿੱਤਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਮਸਲਿਆਂ ਨੂੰ ਉਜਾਗਰ ਕਰਦੇ ਰਹਿਣਾ ਅਤੇ ਸਮਾਜ ਨੂੰ ਸੇਧ ਦੇਣਾ ਪੱਤਰਕਾਰ ਦੀ ਜ਼ਿੰਮੇਵਾਰੀ ਹੈ। ਪੰਜਾਬੀ ਜਾਗਰਣ ਦੇ ਸੰਪਾਦਕ ਇੰਦਰਪ੍ਰੀਤ ਸਿੰਘ ਨੇ ਕਿਹਾ ਕਿ ਬੇਸ਼ੱਕ ਅੱਜ ਇਲੈਕਟ੍ਰੋਨਿਕ ਮੀਡੀਆ ਦਾ ਦੌਰ ਆ ਗਿਆ ਹੈ, ਇਸ ਦੇ ਬਾਵਜੂਦ ਪ੍ਰਿੰਟ ਮੀਡੀਆ ਅੱਜ ਵੀ ਇਕ ਦਸਤਾਵੇਜ਼ ਹੈ, ਜਿਸ ਦੁਆਰਾ ਪ੍ਰਕਾਸ਼ਿਤ ਕੀਤੀ ਗਈ ਖ਼ਬਰ ਨੂੰ ਸਹੀ ਅਤੇ ਪ੍ਰਮਾਣਿਤ ਸਮਝਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਿੰਟ ਮੀਡੀਆ ਨਾਲ ਜੁੜੇ ਪੱਤਰਕਾਰ ਦੀ ਇਕ ਜਵਾਬਦੇਹੀ ਹੁੰਦੀ ਹੈ। ਇਸ ਲਈ ਲੋਕਾਂ 'ਚ ਆਪਣਾ ਵਿਸ਼ਵਾਸ਼ ਬਣਾਈ ਰੱਖਣਾ ਜ਼ਰੂਰੀ ਹੈ, ਜੋ ਕਿ ਇਕ ਵੱਡੀ ਚੁਣੌਤੀ ਹੈ। ਇੰਦਰਪ੍ਰੀਤ ਸਿੰਘ ਨੇ ਕਿਹਾ ਕਿ ਜੇਕਰ ਪੱਤਰਕਾਰ ਦਾ ਵਿਸ਼ਵਾਸ਼ ਖ਼ਤਮ ਹੋ ਜਾਵੇ, ਤਾਂ ਉਸ ਦੀ ਪੱਤਰਕਾਰੀ ਵੀ ਖ਼ਤਮ ਹੋ ਜਾਂਦੀ ਹੈ।ਜਸਪ੍ਰੀਤ ਸਿੰਘ ਸੈਣੀ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਪੱਤਰਕਾਰਤਾ ਲਈ ਸਮਾਂ, ਸਮਾਜ ਤੇ ਸਿੱਖਿਆ ਬਹੁਤ ਮਹੱਤਤਾ ਰੱਖਦੇ ਹਨ। ਇਸ ਲਈ ਪੱਤਰਕਾਰ ਵਲੋਂ ਸਮੇਂ 'ਤੇ ਜਾਣਕਾਰੀ ਇਕੱਠੀ ਕਰਨੀ ਅਤੇ ਸਮੇਂ ਅੰਦਰ ਹੀ ਪ੍ਰਕਾਸ਼ਿਤ ਕਰਨ ਲਈ ਭੇਜਣੀ ਜਿੱਥੇ ਬਹੁਤ ਜ਼ਰੂਰੀ ਹੈ, ਉੱਥੇ ਭੇਜੀ ਗਈ ਜਾਣਕਾਰੀ 'ਚ ਸਮਾਜ ਨੂੰ ਜਾਗਰੂਕ ਕਰਨ ਲਈ ਸੁਨੇਹਾ ਹੋਣਾ ਵੀ ਉਨਾ ਹੀ ਜ਼ਰੂਰੀ ਹੈ। ਸੈਣੀ ਨੇ ਕਿਹਾ ਕਿ ਇਸ ਸਭ ਲਈ ਪੱਤਰਕਾਰ ਨੂੰ ਸਿੱਖਿਅਤ ਹੋਣਾ ਵੀ ਬਹੁਤ ਜ਼ਰੂਰੀ ਹੈ, ਤਾਂ ਜੋ ਉਹ ਲੋਕਾਂ ਤੱਕ ਪਹੁੰਚਾਈ ਗਈ ਜਾਣਕਾਰੀ ਸਟੀਕ ਹੋਵੇ। ਉਸਦੇ ਸ਼ਬਦਾਂ ਦੀ ਚੋਣ ਸਹੀ ਹੋਵੇ, ਜੋ ਸਮਾਜ ਨੂੰ ਚੰਗਾ ਸੁਨੇਹਾ ਦੇਵੇ।ਆਪਣੀ ਵੈੱਬ ਸਾਈਟ ਚਲਾ ਰਹੇ ਤਜਰਬੇਕਾਰ ਪੱਤਰਕਾਰ ਐੱਚ ਐੱਸ ਬਾਵਾ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਸਹੀ ਪੱਤਰਕਾਰ ਨੂੰ ਹਮੇਸ਼ਾ ਚਿੰਤਾ ਹੁੰਦੀ ਹੈ ਕਿ ਉਸ ਦੀ ਚਾਦਰ ਹਮੇਸ਼ਾ ਬੇਦਾਗ਼ ਰਹੇ।ਉਨ੍ਹਾਂ ਕਿਹਾ ਕਿ ਪੱਤਰਕਾਰ ਨਿੱਤ ਨਵੀਂ ਮੁਹਿੰਮ 'ਤੇ ਹੁੰਦਾ ਹੈ, ਇਸ ਲਈ ਉਸ ਨੂੰ ਰੋਜ਼ਾਨਾ ਨਵੀਆਂ ਚੁਣੌਤੀਆਂ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ। ਬਾਵਾ ਨੇ ਇਸ ਮੌਕੇ ਪੰਜਾਬ ਪ੍ਰੈੱਸ ਕਲੱਬ ਦੇ ਬਾਨੀ ਆਰ ਐੱਨ ਸਿੰਘ ਨੂੰ ਵੀ ਆਪਣੇ ਸ਼ਬਦਾਂ 'ਚ ਸ਼ਰਧਾਂਜਲੀ ਦਿੱਤੀ।

ਸਾਬਕਾ ਸੀਨੀਅਰ ਸੰਪਾਦਕ ਕੁਲਦੀਪ ਸਿੰਘ ਬੇਦੀ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਜਿਨੀ ਮਰਜ਼ੀ ਸਮਝ ਜਾਂ ਸੂਝ ਰੱਖਣ ਦੇ ਬਾਵਜੂਦ ਪੱਤਰਕਾਰ ਨੂੰ ਆਪਣੇ ਅਦਾਰੇ ਦੇ ਅਨੁਸਾਰ ਕੰਮ ਕਰਨਾ ਪੈਂਦਾ ਹੈ। ਉਨ੍ਹਾਂ ਵੀ ਪੱਤਰਕਾਰੀ ਨੂੰ ਆ ਰਹੀਆਂ ਚੁਣੌਤੀਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਗੁਰਮੀਤ ਸਿੰਘ (ਦੇਸ਼ ਭਗਤ ਯਾਦਗਰ ਹਾਲ ਅਤੇ ਨਵਾਂ ਜ਼ਮਾਨਾ) ਨੇ ਕਿਹਾ ਕਿ ਪੱਤਰਕਾਰ ਸਮਾਜ ਦਾ ਸ਼ੀਸ਼ਾ ਹੁੰਦੇ ਹਨ, ਜੋ ਸਮਾਜ ਨੂੰ ਉਸ ਦਾ ਅਸਲੀ ਚਿਹਰਾ ਦਿਖਾਉਂਦੇ ਹਨ। ਉਨ੍ਹਾਂ ਕਿਹਾ ਕਿ ਪੱਤਰਕਾਰ ਅਜਿਹੇ ਡਾਕਟਰ ਹਨ ਜੋ ਬਿਨਾ ਫੀਸ ਲਏ ਸਮਾਜ ਦਾ ਇਲਾਜ ਕਰਦੇ ਹਨ। ਉਨ੍ਹਾਂ ਕਿਹਾ ਕਿ ਕੰਮ ਕਰਦੇ ਆਪਣੀਆਂ ਨਿੱਜੀ ਚੁਣੌਤੀਆਂ ਨੂੰ ਇਕ ਤਰਫ਼ ਰੱਖ ਕੇ ਮਿਸ਼ਨਰੀ ਪੱਤਰਕਾਰ ਬਣਨਾ ਚਾਹੀਦਾ ਹੈ।

ਇਸ ਮੌਕੇ ਸੁਖਵਿੰਦਰ ਸੁੱਖੀ, ਤੀਰਥ ਸਿੰਘ ਢਿੱਲੋਂ, ਕੁਲਵਿੰਦਰ ਕੌਰ ਅਤੇ ਪ੍ਰੋਫੈਸਰ ਨਿਧੀ ਸ਼ਰਮਾ ਨੇ ਵੀ ਸੰਬੋਧਨ ਕੀਤਾ। ਸਮਾਗਮ ਦੀ ਸ਼ੁਰੂਆਤ ਕਵਰੇਜ ਦੌਰਾਨ ਜਾਨਾਂ ਗਵਾ ਚੁੱਕੇ ਪੱਤਰਕਾਰਾਂ ਨੂੰ ਸ਼ਰਧਾਂਜਲੀ ਨਾਲ ਹੋਈ। ਸਟੇਜ ਸਕੱਤਰ ਦੀ ਭੂਮਿਕਾ ਪਰਮਜੀਤ ਸਿੰਘ ਰੰਗਪੁਰੀ ਨੇ ਬਾਖੂਬੀ ਨਿਭਾਈ। ਇਸ ਮੌਕੇ ਪ੍ਰੈੱਸ ਕਲੱਬ ਦੇ ਜਨਰਲ ਸਕੱਤਰ ਪੁਨੀਤ ਸਹਿਗਲ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਥਾਪਾ, ਉਪ ਪ੍ਰਧਾਨ ਤਜਿੰਦਰ ਕੌਰ ਥਿੰਦ, ਸੰਯੁਕਤ ਸਕੱਤਰ ਸੁਕਰਾਂਤ ਸਫ਼ਰੀ, ਜਨਰਲ ਮੈਨੇਜਰ ਜਤਿੰਦਰਪਾਲ ਸਿੰਘ ਅਤੇ ਹੋਰ ਹਾਜ਼ਰ ਸਨ।

ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਮੰਗਾਂ ਸੰਬੰਧੀ ਹਲਕਾ ਇੰਚਾਰਜ ਨੂੰ ਮੰਗ ਪੱਤਰ



ਝਬਾਲ (ਹਰਜਿੰਦਰ ਸਿੰਘ ਸੋਨੀ)-ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਤਰਨ ਤਾਰਨ ਵੱਲੋਂ ਸਭਰਾਂ ਪਿੰਡ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਆਮਦ ਨੂੰ ਮੁੱਖ ਰੱਖਦਿਆਂ ਹਲਕਾ ਇੰਚਾਰਜ ਜਸਕੰਵਲ ਸਿੰਘ ਪੱਟੀ (ਜੱਸਾ ਪੱਟੀ) ਨੂੰ ਸੇਵਾ ਕੇਂਦਰ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਸੰਬੰਧੀ ਮੰਗ ਪੱਤਰ ਦਿੱਤਾ ਗਿਆ ਅਤੇ ਸੇਵਾ ਕੇਂਦਰ ਮੁਲਾਜ਼ਮ ਕਰਮਚਾਰੀਆਂ ਦੀਆਂ ਮੰਗਾਂ ਬਾਰੇ ਜਾਣੂ ਕਰਾਇਆ ਗਿਆ।ਜ਼ਿਲ੍ਹਾ ਸਰਪ੍ਰਸਤ ਕਰਨਬੀਰ ਸਿੰਘ ਨੇ ਉਹਨਾਂ ਨੂੰ ਯੂਨੀਅਨ ਦੀਆਂ ਮੁਸ਼ਕਲਾਂ ਸੰਬੰਧੀ ਜਾਣੂ ਕਰਾਇਆ ਤੇ ਦੱਸਿਆ ਕਿ ਅਸੀਂ ਲਗਭਗ ਸਾਰੇ ਪੰਜਾਬ ਵਿੱਚ 2600 ਮੁਲਾਜ਼ਮ ਹਾਂ, ਜੋ ਪਿਛਲੇ ਦਸਾਂ ਸਾਲਾਂ ਤੋਂ ਬਹੁਤ ਘੱਟ ਤਨਖਾਹਾਂ 'ਤੇ ਕੰਮ ਕਰ ਰਹੇ ਹਾਂ। ਅੱਜਕੱਲ੍ਹ ਦੇ ਸਮੇਂ ਵਿੱਚ ਇੰਨੀ ਘੱਟ ਤਨਖਾਹ 'ਤੇ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੈ। ਯੂਨੀਅਨ ਦੇ ਮੈਂਬਰ ਗੁਰਸ਼ਰਨ ਸਿੰਘ ਨੇ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਕੰਪਨੀ ਸੇਵਾ ਕੇਂਦਰ ਮੁਲਾਜ਼ਮਾਂ ਦਾ ਬਹੁਤ ਸ਼ੋਸ਼ਣ ਕਰ ਰਹੀ ਹੈ ਤੇ ਬਿਨਾਂ ਮਤਲਬ ਦੀਆਂ ਕਟੌਤੀਆਂ ਅਤੇ ਜੁਰਮਾਨਾ ਪਾ ਰਹੀ ਹੈ। ਜਿਸ ਕਰਕੇ ਸੂਬਾ ਭਰ ਦੇ ਸੇਵਾ ਕੇਂਦਰ ਮੁਲਾਜ਼ਮ ਕੰਪਨੀ ਤੋਂ ਬਹੁਤ ਤੰਗ ਅਤੇ ਪਰੇਸ਼ਾਨ ਹਨ। ਉਹਨਾਂ ਦੀ ਮੰਗ ਹੈ ਕਿ ਜਲਦ ਤੋਂ ਜਲਦ ਸਾਡੀ ਮੀਟਿੰਗ ਮੁੱਖ ਮੰਤਰੀ ਮਾਨ ਨਾਲ ਕਰਾਈ ਜਾਵੇ ਤਾਂ ਜੋ ਉਹ ਆਪਣੀਆਂ ਮੰਗਾਂ ਤੇ ਸਮੱਸਿਆਵਾਂ ਦੱਸ ਸਕਣ।

ਸਾਰੀਆਂ ਮੰਗਾਂ ਸੁਣਨ ਤੋਂ ਬਾਅਦ ਹਲਕਾ ਇੰਚਾਰਜ ਜਸਕੰਵਲ ਸਿੰਘ ਪੱਟੀ (ਜੱਸਾ ਪੱਟੀ) ਨੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਵਾਇਆ ਕਿ ਉਹ ਅੱਜ ਹੀ ਮੁੱਖ ਮੰਤਰੀ ਨਾਲ ਤੁਹਾਡੀਆਂ ਮੰਗਾਂ ਬਾਰੇ ਗੱਲ ਕਰਨਗੇ ਅਤੇ ਜੋ ਜਾਇਜ਼ ਮੰਗਾਂ ਹਨ, ਉਹਨਾਂ ਦਾ ਹੱਲ ਕਰਾਉਣਗੇ। ਇਸ ਸਮੇਂ ਜਗਜੀਤ ਸਿੰਘ, ਨਰੈਣ ਸਿੰਘ ਆਦਿ ਹਾਜ਼ਰ ਸਨ।

ਦੀਵਾਲੀ ਉਤਸਵ ਸਮਾਗਮ ਕਰਵਾਇਆ



ਬਟਾਲਾ (ਡਾ. ਮਲਵਿੰਦਰ ਸਿੰਘ)-ਮੋਥੇਡਿਸਟ ਕੋ ਐਜੂਕੇਸ਼ਨ ਸੀਨੀਅਰ ਸੈਕੈਂਡਰੀ ਸਕੂਲ ਬਟਾਲਾ ਵਿਖੇ ਦੀਵਾਲੀ ਉਤਸਵ ਬੜੀ ਹੀ ਸ਼ਰਧਾ ਅਤੇ ਧੂਮ ਧਾਮ ਨਾਲ ਮਨਾਇਆ ਗਿਆ। ਸਕੂਲ ਦੀ ਮੈਨੇਜਰ ਮੈਡਮ ਨਿਰਮੋਲਿਨੀ ਸਿੰਘ ਨੇ ਸਮਾਗਮ ਦਾ ਉਦਘਾਟਨ ਕੀਤਾ।ਇਸ ਸੰਬੰਧ ਵਿੱਚ ਵਿਦਿਆਰਥੀਆਂ ਵੱਲੋਂ ਚਾਰਟ ਬਣਾਉਣਾ, ਦੀਵਾ ਸਜਾਵਟ ਅਤੇ ਦਿਵਾਲੀ ਲੇਖ ਲਿਖਣ ਦੇ ਮੁਕਾਬਲੇ ਵੀ ਕਰਵਾਏ ਗਏ।ਇਸ ਉਤਸਵ ਵਿੱਚ ਵਿਦਿਆਰਥੀਆਂ ਨੇ ਗਰੀਨ ਦਿਵਾਲੀ, ਕਲੀਨ ਦਿਵਾਲੀ ਦਾ ਸੰਦੇਸ਼ ਦਿੱਤਾ।ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਮੁਸਤਾਕ ਮਸੀਹ ਨੇ ਵਿਦਿਆਰਥੀਆਂ ਨੂੰ ਸੁਰੱਖਿਆ ਅਤੇ ਪ੍ਰਦੂਸ਼ਣ ਰਹਿਤ ਦਿਵਾਲੀ ਮਨਾਉਣ ਦਾ ਸੰਦੇਸ਼ ਦਿੱਤਾ ਜਿਸ ਵਿੱਚ ਉਹਨਾਂ ਨੇ ਆਪਣੇ ਘਰਾਂ ਨੂੰ ਦੀਪਮਾਲਾ ਕਰਕੇ ਸਜਾਉਣ ਲਈ ਕਿਹਾ ।ਸਕੂਲ ਦੀ ਮੈਨੇਜਰ ਮੈਡਮ ਨਿਰਮੋਲਿਨੀ ਸਿੰਘ ਨੇ ਵਿਦਿਆਰਥੀਆਂ ਦੀ ਇਸ ਪ੍ਰਤੀਯੋਗਤਾ ਦੀ ਸ਼ਲਾਘਾ ਕਰਦੇ ਹੋਏ, ਉਹਨਾਂ ਦੇ ਹੁਨਰ ਨੂੰ ਸਲਾਇਆ । ਇਸ ਸਮੇਂ ਸਕੂਲ ਸਟਾਫ ਅਤੇ ਸੰਪੂਰਨ ਵਿਦਿਆਰਥੀ ਹਾਜ਼ਰ ਸਨ ।

ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਦਲਿਤ ਤੇ ਮਨਰੇਗਾ ਔਰਤ ਵਰਕਰਾਂ ਦੀ ਕਨਵੈਨਸ਼ਨ



ਝਬਾਲ:(ਹਰਜਿੰਦਰ ਸਿੰਘ ਸੋਨੀ) ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਅੰਮ੍ਰਿਤਸਰ ਵਲੋਂ ਪਿੰਡ ਕਲੇਰ ਵਿਖੇ ਦਲਿਤ ਔਰਤਾਂ ਤੇ ਮਨਰੇਗਾ ਵਰਕਰਾਂ ਕਨਵੈਨਸ਼ਨ ਕਰਮਜੀਤ ਕੌਰ ਕਲੇਰ ਦੀ ਪ੍ਰਧਾਨਗੀ ਹੇਠ ਕੀਤੀ ਗਈ। ਕਨਵੈਨਸ਼ਨ ਨੂੰ ਜੱਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਤਲਵੰਡੀ ਅਤੇ ਜੱਥੇਬੰਦੀ ਦੇ ਜ਼ਿਲ੍ਹਾ ਜਰਨਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਸੰਬੋਧਨ ਕੀਤਾ।ਸਾਥੀ ਝਬਾਲ ਨੇ ਦਲਿਤ ਔਰਤਾਂ ਤੇ ਮੰਨਰੇਗਾ ਵਰਕਰਾਂ ਦੀਆਂ ਮੁਸ਼ਕਿਲਾਂ ਅਤੇ ਮਸਲਿਆਂ ਤੇ ਵਿਸਥਾਰ ਸਹਿਤ ਚਰਚਾ ਕੀਤੀ। ਸਾਥੀ ਝਬਾਲ ਨੇ ਭੱਖਦੇ ਮਸਲਿਆਂ ਮੰਨਰੇਗਾ ਵਰਕਰਾਂ ਨੂੰ 200 ਦਿਨ ਕੰਮ ਦੇਣਾ ਅਤੇ ਕੀਤੇ ਕੰਮ ਦਾ ਮੁਆਵਜ਼ਾ ਸਮੇਂ ਸਿਰ ਲੈਣ ਲਈ ਜਥੇਬੰਧਕ ਸੰਘਰਸ਼ ਨੂੰ ਤੇਜ਼ ਕਰਨ ਲਈ ਵਰਕਰਾਂ ਨੂੰ ਜੱਥੇਬੰਦੀ ਵਿੱਚ ਸ਼ਾਮਿਲ ਹੋ ਕੇ ਘੋਲ ਕਰਨ ਦਾ ਸੱਦਾ ਦਿੱਤਾ। ਮੰਨਰੇਗਾ ਵਰਕਰਾਂ ਅਤੇ ਦਲਿਤ ਔਰਤਾਂ ਦੀਆਂ ਮੁਸ਼ਕਿਲਾਂ ਸੰਬੰਧੀ ਇੱਕ ਮਤਾ ਸਾਥੀ ਲਖਵਿੰਦਰ ਸਿੰਘ ਕਲੇਰ ਨੇ ਪੇਸ਼ ਕੀਤਾ ਜਿਸ ਤੇ ਵਰਕਰਾਂ ਵਲੋਂ ਵਿਚਾਰ ਚਰਚਾ ਕਰਕੇ ਸਰਬ ਸੰਮਤੀ ਨਾਲ ਪਾਸ ਕੀਤਾ ਗਿਆ। ਕਨਵੈਨਸ਼ਨ ਵਿੱਚ ਤਹਿਸੀਲ ਪ੍ਰਧਾਨ ਸੁਖਦੇਵ ਸਿੰਘ ਬਗੀਕੀ, ਸੂਬਾ ਕਮੇਟੀ ਮੈਂਬਰ ਸਤਨਾਮ ਸਿੰਘ ਕਲੇਰ, ਤਰਸੇਮ ਸਿੰਘ ਟੱਪਿਆਲਾ, ਰੇਸ਼ਮ ਸਿੰਘ ਖਿਆਲਾ, ਮਨਦੀਪ ਕੌਰ ਖਿਆਲਾ ਅਤੇ ਹੋਰ ਬਹੁਤ ਸਾਰੇ ਵਰਕਰਾਂ ਨੇ ਵਿਚਾਰ ਚਰਚਾ ਵਿੱਚ ਹਿਸਾ ਲਿਆ। ਮੀਟਿੰਗ ਨੂੰ ਸੀਟੂ ਆਗੂ ਸੁੱਚਾ ਸਿੰਘ ਅਜਨਾਲਾ ਨੇ ਵੀ ਸੰਬੋਧਨ ਕੀਤਾ। ਅੰਤ ਵਿੱਚ ਜੱਥੇਬੰਦੀ ਦੇ ਇਕਾਈ ਪ੍ਰਧਾਨ ਨਿਸ਼ਾਨ ਸਿੰਘ ਕਲੇਰ ਨੇ ਵੱਖ ਵੱਖ ਪਿੰਡਾਂ ਤੋਂ ਆਏ ਵਰਕਰਾਂ ਦਾ ਧੰਨਵਾਦ ਕੀਤਾ ਅਤੇ ਜੱਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ।

ਸ੍ਰੀ ਸਾਈ ਐਜੂਕੇਸ਼ਨਲ ਸੁਸਾਇਟੀ ਡੇਰਾ ਬਾਬਾ ਨਾਨਕ ਵੱਲੋਂ ਮੁਫ਼ਤ ਕੋਰਸ ਸ਼ੁਰੂ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਪੰਜਾਬ ਸਰਕਾਰ ਵੱਲੋਂ ਘਰ-ਘਰ ਰੋਜ਼ਗਾਰ ਦੇਣ ਦੇ ਉਪਰਾਲੇ ਤਹਿਤ ਪੰਜਾਬ ਦੇ ਨੌਜਵਾਨਾਂ ਨੂੰ ਹੁਨਰਮੰਦ ਬਣਾ ਕੇ ਰੋਜ਼ਗਾਰ ਦੇਣ ਲਈ ਪੰਜਾਬ ਹੁਨਰ ਵਿਕਾਸ ਯੋਜਨਾ ਚਲਾਈ ਜਾ ਰਹੀ ਹੈ। ਇਸ ਯੋਜਨਾ ਅਧੀਨ ਗੁਰਦਾਸਪੁਰ ਜ਼ਿਲ੍ਹੇ ਦੇ ਡੇਰਾ ਬਾਬਾ ਨਾਨਕ ਵਿਖੇ ਸ੍ਰੀ ਸਾਈ ਐਜੂਕੇਸ਼ਨਲ ਸੁਸਾਇਟੀ ਵੱਲੋਂ ਹੇਠ ਲਿਖੇ ਤਿੰਨ ਕੋਰਸ ਕਰਵਾਏ ਜਾਣਗੇ।ਇਸ ਸਬੰਧੀ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਸਾਈ ਐਜੂਕੇਸ਼ਨਲ ਸੁਸਾਇਟੀ ਡੇਰਾ ਬਾਬਾ ਨਾਨਕ ਦੇ ਪ੍ਰਧਾਨ ਸ਼ਾਮ ਅਵਸਥੀ ਨੇ ਦੱਸਿਆ ਕਿ ਸੰਸਥਾ ਵਿੱਚ ਹੋਮ ਹੈਲਥ ਏਡ 60 ਸੀਟਾਂ,ਜਨਰਲ ਡਿਊਟੀ ਅਸਿਸਟੈਂਟ (ਨਰਸਿੰਗ) ਲਈ 30 ਸੀਟਾਂ, ਕੰਪਿਊਟਰ ਟੈਕਨੀਸ਼ੀਅਨ ਲਈ 60 ਸੀਟਾਂ ਹਨ।ਉਨ੍ਹਾਂ ਅੱਗੇ ਕਿਹਾ ਕਿ ਸੰਸਥਾ ਵੱਲੋਂ ਕੋਰਸ ਦੌਰਾਨ ਸਿਖਿਆਰਥੀਆਂ ਨੂੰ ਮੁਫ਼ਤ ਸਿਖਲਾਈ, ਕਿਤਾਬਾਂ ਅਤੇ ਪ੍ਰੈਕਟੀਕਲ ਟ੍ਰੇਨਿੰਗ ਦਿੱਤੀ ਵੀ ਜਾਵੇਗੀ,ਕੋਰਸ ਸਫਲਤਾਪੂਰਵਕ ਪੂਰਾ ਕਰਨ ਵਾਲੇ ਯੋਗ ਸਿਖਿਆਰਥੀਆਂ ਨੂੰ 3,000/- ਰੁਪਏ ਕਿਰਾਇਆ ਭੱਤਾ ਦਿੱਤਾ ਵੀ ਜਾਵੇਗਾ। ਰੋਜ਼ਗਾਰ 'ਤੇ ਲੱਗਣ ਉਪਰੰਤ 1,500/- ਰੁਪਏ ਪ੍ਰਤੀ ਮਹੀਨਾ ਤਨਖ਼ਾਹ ਤੋਂ ਇਲਾਵਾ ਤਿੰਨ

ਗੁਰਪੁਰਬ ਅਤੇ ਦੀਵਾਲੀ ਨੂੰ ਸਮਰਪਤ ਮਨੋਜ ਲਾਡੀ ਵੱਲੋਂ ਨਵਾਂਸ਼ਹਿਰ ਵਿਸ਼ੇਸ਼ ਸਪਲੀਮੈਂਟ


ਮਨੋਜ ਲਾਡੀ ਪੱਤਰਕਾਰ


ਚਰਨਜੀਤ ਸਿੰਘ ਪ੍ਰੈਸ ਫੋਟੋਗ੍ਰਾਫਰ


ਸੁਰਿੰਦਰ ਕੁਮਾਰ ਪ੍ਰੈਸ ਫੋਟੋਗ੍ਰਾਫਰ



M/s PIARE LAL & SONS
(GENERAL MERCHANTS)
Deals in :
Cosmetics, Artificial Jewellery,
Toy's, Crockery & Gift Items
Juliet Under Garments
Ladies Night Suits
Nighties
Short Nighties
Revlon Cosmetics
Color Bar Cosmetics
(Only Stockist in Nawanshahr)
Geeta Bhawan Road, NAWANSHAHR
Mob. 98154-47008, Tel. 01823-223474



